ਸ਼ਨੀਵਾਰ, 7 ਮਾਰਚ, 2026
24 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 275

# ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA • SATURDAY, 7 MARCH, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਪੰਜਾਬ ਅਸੰਬਲੀ ਦਾ ਬਜਟ ਅਜਲਾਸ ਸ਼ੁਰੂ

## ਔਰਤਾਂ ਨੂੰ 1000 ਰੁਪਏ ਦੇਣ 'ਤੇ ਲੱਗੇਗੀ ਮੋਹਰ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠਲੀ 'ਆਪ' ਸਰਕਾਰ ਦੇ ਕਾਰਜਕਾਲ ਦਾ ਆਖ਼ਰੀ ਤੇ ਪੰਜਵਾਂ ਬਜਟ ਅਜਲਾਸ ਸ਼ੁੱਕਰਵਾਰ ਨੂੰ ਰਾਜਪਾਲ ਗੁਲਾਬ ਚੰਦ ਕਟਾਰੀਆ ਦੇ ਭਾਸ਼ਣ ਨਾਲ ਸ਼ੁਰੂ ਹੋਇਆ। ਬਜਟ ਅਜਲਾਸ 16 ਮਾਰਚ ਤੱਕ ਚੱਲੇਗਾ। ਐਤਕੀਂ ਬਜਟ 'ਚ ਕੋਈ ਨਵਾਂ ਟੈਕਸ ਲੱਗਣ ਦੀ ਸੰਭਾਵਨਾ ਨਹੀਂ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਹਿਲਾਂ ਹੀ ਕਹਿ ਚੁੱਕੇ ਹਨ ਕਿ ਬਜਟ ਵਿਚ ਕੋਈ ਟੈਕਸ ਨਹੀਂ ਲਾਇਆ ਜਾਵੇਗਾ। ਕੇਂਦਰੀ ਤਰਜ਼ 'ਤੇ ਪਹਿਲੀ ਵਾਰ ਬਜਟ ਪ੍ਰਸਤਾਵ ਐਤਵਾਰ ਵਾਲੇ ਦਿਨ ਪੇਸ਼ ਕੀਤੇ ਜਾਣਗੇ। ਸ਼ਾਇਦ ਇਹ ਪਹਿਲਾ ਮੌਕਾ ਹੋਵੇਗਾ ਜਦੋਂ ਬਜਟ ਕੌਮਾਂਤਰੀ ਮਹਿਲਾ ਦਿਵਸ ਮੌਕੇ ਪੇਸ਼ ਕੀਤਾ ਜਾ ਰਿਹਾ ਹੈ। ਬਜਟ ਅਜਲਾਸ 'ਚ ਆਗਾਮੀ ਵਿਧਾਨ ਸਭਾ ਚੋਣਾਂ ਦਾ ਪਰਛਾਵਾਂ ਸਪੱਸ਼ਟ ਨਜ਼ਰ ਆਵੇਗਾ। ਵਿਰੋਧੀ ਧਿਰ ਵੀ ਮੁੱਦਿਆਂ 'ਤੇ ਸਰਕਾਰ ਨੂੰ ਘੇਰਨ ਲਈ ਵਾਹ ਲਾਏਗੀ। ਸਰਕਾਰ ਆਪਣੇ ਆਖਰੀ ਬਜਟ 'ਚ 18 ਸਾਲ ਤੋਂ ਉਪਰ ਦੀਆਂ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਪੂਰਾ ਕਰੇਗੀ ਤਾਂ ਜੋ ਆਗਾਮੀ ਚੋਣਾਂ ਦੇ ਮੱਦੇਨਜ਼ਰ ਔਰਤਾਂ ਨੂੰ ਲੁਭਾਇਆ ਜਾ ਸਕੇ। ਚੇਤੇ ਰਹੇ ਕਿ ਸੂਬੇ 'ਚ ਕਰੀਬ 48 ਫ਼ੀਸਦੀ ਔਰਤਾਂ ਹਨ। ਬਜਟ ਇਜਲਾਸ ਅੱਜ ਭਾਰੀ ਹੰਗਾਮੇ ਨਾਲ ਸ਼ੁਰੂ ਹੋਇਆ। ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਆਪਣੇ ਸੰਬੋਧਨ ਰਾਹੀਂ ਭਗਵੰਤ ਮਾਨ ਸਰਕਾਰ ਦੇ ਇਸ ਕਾਰਜਕਾਲ ਦੇ ਆਖ਼ਰੀ ਪੂਰਨ ਬਜਟ ਅਜਲਾਸ ਦਾ ਆਗਾਜ਼ ਕੀਤਾ। ਜਿਵੇਂ ਹੀ ਰਾਜਪਾਲ ਨੇ ਭਾਸ਼ਣ ਸ਼ੁਰੂ ਕੀਤਾ, ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਦੀ ਅਗਵਾਈ ਹੇਠ ਕਾਂਗਰਸੀ ਵਿਧਾਇਕਾਂ ਨੇ ਸਦਨ ਵਿੱਚ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਕਰੀਬ 17 ਮਿੰਟਾਂ ਤੱਕ ਚੱਲੇ ਜ਼ਬਰਦਸਤ ਵਿਰੋਧ ਪ੍ਰਦਰਸ਼ਨ ਤੋਂ ਬਾਅਦ ਵਿਰੋਧੀ ਧਿਰ ਨੇ ਸਦਨ ਵਿੱਚੋਂ ਵਾਕਆਊਟ ਕਰ ਦਿੱਤਾ। ਹੰਗਾਮੇ ਦੇ ਬਾਵਜੂਦ ਰਾਜਪਾਲ ਨੇ ਆਪਣਾ ਕਰੀਬ ਦੋ ਘੰਟੇ ਲੰਬਾ ਭਾਸ਼ਣ ਜਾਰੀ ਰੱਖਿਆ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਸਿੱਖਿਆ ਖੇਤਰ ਵਿੱਚ 13,765 ਅਧਿਆਪਕਾਂ ਦੀ ਭਰਤੀ ਕੀਤੀ ਹੈ ਅਤੇ 223 ਪ੍ਰਿੰਸੀਪਲਾਂ ਨੂੰ ਕੌਮਾਂਤਰੀ ਪੱਧਰ ਦੀ ਸਿਖਲਾਈ ਲਈ ਸਿੰਗਾਪੁਰ ਭੇਜਿਆ ਹੈ। ਸਿਹਤ ਖੇਤਰ ਵਿੱਚ 'ਆਮ ਆਦਮੀ ਕਲੀਨਿਕ' ਅਤੇ 'ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਦੀ ਸਫ਼ਲਤਾ ਦਾ ਜ਼ਿਕਰ ਕਰਦਿਆਂ ਉਨ੍ਹਾ ਦੱਸਿਆ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਹੁਣ ਤੱਕ 10.63 ਲੱਖ ਮਰੀਜ਼ਾਂ ਦਾ ਇਲਾਜ ਅਤੇ • ਬਾਕੀ ਸਫਾ 2 'ਤੇ

# ਬਿਜਲੀ ਰੁਪੱਈਆ ਸਸਤੀ



**ਚੰਡੀਗੜ੍ਹ** : ਪੰਜਾਬ 'ਚ ਹੁਣ ਬਿਜਲੀ ਔਸਤਨ ਇੱਕ ਰੁਪਏ ਪ੍ਰਤੀ ਯੂਨਿਟ ਸਸਤੀ ਮਿਲੇਗੀ। ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ ਵੱਲੋਂ ਸ਼ੁੱਕਰਵਾਰ ਨੂੰ 2026-27 ਟੈਰਿਫ਼ ਆਰਡਰ ਐਲਾਨ ਦਿੱਤਾ ਹੈ। ਅਗਲੇ ਵਿੱਤੀ ਵਰ੍ਹੇ 'ਚ ਪਹਿਲੀ ਅਪਰੈਲ ਤੋਂ ਪੰਜਾਬ ਦੇ ਖਪਤਕਾਰਾਂ ਨੂੰ ਬਿਜਲੀ ਔਸਤਨ ਇੱਕ ਰੁਪਏ ਪ੍ਰਤੀ ਯੂਨਿਟ ਸਸਤੀ ਮਿਲੇਗੀ। ਪੰਜਾਬ 'ਚ ਘਰੇਲੂ ਖਪਤਕਾਰਾਂ ਨੂੰ ਦੋ ਕਿੱਲੋਵਾਟ ਤੱਕ 300 ਯੂਨਿਟ ਤੱਕ ਬਿਜਲੀ ਹੁਣ ਪ੍ਰਤੀ ਯੂਨਿਟ 1.55 ਰੁਪਏ ਸਸਤੀ ਮਿਲੇਗੀ, ਜਦੋਂ ਕਿ 300 ਯੂਨਿਟ ਤੋਂ ਉਪਰ ਬਿਜਲੀ ਪ੍ਰਤੀ ਯੂਨਿਟ 70 ਪੈਸੇ ਸਸਤੀ ਮਿਲੇਗੀ। ਇਸੇ ਤਰ੍ਹਾਂ ਦੋ ਕਿੱਲੋਵਾਟ ਤੋਂ ਸੱਤ ਕਿੱਲੋਵਾਟ ਤੱਕ ਦੇ ਘਰੇਲੂ ਖਪਤਕਾਰਾਂ ਨੂੰ 300 ਯੂਨਿਟ ਤੱਕ ਬਿਜਲੀ ਪ੍ਰਤੀ ਯੂਨਿਟ 1.47 ਰੁਪਏ ਸਸਤੀ ਕੀਤੀ ਗਈ ਹੈ, ਜਦੋਂ ਕਿ 300 ਯੂਨਿਟਾਂ ਤੋਂ ਉਪਰ ਬਿਜਲੀ 70 ਪੈਸੇ ਪ੍ਰਤੀ ਯੂਨਿਟ ਸਸਤੀ ਕੀਤੀ ਹੈ। ਪੰਜਾਬ ਸਰਕਾਰ ਵੱਲੋਂ ਘਰੇਲੂ ਖਪਤਕਾਰਾਂ ਨੂੰ ਪ੍ਰਤੀ ਮਹੀਨਾ 300 ਯੂਨਿਟ ਬਿਜਲੀ ਮੁਫ਼ਤ ਦਿੱਤੀ ਜਾ ਰਹੀ ਹੈ, ਜਿਸ ਕਰਕੇ ਨਵੇਂ ਟੈਰਿਫ਼ ਦਾ ਆਮ ਲੋਕਾਂ 'ਤੇ ਘੱਟ ਅਸਰ ਪਵੇਗਾ, ਜਦੋਂ ਕਿ ਪੰਜਾਬ ਸਰਕਾਰ ਦੇ ਖ਼ਜ਼ਾਨੇ ਨੂੰ ਜ਼ਰੂਰ ਰਾਹਤ ਮਿਲੇਗੀ ਕਿਉਂਕਿ ਰੇਟ 'ਚ ਕਟੌਤੀ ਹੋਣ ਨਾਲ ਸਬਸਿਡੀ ਦਾ ਭਾਰ ਘਟੇਗਾ। ਗ਼ੈਰ ਰਿਹਾਇਸ਼ੀ ਸਪਲਾਈ ਜਿਨ੍ਹਾਂ 'ਚ ਦੁਕਾਨਦਾਰ ਆਦਿ ਆਉਂਦੇ ਹਨ, ਲਈ ਬਿਜਲੀ ਲੋਡ ਦੇ ਹਿਸਾਬ ਨਾਲ ਪ੍ਰਤੀ ਯੂਨਿਟ 50 ਪੈਸੇ ਤੋਂ 79 ਪੈਸੇ ਘਟਾਈ ਗਈ ਹੈ। ਸਮਾਲ ਪਾਵਰ ਸਪਲਾਈ ਦੀ ਬਿਜਲੀ 'ਚ ਪ੍ਰਤੀ ਯੂਨਿਟ 12 ਪੈਸੇ, ਮੀਡੀਅਮ ਸਪਲਾਈ 'ਚ ਪ੍ਰਤੀ ਯੂਨਿਟ 42 ਪੈਸੇ ਅਤੇ ਲਾਰਜ ਸਪਲਾਈ 'ਚ ਬਿਜਲੀ ਪ੍ਰਤੀ ਯੂਨਿਟ 70 ਤੋਂ 74 ਪੈਸੇ ਪ੍ਰਤੀ ਯੂਨਿਟ ਤੱਕ ਕਟੌਤੀ ਕੀਤੀ ਗਈ ਹੈ। ਖੇਤੀ ਟਿਊਬਵੈੱਲਾਂ ਦੀ ਬਿਜਲੀ 'ਚ ਪ੍ਰਤੀ ਯੂਨਿਟ 1.32 ਰੁਪਏ ਦੀ ਕਮੀ ਕੀਤੀ ਗਈ ਹੈ।

## ਭਾਰਤ ਨੂੰ ਰੂਸ ਤੋਂ ਤੇਲ ਖਰੀਦਣ ਲਈ 30 ਦਿਨਾਂ ਦੀ ਦਿੱਤੀ ਛੋਟ

**ਨਿਊਯਾਰਕ** : ਈਰਾਨ ਨਾਲ ਜੰਗ ਦੇ ਮੱਦੇਨਜ਼ਰ ਅਮਰੀਕਾ ਨੇ ਭਾਰਤੀ ਰਿਫਾਇਨਰੀਆਂ ਨੂੰ ਰੂਸੀ ਤੇਲ ਖਰੀਦਣ ਲਈ 30 ਦਿਨਾਂ ਦੀ ਆਰਜ਼ੀ ਛੋਟ ਦੇਣ ਦਾ ਐਲਾਨ ਕੀਤਾ ਹੈ। ਅਮਰੀਕੀ ਖਜ਼ਾਨਾ ਮੰਤਰੀ ਸਕੌਟ ਬੇਸੈਂਟ ਨੇ ਵੀਰਵਾਰ ਨੂੰ ਦੱਸਿਆ ਕਿ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਊਰਜਾ ਏਜੰਡੇ ਕਾਰਨ ਤੇਲ ਉਤਪਾਦਨ ਰਿਕਾਰਡ ਪੱਧਰ 'ਤੇ ਹੈ, ਪਰ ਗਲੋਬਲ ਮਾਰਕੀਟ ਵਿੱਚ ਤੇਲ ਦੀ ਸਪਲਾਈ ਨੂੰ ਨਿਰੰਤਰ ਜਾਰੀ ਰੱਖਣ ਲਈ ਇਹ ਕਦਮ ਚੁੱਕਿਆ ਗਿਆ ਹੈ। ਬੇਸੈਂਟ ਨੇ ਸਪੱਸ਼ਟ ਕੀਤਾ ਕਿ ਇਹ ਇੱਕ ਸੋਚਿਆ-ਸਮਝਿਆ ਕਦਮ ਹੈ, ਜਿਸ ਨਾਲ ਰੂਸ ਨੂੰ ਕੋਈ ਵੱਡਾ ਵਿੱਤੀ ਫਾਇਦਾ ਨਹੀਂ ਹੋਵੇਗਾ ਕਿਉਂਕਿ ਇਹ ਸਿਰਫ਼ ਉਸ ਤੇਲ ਦੇ ਲੈਣ-ਦੇਣ ਲਈ ਹੈ, ਜੋ ਪਹਿਲਾਂ ਹੀ ਸਮੁੰਦਰੀ ਰਸਤੇ ਵਿੱਚ ਫਸਿਆ ਹੋਇਆ ਹੈ। ਅਮਰੀਕੀ ਪ੍ਰਸ਼ਾਸਨ ਨੇ ਭਾਰਤ ਨੂੰ ਇੱਕ ਮਹੱਤਵਪੂਰਨ ਸਾਂਝੇਦਾਰ ਦੱਸਦਿਆਂ ਉਮੀਦ ਜਤਾਈ ਹੈ ਕਿ ਨਵੀਂ ਦਿੱਲੀ ਆਉਣ ਵਾਲੇ ਸਮੇਂ ਵਿੱਚ ਅਮਰੀਕੀ ਤੇਲ ਦੀ ਖਰੀਦ ਵਿੱਚ ਵਾਧਾ ਕਰੇਗੀ।

# ਨੇਪਾਲ ਚੋਣਾਂ 'ਚ ਬਾਲੇਨ ਦੀ ਬੱਲੇ-ਬੱਲੇ



**ਕਠਮੰਡੂ** : ਨੇਪਾਲ ਦੀਆਂ ਆਮ ਚੋਣਾਂ ਦੀਆਂ ਵੋਟਾਂ ਦੀ ਗਿਣਤੀ ਦੇ ਰੁਝਾਨਾਂ ਮੁਤਾਬਕ 2022 ਵਿੱਚ ਬਣੀ ਰਾਸ਼ਟਰੀ ਸਵਤੰਤਰ ਪਾਰਟੀ ਕਾਫੀ ਅੱਗੇ ਚੱਲ ਰਹੀ ਸੀ। 165 ਵਿੱਚੋਂ 150 ਸੀਟਾਂ ਦੀ ਗਿਣਤੀ ਮੁਤਾਬਕ ਉਸ ਨੇ 4 ਸੀਟਾਂ ਜਿੱਤ ਲਈਆਂ ਸੀ ਤੇ 107 ਸੀਟਾਂ 'ਤੇ ਅੱਗੇ ਸੀ। ਗਗਨ ਥਾਪਾ ਦੀ ਨੇਪਾਲੀ ਕਾਂਗਰਸ ਨੇ ਇੱਕ ਸੀਟ ਜਿੱਤ ਲਈ ਸੀ ਤੇ 10 ਸੀਟਾਂ 'ਤੇ ਅੱਗੇ ਸੀ। ਸਾਬਕਾ ਪ੍ਰਧਾਨ ਮੰਤਰੀ ਕੇ ਪੀ ਸ਼ਰਮਾ ਓਲੀ ਦੀ ਕਮਿਊਨਿਸਟ ਪਾਰਟੀ ਆਫ ਨੇਪਾਲ 11 ਸੀਟਾਂ 'ਤੇ ਅੱਗੇ ਸੀ। ਕੇ ਪੀ ਖੁਦ ਝਾਪਾ-5 ਸੀਟ 'ਤੇ ਮਸ਼ਹੂਰ ਰੈਪਰ ਤੇ ਕਠਮੰਡੂ ਦੇ ਮੇਅਰ ਰਹੇ ਸਵਤੰਤਰ ਪਾਰਟੀ ਦੇ ਬਾਲੇਨ ਸ਼ਾਹ ਤੋਂ ਪੰਜ ਹਜ਼ਾਰ ਵੋਟਾਂ ਨਾਲ ਪਿੱਛੇ ਚੱਲ ਰਹੇ ਸਨ। ਓਲੀ ਨੇ 2017 ਤੇ 2022 ਵਿੱਚ ਇਹ ਸੀਟ ਜਿੱਤੀ ਸੀ।

ਨੇਪਾਲੀ ਕਮਿਊਨਿਸਟ ਪਾਰਟੀ ਦੇ ਉਮੀਦਵਾਰ ਤੇ ਸਾਬਕਾ ਪ੍ਰਧਾਨ ਮੰਤਰੀ ਪੁਸ਼ਪ ਕਮਲ ਦਹਨ ਪ੍ਰਚੰਡ ਰੁਕਮ ਪੂਰਬੀ-1 ਸੀਟ ਤੋਂ ਅੱਗੇ ਚੱਲ ਰਹੇ ਸਨ। ਸਵਤੰਤਰ ਪਾਰਟੀ ਪਹਿਲਾਂ ਹੀ ਐਲਾਨ ਚੁੱਕੀ ਹੈ ਕਿ ਬਾਲੇਨ ਸ਼ਾਹ ਪ੍ਰਧਾਨ ਮੰਤਰੀ ਹੋਣਗੇ।

ਪਿਛਲੇ ਸਾਲ ਸਤੰਬਰ ਵਿੱਚ ਹੋਏ ਹਿੰਸਕ ਪ੍ਰਦਰਸ਼ਨਾਂ ਦੇ ਬਾਅਦ ਵੀਰਵਾਰ ਹੋਈਆਂ ਚੋਣਾਂ ਵਿੱਚ 60 ਫੀਸਦੀ ਤੋਂ ਵੱਧ ਵੋਟਿੰਗ ਹੋਈ ਸੀ। ਵੋਟਾਂ ਦੀ ਗਿਣਤੀ ਵਿੱਚ ਤਿੰਨ-ਚਾਰ ਦਿਨ ਲੱਗ ਸਕਦੇ ਹਨ। ਚੋਣ ਕਮਿਸ਼ਨ ਨੇ ਕਿਹਾ ਹੈ ਕਿ ਉਹ 9 ਮਾਰਚ ਤੱਕ ਗਿਣਤੀ ਪੂਰੀ ਕਰਨ ਦੀ ਕੋਸ਼ਿਸ਼ ਕਰੇਗਾ।

275 ਮੈਂਬਰੀ ਸੰਸਦ ਦੀਆਂ 165 ਸੀਟਾਂ ਲਈ ਵੋਟਾਂ ਪੈਂਦੀਆਂ ਹਨ ਅਤੇ 110 ਸੀਟਾਂ ਦਾ ਫੈਸਲਾ ਪਾਰਟੀਆਂ ਨੂੰ ਪਈਆਂ ਵੋਟਾਂ ਦੇ ਅਨੁਪਾਤ ਨਾਲ ਹੁੰਦਾ ਹੈ। ਜਿਹੜੀ ਪਾਰਟੀ ਨੂੰ ਜਿੰਨੀਆਂ ਵੋਟਾਂ ਪੈਣਗੀਆਂ, ਉਸ ਅਨੁਪਾਤ ਨਾਲ ਉਹ ਸੰਸਦ ਮੈਂਬਰ ਨਾਮਜ਼ਦ ਕਰੇਗੀ। ਕਾਠਮੰਡੂ ਦਾ ਮੇਅਰ ਬਣਨ ਤੋਂ ਪਹਿਲਾਂ ਬਾਲੇਨ ਸ਼ਾਹ ਕਦੇ ਛੱਤਾਂ 'ਤੇ ਰੈਪ ਬੈਟਲ ਕਰਦੇ ਤੇ ਕਦੇ ਮਿਊਜ਼ਿਕ ਵੀਡੀਓ ਬਣਾਉਂਦੇ ਨਜ਼ਰ ਆਉਂਦੇ ਸਨ। ਉਹ ਆਪਣੇ ਗਾਣਿਆਂ ਵਿੱਚ ਗਰੀਬੀ, ਪੱਛੜਾਪਨ ਤੇ ਭ੍ਰਿਸ਼ਟਾਚਾਰ ਦੇ ਮੁੱਦੇ ਉਠਾਉਂਦੇ ਸਨ। ਇਨ੍ਹਾਂ ਗਾਣਿਆਂ ਨੇ ਉਨ੍ਹਾ ਨੂੰ ਨੌਜਵਾਨਾਂ ਵਿੱਚ ਕਾਫੀ ਮਕਬੂਲ ਕੀਤਾ। ਉਨ੍ਹਾ ਦੇ ਰੈਪ ਵਿੱਚ ਅਕਸਰ • ਬਾਕੀ ਸਫਾ 2 'ਤੇ

## 13 ਸਾਲ ਤੋਂ ਘੱਟ ਉਮਰ ਦੇ ਬੱਚਿਆਂ 'ਤੇ ਸੋਸ਼ਲ ਮੀਡੀਆ ਪਾਬੰਦੀ

**ਅਮਰਾਵਤੀ** : ਵਿਦੇਸ਼ਾਂ ਵਿੱਚ ਬੱਚਿਆਂ ਲਈ ਸੋਸ਼ਲ ਮੀਡੀਆ ਦੀ ਵਰਤੋਂ 'ਤੇ ਲਗਾਈਆਂ ਜਾ ਰਹੀਆਂ ਪਾਬੰਦੀਆਂ ਤੋਂ ਬਾਅਦ ਹੁਣ ਭਾਰਤ ਵਿੱਚ ਵੀ ਇਸ ਦਿਸ਼ਾ ਵੱਲ ਵੱਡੇ ਕਦਮ ਚੁੱਕੇ ਜਾਣੇ ਸ਼ੁਰੂ ਹੋ ਗਏ ਹਨ। ਭਾਰਤ ਦੇ ਸੂਬੇ ਆਂਧਰਾ ਪ੍ਰਦੇਸ਼ ਦੀ ਸਰਕਾਰ ਨੇ ਇਸ ਸੰਬੰਧੀ ਇੱਕ ਅਹਿਮ ਪਹਿਲਕਦਮੀ ਕੀਤੀ ਹੈ। ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਐੱਨ. ਚੰਦਰਬਾਬੂ ਨਾਇਡੂ ਨੇ ਸ਼ੁੱਕਰਵਾਰ ਨੂੰ ਐਲਾਨ ਕੀਤਾ ਕਿ ਅਗਲੇ 90 ਦਿਨਾਂ ਦੇ ਅੰਦਰ 13 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਸੋਸ਼ਲ ਮੀਡੀਆ ਦੀ ਵਰਤੋਂ 'ਤੇ ਮੁਕੰਮਲ ਪਾਬੰਦੀ ਲਗਾਈ ਜਾਵੇਗੀ। ਵਿਧਾਨ ਸਭਾ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਬੱਚਿਆਂ ਦੇ ਮਾਨਸਿਕ ਸਿਹਤ ਅਤੇ ਸੁਰੱਖਿਆ ਨੂੰ ਲੈ ਕੇ ਗੰਭੀਰ ਹੈ ਅਤੇ ਇਸ ਪਾਬੰਦੀ ਦਾ ਘੇਰਾ ਵਧਾ ਕੇ 13 ਤੋਂ 16 ਸਾਲ ਦੀ ਉਮਰ ਦੇ ਬੱਚਿਆਂ ਨੂੰ ਵੀ ਇਸ ਵਿੱਚ ਸ਼ਾਮਲ ਕਰਨ ਬਾਰੇ ਵਿਚਾਰ ਕੀਤੀ ਜਾ ਰਹੀ ਹੈ।

## 'ਬ੍ਰਿਕਸ' ਦੀ ਖਾਮੋਸ਼ੀ ਹੈਰਾਨ ਕਰਨ ਵਾਲੀ

**ਨਵੀਂ ਦਿੱਲੀ** : ਅਮਰੀਕਾ ਤੇ ਇਜ਼ਰਾਈਲ ਹਫਤੇ ਤੋਂ ਈਰਾਨ 'ਤੇ ਜ਼ਬਰਦਸਤ ਹਮਲੇ ਕਰ ਰਹੇ ਹਨ, ਪਰ ਬ੍ਰਿਕਸ ਸਮੂਹ, ਜਿਸ ਦਾ ਈਰਾਨ ਵੀ ਮੈਂਬਰ ਹੈ, ਨੇ ਕਿਸੇ ਤਰ੍ਹਾਂ ਦੀ ਟਿੱਪਣੀ ਨਹੀਂ ਕੀਤੀ। ਵਿਸ਼ਲੇਸ਼ਕਾਂ ਤੇ ਸਿਆਸੀ ਅਬਜ਼ਰਵਰਾਂ ਮੁਤਾਬਕ ਜਦੋਂ ਪਿਛਲੇ ਸਾਲ ਜੂਨ ਵਿੱਚ ਈਰਾਨ ਤੇ ਇਜ਼ਰਾਈਲ ਵਿਚਾਲੇ ਲੜਾਈ ਹੋਈ ਸੀ ਤਾਂ ਬ੍ਰਿਕਸ ਨੇ ਤੁਰੰਤ ਪ੍ਰਤੀਕਿਰਿਆ ਦਿੰਦਿਆਂ ਈਰਾਨ 'ਤੇ ਹਮਲਿਆਂ ਨੂੰ ਕੌਮਾਂਤਰੀ ਕਾਨੂੰਨ ਦੀ ਉਲੰਘਣਾ ਕਰਾਰ ਦਿੱਤਾ ਸੀ, ਪਰ ਉਦੋਂ ਬ੍ਰਿਕਸ ਦੀ ਚੇਅਰਮੈਨੀ ਬ੍ਰਾਜ਼ੀਲ ਕੋਲ ਸੀ ਤੇ ਦਸੰਬਰ 2025 ਤੋਂ ਭਾਰਤ ਚੇਅਰਮੈਨ ਹੈ। ਅਲੋਚਕਾਂ ਦਾ ਕਹਿਣਾ ਹੈ ਕਿ ਭਾਰਤ ਦੀ ਇਜ਼ਰਾਈਲ ਤੇ ਅਮਰੀਕਾ ਨਾਲ ਨੇੜਤਾ ਬ੍ਰਿਕਸ ਦੇ ਉਦੇਸ਼ਾਂ 'ਤੇ ਭਾਰੂ ਪੈਂਦੀ ਜਾਪਦੀ ਹੈ।

11 ਮੈਂਬਰੀ ਬ੍ਰਿਕਸ ਸਮੂਹ 2009 ਵਿੱਚ ਆਰਥਕ ਗੱਠਜੋੜ ਦੇ ਰੂਪ ਵਿੱਚ ਕਾਇਮ ਕੀਤਾ ਗਿਆ ਸੀ, ਜਿਸ ਨੂੰ ਸਨਅਤੀਕ੍ਰਿਤ ਦੇਸ਼ਾਂ ਦੇ ਗੱਠਜੋੜ ਜੀ-7 ਦੇ ਬਦਲ ਵਜੋਂ 'ਗਲੋਬਲ ਸਾਊਥ' ਦੱਸਿਆ ਗਿਆ ਸੀ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇੱਕ ਵਾਰ ਇਸ ਨੂੰ ਅਮਰੀਕਾ ਵਿਰੋਧੀ ਦੱਸਿਆ ਸੀ, ਹਾਲਾਂਕਿ ਬ੍ਰਿਕਸ ਨੇ ਕਿਹਾ ਸੀ ਕਿ ਉਹ ਕਿਸੇ ਨਾਲ ਮੁਕਾਬਲੇਬਾਜ਼ੀ ਵਾਲੀ ਧਾਰਨਾ ਨਹੀਂ ਰੱਖਦਾ।

ਪਿਛਲੇ ਕੁਝ ਸਾਲਾਂ ਵਿੱਚ ਇਸ ਗਰੁੱਪ ਦੇ ਘੇਰੇ ਵਿੱਚ ਸੁਰੱਖਿਆ ਮੁੱਦੇ ਵੀ ਸ਼ਾਮਲ ਕੀਤੇ ਗਏ ਹਨ ਅਤੇ ਇਸ ਦੇ ਮੈਂਬਰ • ਬਾਕੀ ਸਫਾ 2 'ਤੇ

## ਸ਼੍ਰੋਮਣੀ ਕਮੇਟੀ ਦਾ ਸਾਲਾਨਾ ਬਜਟ 28 ਮਾਰਚ ਨੂੰ ਹੋਵੇਗਾ ਪੇਸ਼

**ਅੰਮ੍ਰਿਤਸਰ** : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿੱਤੀ ਵਰ੍ਹੇ 2026-27 ਦਾ ਸਾਲਾਨਾ ਬਜਟ 28 ਮਾਰਚ ਨੂੰ ਦੁਪਹਿਰ 12 ਵਜੇ ਤੇਜਾ ਸਿੰਘ ਸਮੁੰਦਰੀ ਹਾਲ ਵਿੱਚ ਪੇਸ਼ ਕੀਤਾ ਜਾਵੇਗਾ। ਅੰਤਰਿੰਗ ਕਮੇਟੀ ਦੀ ਮੀਟਿੰਗ ਮਗਰੋਂ ਜਾਣਕਾਰੀ ਦਿੰਦਿਆਂ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਇਸ ਬਜਟ ਵਿੱਚ ਧਰਮ ਪ੍ਰਚਾਰ, ਵਿਦਿਅਕ ਟਰੱਸਟਾਂ ਅਤੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਖਰਚਿਆਂ ਤੇ ਯੋਜਨਾਵਾਂ ਨੂੰ ਅੰਤਿਮ ਰੂਪ ਦਿੱਤਾ ਗਿਆ ਹੈ। ਬਜਟ ਦੇ ਨਾਲ-ਨਾਲ ਉਨ੍ਹਾਂ ਨੇ 11 ਤੋਂ 14 ਮਾਰਚ ਤੱਕ ਮਨਾਏ ਜਾਣ ਵਾਲੇ ਸ਼ਹੀਦ ਭਾਈ ਤਾਰਾ ਸਿੰਘ ਦੇ ਸ਼ਤਾਬਦੀ ਸਮਾਗਮਾਂ ਦੀ ਰੂਪ-ਰੇਖਾ ਵੀ ਸਾਂਝੀ ਕੀਤੀ।

## ਪੰਜਾਬ ਦੇ ਪੈਟਰੋਲ ਪੰਪਾਂ ਤੋਂ ਵਧੀ ਤੇਲ ਦੀ ਖਰੀਦ

**ਲੁਧਿਆਣਾ** : ਹਾਲਾਂਕਿ ਈਰਾਨ-ਇਜ਼ਰਾਈਲ ਜੰਗ ਨੇ ਹੁਣ ਤੱਕ ਭਾਰਤ ਨੂੰ ਸਿੱਧੇ ਤੌਰ 'ਤੇ ਪ੍ਰਭਾਵਿਤ ਨਹੀਂ ਕੀਤਾ ਹੈ, ਪਰ ਚੱਲ ਰਹੇ ਸੰਘਰਸ਼ ਨੇ ਲੋਕਾਂ ਵਿੱਚ ਆਉਣ ਵਾਲੇ ਹਫ਼ਤਿਆਂ ਵਿੱਚ ਤੇਲ ਦੀ ਸੰਭਾਵਿਤ ਕਿੱਲਤ ਬਾਰੇ ਡਰ ਪੈਦਾ ਕਰ ਦਿੱਤਾ ਹੈ। ਵਾਢੀ ਦੇ ਸੀਜ਼ਨ ਅਤੇ ਆਉਣ ਵਾਲੇ ਝੋਨੇ ਦੀ ਬਿਜਾਈ ਦੇ ਸਮੇਂ ਦੌਰਾਨ ਉੱਚੀ ਮੰਗ ਦੇ ਮੱਦੇਨਜ਼ਰ ਪੰਜਾਬ ਦੇ ਕਈ ਪੇਂਡੂ ਖੇਤਰਾਂ ਵਿੱਚ ਕਿਸਾਨਾਂ ਨੇ ਤੇਲ ਦਾ ਭੰਡਾਰ ਕਰਨਾ ਸ਼ੁਰੂ ਕਰ ਦਿੱਤਾ ਹੈ। ਇਸ ਘਟਨਾਕ੍ਰਮ ਦੀ ਪੁਸ਼ਟੀ ਕਰਦਿਆਂ ਪੈਟਰੋਲ ਡੀਲਰਜ਼ ਐਸੋਸੀਏਸ਼ਨ ਪੰਜਾਬ ਦੇ ਚੇਅਰਮੈਨ ਅਸ਼ੋਕ ਸਚਦੇਵਾ ਨੇ ਕਿਹਾ ਕਿ ਘਬਰਾਹਟ ਵਿੱਚ ਹੋ ਰਹੀ ਖਰੀਦਦਾਰੀ ਖਾਸ ਕਰਕੇ ਪੇਂਡੂ ਖੇਤਰਾਂ ਵਿੱਚ ਤੇਜ਼ ਹੋ ਗਈ। ਉਨ੍ਹਾਂ ਕਿਹਾ ਕਿ ਪੇਂਡੂ ਖੇਤਰਾਂ ਦੇ ਪੈਟਰੋਲ ਪੰਪਾਂ 'ਤੇ ਪਿਛਲੇ ਦਿਨਾਂ ਵਿੱਚ ਤੇਲ ਦੀ ਵਿਕਰੀ ਵਿੱਚ 30-40 ਫੀਸਦੀ ਵਾਧਾ ਦੇਖਿਆ ਗਿਆ ਹੈ।

## ਚੰਡੀਗੜ੍ਹ ਵਿੱਚ 0001 ਨੰਬਰ 53.88 ਲੱਖ ਰੁਪਏ 'ਚ ਵਿਕਿਆ

**ਚੰਡੀਗੜ੍ਹ** : ਪੰਜਾਬ ਤੇ ਹਰਿਆਣਾ ਦੀ ਰਾਜਧਾਨੀ ਚੰਡੀਗੜ੍ਹ ਦੇ ਲੋਕ ਮਹਿੰਗੀਆਂ ਗੱਡੀਆਂ ਅਤੇ ਫੈਂਸੀ ਨੰਬਰ ਰੱਖਣ ਦੇ ਸ਼ੌਕੀਨ ਹਨ। ਉਨ੍ਹਾਂ ਵੱਲੋਂ ਮਹਿੰਗੀਆਂ ਗੱਡੀਆਂ ਦੇ ਨਾਲ-ਨਾਲ ਫੈਂਸੀ ਨੰਬਰ 'ਤੇ ਲੱਖਾਂ ਰੁਪਏ ਖ਼ਰਚ ਕੀਤੇ ਜਾ ਰਹੇ ਹਨ। ਚੰਡੀਗੜ੍ਹ ਵਿੱਚ ਹਾਲ ਹੀ ਵਿੱਚ ਹੋਈ ਫੈਂਸੀ ਨੰਬਰਾਂ ਦੀ ਨਿਲਾਮੀ ਵਿੱਚ ਨਵੀਂ ਲੜੀ ਸੀ ਐੱਚ 01 ਡੀ ਡੀ ਲੜੀ ਦਾ 0001 ਨੰਬਰ 53.88 ਲੱਖ ਰੁਪਏ ਵਿੱਚ ਨਿਲਾਮ ਹੋਇਆ ਹੈ। ਇਹ ਅੱਜ ਤੱਕ ਦੀ ਸਭ ਤੋਂ ਵੱਧ ਕੀਮਤ 'ਤੇ ਨਿਲਾਮ ਹੋਇਆ ਹੈ। ਇਸ ਦੌਰਾਨ 0003 ਨੰਬਰ 32.32 ਲੱਖ ਰੁਪਏ, 0005 ਨੰਬਰ 17.5 ਲੱਖ ਰੁਪਏ ਅਤੇ 0009 ਨੰਬਰ 14.40 ਲੱਖ ਰੁਪਏ ਵਿੱਚ ਨਿਲਾਮ ਹੋਇਆ ਹੈ। ਇਸ ਤੋਂ ਇਲਾਵਾ 0007 ਨੰਬਰ 14.22 ਲੱਖ ਰੁਪਏ, 1000 ਨੰਬਰ 9.19 ਲੱਖ ਰੁਪਏ, 0006 ਨੰਬਰ 8.50 ਲੱਖ ਰੁਪਏ, 0008 ਨੰਬਰ 8.24 ਲੱਖ ਰੁਪਏ, 0002 ਨੰਬਰ 7.25 ਲੱਖ ਰੁਪਏ ਅਤੇ 0100 ਨੰਬਰ 6.23 ਲੱਖ ਰੁਪਏ ਵਿੱਚ ਨਿਲਾਮ ਹੋਇਆ।

# 11,700 ਮਹਿਲਾ ਉਦਮੀਆਂ ਦਾ ਸਨਮਾਨ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਮਹਿਲਾ ਉਦਮਤਾ ਦੀ ਭਾਵਨਾ ਦਾ ਜਸ਼ਨ ਮਨਾਉਣ ਲਈ ਸ਼ੁਰੂ ਕੀਤੇ ਗਏ ਭਗਵੰਤ ਮਾਨ ਸਰਕਾਰ ਦੇ 'ਮਹਿਲਾ ਉਦਮੀ ਸਨਮਾਨ ਪ੍ਰੋਗਰਾਮ' ਨੂੰ ਸੂਬੇ ਭਰ ਦੀਆਂ ਔਰਤਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਹ ਪਹਿਲਕਦਮੀ ਮਹਿਲਾ ਸਸ਼ਕਤੀਕਰਨ ਨੂੰ ਉਤਸ਼ਾਹਤ ਕਰਨ ਅਤੇ ਉਦਮਤਾ ਰਾਹੀਂ ਆਪਣੀ ਪਛਾਣ ਬਣਾਉਣ ਵਾਲੀਆਂ ਔਰਤਾਂ ਦੀ ਮਦਦ ਕਰਨ ਲਈ 'ਆਪ' ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਪ੍ਰੋਗਰਾਮ ਦਾ ਪਹਿਲਾ ਪੜਾਅ 2 ਮਾਰਚ ਤੋਂ 6 ਮਾਰਚ ਤੱਕ ਪੰਜਾਬ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਵਿੱਚ ਆਯੋਜਿਤ ਕੀਤਾ ਗਿਆ ਸੀ, ਜਿੱਥੇ ਵਪਾਰ ਅਤੇ ਸਵੈ-ਰੁਜ਼ਗਾਰ ਦੇ ਵੱਖ-ਵੱਖ ਰੂਪਾਂ ਵਿੱਚ ਕੰਮ ਕਰ ਰਹੀਆਂ ਔਰਤਾਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਅਤੇ ਯੋਗਦਾਨ ਲਈ ਸਨਮਾਨਤ ਕੀਤਾ ਗਿਆ। ਹਰੇਕ ਹਲਕੇ ਵਿੱਚ ਪਿੰਡਾਂ ਜਾਂ ਸ਼ਹਿਰੀ ਖੇਤਰਾਂ ਦੀਆਂ 100 ਮਹਿਲਾ ਉਦਮੀਆਂ ਨੂੰ ਸਵੈ-ਨਿਰਭਰਤਾ ਵੱਲ ਉਨ੍ਹਾਂ ਦੇ ਯਤਨਾਂ ਲਈ ਮਾਨਤਾ ਦਿੱਤੀ ਗਈ।ਇਸ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲਿਆ ਹੈ, ਜਿਸ ਤਹਿਤ 'ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ' ਪੋਰਟਲ ਰਾਹੀਂ 28,000 ਤੋਂ ਵੱਧ ਨਾਮਜ਼ਦਗੀਆਂ ਪ੍ਰਾਪਤ ਹੋਈਆਂ ਹਨ। ਏਨੀ ਵੱਡੀ ਗਿਣਤੀ ਵਿੱਚ ਨਾਮਜ਼ਦਗੀਆਂ ਉਦਮਤਾ ਵਿੱਚ ਔਰਤਾਂ ਦੀ ਵਧਦੀ ਭਾਗੀਦਾਰੀ ਅਤੇ ਆਰਥਿਕ ਤੌਰ 'ਤੇ ਸੁਤੰਤਰ ਹੋਣ ਦੇ ਉਨ੍ਹਾਂ ਦੇ ਦ੍ਰਿੜ੍ਹ ਇਰਾਦੇ ਨੂੰ ਉਜਾਗਰ ਕਰਦੀਆਂ ਹਨ।

ਹੁਣ ਤੱਕ ਹਲਕਾ ਪੱਧਰ 'ਤੇ ਸਨਮਾਨ ਸਮਾਰੋਹ ਸਫਲਤਾਪੂਰਵਕ ਕਰਵਾਏ ਜਾ ਚੁੱਕੇ ਹਨ, ਜਿੱਥੇ ਸਥਾਨਕ ਨੁਮਾਇੰਦਿਆਂ ਅਤੇ ਭਾਈਚਾਰੇ ਦੇ ਮੈਂਬਰਾਂ ਦੀ ਹਾਜ਼ਰੀ ਵਿੱਚ ਮਹਿਲਾ ਉਦਮੀਆਂ ਦਾ ਸਨਮਾਨ ਕੀਤਾ ਗਿਆ। ਇਸ ਤੋਂ ਬਾਅਦ ਜ਼ਿਲ੍ਹਾ ਅਤੇ ਰਾਜ ਪੱਧਰੀ ਸਮਾਗਮ ਹੋਣਗੇ, ਜਿਨ੍ਹਾਂ ਵਿੱਚ ਛੋਟੇ ਕਾਰੋਬਾਰਾਂ, ਘਰੇਲੂ ਉਦਯੋਗਾਂ, ਖੇਤੀਬਾੜੀ ਨਾਲ ਸਬੰਧਤ ਉਦਮਾਂ ਅਤੇ ਵੱਖ-ਵੱਖ ਸੇਵਾ ਖੇਤਰਾਂ ਵਿੱਚ ਆਪਣੀ ਪਛਾਣ ਬਣਾਉਣ ਵਾਲੀਆਂ ਔਰਤਾਂ ਦੀਆਂ ਪ੍ਰਾਪਤੀਆਂ ਦਾ ਜਸ਼ਨ ਮਨਾਇਆ ਜਾਵੇਗਾ। ਪ੍ਰੋਗਰਾਮ ਅਧੀਨ ਸਨਮਾਨ ਦੇਣ ਦੀ • ਬਾਕੀ ਸਫਾ 2 'ਤੇ

## ਟਿੱਪਰ, ਬੱਸ ਤੇ ਮੋਟਰਸਾਈਕਲ ਦੀ ਟੱਕਰ 'ਚ 2 ਮੌਤਾਂ

**ਨਾਭਾ** : ਸ਼ੁੱਕਰਵਾਰ ਸਵੇਰੇ ਨਾਭਾ-ਅਮਲੋਹ ਮੁੱਖ ਮਾਰਗ 'ਤੇ ਪਿੰਡ ਲੁਬਾਣਾ ਦੇ ਨਜ਼ਦੀਕ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ, ਜਿਸ ਵਿੱਚ ਇੱਕ ਤੇਜ਼ ਰਫ਼ਤਾਰ ਟਿੱਪਰ, ਨਿੱਜੀ ਬੱਸ ਅਤੇ ਮੋਟਰਸਾਈਕਲ ਦੀ ਆਪਸੀ ਟੱਕਰ ਹੋ ਗਈ। ਇਸ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਦੋ ਵਿਅਕਤੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜੋ ਕਿ ਪਿੰਡ ਲੁਬਾਣਾ ਦੇ ਹੀ ਵਸਨੀਕ ਦੱਸੇ ਜਾ ਰਹੇ ਹਨ। ਚਸ਼ਮਦੀਦਾਂ ਅਨੁਸਾਰ ਟਿੱਪਰ ਚਾਲਕ ਨੇ ਮੋਟਰਸਾਈਕਲ ਨੂੰ ਬਚਾਉਣ ਦਾ ਯਤਨ ਕੀਤਾ ਅਤੇ ਜਦੋਂ ਉਸ ਨੇ ਟਿੱਪਰ ਮੋੜਿਆ ਤਾਂ ਉਹ ਸਾਹਮਣੇ ਤੋਂ ਆ ਰਹੀ ਬੱਸ ਨਾਲ ਸਿੱਧਾ ਟਕਰਾਅ ਗਿਆ। ਟੱਕਰ ਇੰਨੀ ਜ਼ਬਰਦਸਤ ਸੀ ਕਿ ਬੱਸ ਅਤੇ ਟਿੱਪਰ ਦਾ ਅਗਲਾ ਹਿੱਸਾ ਬੁਰੀ ਤਰ੍ਹਾਂ ਨੁਕਸਾਨਿਆ ਗਿਆ।

# ਸਰਪੰਚ ਦੀ ਹੱਤਿਆ

**ਮੋਗਾ (ਇਕਬਾਲ ਸਿੰਘ ਖਹਿਰਾ)**-ਬਾਘਾ ਪੁਰਾਣਾ ਕਸਬੇ ਦੀ ਮੁੱਖ ਮਾਰਕੀਟ ਵਿੱਚ ਸ਼ੁੱਕਰਵਾਰ ਦੁਪਹਿਰ ਨੂੰ ਅਣਪਛਾਤੇ ਹਮਲਾਵਰਾਂ ਵੱਲੋਂ ਇੱਕ ਸਰਪੰਚ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਮ੍ਰਿਤਕ ਦੀ ਪਛਾਣ ਪਿੰਡ ਪੱਤੋ ਹੀਰਾ ਸਿੰਘ ਦੇ ਸਰਪੰਚ ਹਰਪਿੰਦਰ ਸਿੰਘ ਹੈਪੀ ਵਜੋਂ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ 4 ਹਥਿਆਰਬੰਦ ਹਮਲਾਵਰਾਂ ਦੇ ਇੱਕ ਸਮੂਹ ਨੇ ਉਸ 'ਤੇ ਗੋਲੀਆਂ ਚਲਾ ਦਿੱਤੀਆਂ। ਚਸ਼ਮਦੀਦਾਂ ਅਨੁਸਾਰ ਸ਼ੂਟਰਾਂ ਨੇ ਨੇੜਿਓਂ ਕਈ ਰਾਊਂਡ ਫਾਇਰ ਕੀਤੇ, ਜਿਸ ਨਾਲ ਸਰਪੰਚ ਨੂੰ ਬਚਣ ਦਾ ਕੋਈ ਮੌਕਾ ਨਹੀਂ ਮਿਲਿਆ ਅਤੇ ਹਮਲਾਵਰ ਭੀੜ ਵਾਲੇ ਬਾਜ਼ਾਰ ਵਿੱਚੋਂ ਵਾਰਦਾਤ ਤੋਂ ਤੁਰੰਤ ਬਾਅਦ ਮੌਕੇ ਤੋਂ ਫਰਾਰ ਹੋ ਗਏ। ਮੁੱਢਲੀਆਂ ਰਿਪੋਰਟਾਂ ਅਨੁਸਾਰ ਸਰਪੰਚ ਨੂੰ ਹਮਲੇ ਤੋਂ ਕੁਝ ਸਮਾਂ ਪਹਿਲਾਂ ਤੋਂ ਧਮਕੀ ਭਰੀਆਂ ਕਾਲਾਂ ਆ ਰਹੀਆਂ ਸਨ ਅਤੇ ਪਰਵਾਰਕ ਮੈਂਬਰਾਂ ਤੇ ਸਾਥੀਆਂ ਨੇ ਸੰਕੇਤ ਦਿੱਤਾ ਹੈ ਕਿ ਇਹ ਧਮਕੀਆਂ ਚੱਲ ਰਹੇ ਸਥਾਨਕ ਵਿਵਾਦਾਂ ਨਾਲ ਜੁੜੀਆਂ ਹੋਈਆਂ ਸਨ। ਐੱਸ ਐੱਸ ਪੀ ਅਜੈ ਗਾਂਧੀ ਨੇ ਦਾਅਵਾ ਕੀਤਾ ਕਿ ਇਹ ਨਿੱਜੀ ਦੁਸ਼ਮਣੀ ਦਾ ਮਾਮਲਾ ਹੈ। ਉਨ੍ਹਾ ਕਿਹਾ ਕਿ ਮੁਲਜ਼ਮਾਂ ਦੀ ਪਛਾਣ ਕਰ ਲਈ ਗਈ ਹੈ ਤੇ ਉਨ੍ਹਾਂ ਨੂੰ ਜਲਦੀ ਫੜ ਲਿਆ ਜਾਵੇਗਾ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

-ਮੈਨੇਜਰ

# ਮਨਰੇਗਾ ਕਾਮਿਆਂ ਵੱਲੋਂ ਰੋਹ ਭਰਪੂਰ ਧਰਨਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਮਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਸੱਦੇ ਉੱਤੇ ਨਰੇਗਾ ਕਾਮਿਆਂ ਵੱਲੋਂ ਸ਼ੁੱਕਰਵਾਰ ਡਿਪਟੀ ਕਮਿਸ਼ਨਰ ਦਫ਼ਤਰ ਸਾਹਮਣੇ ਰੋਹ ਭਰਪੂਰ ਧਰਨਾ ਦਿੱਤਾ ਗਿਆ।ਇਸ ਮੌਕੇ ਡਿਪਟੀ ਕਮਿਸ਼ਨਰ ਰਾਹੀਂ ਕੇਂਦਰੀ ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਚੌਹਾਨ ਦੇ ਨਾਂਅ ਯਾਦ ਪੱਤਰ ਭੇਜਿਆ ਗਿਆ।

ਧਰਨੇ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਚੌਹਾਨ ਨੂੰ ਯਾਦ ਕਰਵਾਇਆ ਕਿ ਸਾਲ 2025 ਦੌਰਾਨ ਪੰਜਾਬ ਫੇਰੀ ਸਮੇਂ ਜਲੰਧਰ ਵਿਖੇ ਮਨਰੇਗਾ ਕਾਮਿਆਂ ਨਾਲ ਮੀਟਿੰਗ ਵਿੱਚ ਮਨਰੇਗਾ ਕਾਮਿਆਂ ਦੀਆਂ ਮੰਗਾਂ ਨੂੰ ਸੁਣ ਕੇ ਭਰੋਸਾ ਦਿੱਤਾ ਸੀ ਕਿ ਕੰਮ ਵੀ ਮਿਲੇਗਾ, ਹੱਕਦਾਰਾਂ ਨੂੰ ਬੇਰੁਜ਼ਗਾਰੀ ਭੱਤਾ ਵੀ ਦਿੱਤਾ ਜਾਵੇਗਾ ਤੇ ਭ੍ਰਿਸ਼ਟਾਚਾਰ ਕਰਨ ਵਾਲਿਆ ਵਿਰੁੱਧ ਕਾਰਵਾਈ ਕੀਤੀ ਜਾਵੇਗੀ।ਧਰਨੇ ਨੂੰ ਜ਼ਿਲ੍ਹਾ ਪ੍ਰਧਾਨ ਬੋਹੜ ਸਿੰਘ ਸੁਖਨਾ, ਜ਼ਿਲ੍ਹਾ ਸਕੱਤਰ ਸਮਸ਼ੇਰ ਸਿੰਘ ਥਾਂਦੇਵਾਲਾ, ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਹਰਲਾਭ ਸਿੰਘ ਦੂਹੇਵਾਲਾ, ਗੁਰਮੇਲ ਸਿੰਘ ਦੋਦਾ, ਜੈਮਲ ਸਿੰਘ ਭੰਗਚੜ੍ਹੀ, ਬੋਹਤ ਸਿੰਘ ਖੂੰਨਣ, ਜਸਵਿੰਦਰ ਸਿੰਘ, ਸਾਹਿਬ ਚੰਦ ਅਤੇ ਜਥੇਬੰਦੀ ਦੇ ਮੁੱਖ ਸਲਾਹਕਾਰ ਜਗਰੂਪ ਸਿੰਘ ਨੇ ਸੰਬੋਧਨ ਕੀਤਾ।ਆਗੂਆਂ ਐਲਾਨ ਕੀਤਾ ਕਿ ਜੇ ਸਾਡੀ ਸੁਣਵਾਈ ਨਹੀਂ ਹੁੰਦੀ ਤਾਂ ਆਉਣ ਵਾਲੇ ਦਿਨਾਂ ਵਿਚ ਲਗਾਤਾਰ ਧਰਨਾ ਦਿੱਤਾ ਜਾਵੇਗਾ, ਜਿਸ ਵਿੱਚ ਹਰ ਰੋਜ਼ ਦੋ ਪਿੰਡ ਡਿਪਟੀ ਕਮਿਸ਼ਨਰ ਦੇ ਦਫ਼ਤਰ ਅੱਗੇ ਬੈਠਣਗੇ।ਉਨ੍ਹਾਂ ਕਿਹਾ ਕਿ ਮਨਰੇਗਾ ਹੱਕ ਕਾਨੂੰਨੀ ਹੱਕ ਹੈ, ਜਿਸ ਨੂੰ ਹਰ ਹਾਲ ਵਿੱਚ ਪ੍ਰਾਪਤ ਕੀਤਾ ਜਾਵੇਗਾ।ਉਹਨਾਂ ਮਨਰੇਗਾ ਕਾਮਿਆਂ ਨੂੰ ਕਿਹਾ ਕਿ ਭਾਵੇਂ ਨਵਾਂ ਕਾਨੂੰਨ ਬਣਾਇਆ ਜਾ ਰਿਹਾ, ਪਰ ਉਹ ਅਜੇ ਨੋਟੀਫਾਈ ਨਹੀਂ ਕੀਤਾ ਗਿਆ, ਉਸ ਕਾਨੂੰਨ ਵਿੱਚ 12 ਘੰਟੇ ਕੰਮ ਦਿਹਾੜੀ ਕਰਨ ਦ ੀ • ਬਾਕੀ ਸਫਾ 2 'ਤੇ

## ਜਹਾਜ਼ ਹਾਦਸੇ 'ਚ ਭਾਰਤੀ ਹਵਾਈ ਫ਼ੌਜ ਦੇ ਦੋ ਪਾਇਲਟ ਸ਼ਹੀਦ

**ਨਵੀਂ ਦਿੱਲੀ** : ਭਾਰਤੀ ਹਵਾਈ ਫ਼ੌਜ ਨੇ ਬਹੁਤ ਹੀ ਦੁਖਦਾਈ ਖ਼ਬਰ ਸਾਂਝੀ ਕਰਦਿਆਂ ਪੁਸ਼ਟੀ ਕੀਤੀ ਹੈ ਕਿ ਅਸਾਮ ਦੇ ਕਾਰਬੀ ਆਂਗਲੋਂਗ ਜ਼ਿਲ੍ਹੇ ਵਿੱਚ ਹਾਦਸਾਗ੍ਰਸਤ ਹੋਏ ਸੁਖੋਈ ਲੜਾਕੂ ਜਹਾਜ਼ ਦੇ ਦੋਵੇਂ ਪਾਇਲਟ ਸ਼ਹੀਦ ਹੋ ਗਏ ਹਨ। ਸ਼ੁੱਕਰਵਾਰ ਸਵੇਰੇ ਹਵਾਈ ਫੌਜ ਵੱਲੋਂ ਜਾਰੀ ਬਿਆਨ ਅਨੁਸਾਰ, ਸਕੁਐਡਰਨ ਲੀਡਰ ਅਨੁਜ ਤੇ ਫਲਾਈਟ ਲੈਫਟੀਨੈਂਟ ਪੂਰਵੇਸ਼ ਦੁਰਾਗਕਰ ਇਸ ਹਾਦਸੇ 'ਚ ਜਾਨਲੇਵਾ ਸੱਟਾਂ ਕਾਰਨ ਦਮ ਤੋੜ ਗਏ। ਜਹਾਜ਼ ਜੋਰਹਾਟ ਤੋਂ ਲੱਗਭੱਗ 60 ਕਿਲੋਮੀਟਰ ਦੂਰ ਚੋਕੀਹੋਲਾ ਨੇੜੇ ਹਾਦਸਾਗ੍ਰਸਤ ਹੋਇਆ ਸੀ। ਜ਼ਿਕਰਯੋਗ ਹੈ ਕਿ ਇਹ ਜਹਾਜ਼ ਵੀਰਵਾਰ ਸ਼ਾਮ ਨੂੰ ਜੋਰਹਾਟ ਤੋਂ ਉਡਾਣ ਭਰਨ ਤੋਂ ਬਾਅਦ ਰਾਤ 7:42 ਵਜੇ ਰਡਾਰ ਤੋਂ ਲਾਪਤਾ ਹੋ ਗਿਆ ਸੀ। ਹਵਾਈ ਫੌਜ ਨੇ ਤੁਰੰਤ ਤਲਾਸ਼ੀ ਅਤੇ ਬਚਾਅ ਮੁਹਿੰਮ ਸ਼ੁਰੂ ਕੀਤੀ ਸੀ ਅਤੇ ਸ਼ੁੱਕਰਵਾਰ ਤੜਕੇ ਲੱਗਭੱਗ 1 ਵਜੇ ਜਹਾਜ਼ ਦੇ ਹਾਦਸਾਗ੍ਰਸਤ ਹੋਣ ਦੀ ਪੁਸ਼ਟੀ ਹੋਈ।

## ਅੱਜ-ਨਾਮਾ

ਖੇਤੀਂ ਕਣਕ ਜਦ ਵੇਖ ਕਿਸਾਨ ਖਿੜਿਆ,
ਉਡਾਰੀ ਸੋਚ ਦੀ ਉਹ ਸੀ ਲਾਉਣ ਲੱਗਾ।
ਕਰਜ਼ਾ ਬੈਂਕ ਜਾਂ ਸ਼ਾਹਾਂ ਦਾ ਬਹੁਤ ਭਾਰਾ,
ਥੋੜ੍ਹਾ ਕੁ ਜਾਪਦਾ ਹੇਠ ਨੂੰ ਆਉਣ ਲੱਗਾ।
ਪਿਛਲੇ ਹੜ੍ਹਾਂ ਨੇ ਜਿਹੜੀ ਸੀ ਮਾਰ ਮਾਰੀ,
ਉਹ ਸੁਧਾਰਨ ਦੀ ਸੋਚ ਦੌੜਾਉਣ ਲੱਗਾ।
ਹੋਵੇ ਸਹਿਮਤੀ ਨਾਲ ਜਦ ਅਗਲਿਆਂ ਦੇ,
ਧੀ ਵਿਆਹੁਣ ਦੀ ਬਿੱਧ ਬਣਾਉਣ ਲੱਗਾ।
ਰੌਣਕ ਚਿਹਰੇ ਦੀ ਉਹਦੀ ਸੀ ਕਹੀ ਜਾਂਦੀ,
ਐਤਕੀਂ ਬੋਝ ਕੁਝ ਸਿਰੋਂ ਹੈ ਲਹਿ ਸਕਦਾ।
ਓਧਰੋਂ ਬੱਦਲ ਵੀ ਗੇੜੇ ਆ ਲਾਉਣ ਲੱਗੇ,
ਮੌਸਮ ਬਾਰੇ ਨਾ ਕੋਈ ਕੁਝ ਕਹਿ ਸਕਦਾ।

-ਤੀਸ ਮਾਰ ਖਾਂ

# ਜੰਗ ਦੇ ਮੱਦੇਨਜ਼ਰ ਕਿਸਾਨਾਂ ਲਈ ਤੁਰੰਤ ਰਾਹਤ ਪੈਕੇਜ ਐਲਾਨਿਆ ਜਾਵੇ : ਏ ਆਈ ਕੇ ਐੱਸ

**ਲੁਧਿਆਣਾ (ਐੱਮ ਐੱਸ ਭਾਟੀਆ)**

ਆਲ ਇੰਡੀਆ ਕਿਸਾਨ ਸਭਾ 1936 (ਏ ਆਈ ਕੇ ਐੱਸ) ਦੇ ਪ੍ਰਧਾਨ ਰਾਜਨ ਕ਼ਸ਼ੀਰਸਾਗਰ ਅਤੇ ਜਨਰਲ ਸਕੱਤਰ ਰਾਵੂਲਾ ਵੈਂਕਈਆ ਨੇ ਨਵੀਂ ਦਿੱਲੀ ਤੋਂ ਜਾਰੀ ਬਿਆਨ ਵਿੱਚ ਮੋਦੀ ਸਰਕਾਰ ਦੀ ਅਮਰੀਕਾ-ਇਜ਼ਰਾਈਲ ਵੱਲੋਂ ਈਰਾਨ ਖ਼ਿਲਾਫ਼ ਚੱਲ ਰਹੀ ਜੰਗ ਵਿੱਚ ਸਾਂਝੇਦਾਰੀ ਦੀ ਤਿੱਖੀ ਨਿੰਦਾ ਕਰਦਿਆਂ ਮੰਗ ਕੀਤੀ ਹੈ ਕਿ ਲੱਖਾਂ ਕਿਸਾਨਾਂ, ਮਜ਼ਦੂਰਾਂ ਅਤੇ ਨਿਰਯਾਤਕਾਰਾਂ ਲਈ ਤੁਰੰਤ ਅਤੇ ਵਿਸਤ੍ਰਿਤ ਰਾਹਤ ਪੈਕੇਜ ਦਾ ਐਲਾਨ ਕੀਤਾ ਜਾਵੇ, ਜਿਨ੍ਹਾਂ ਦੀ ਰੋਜ਼ੀ-ਰੋਟੀ ਇਸ ਸੰਘਰਸ਼ ਕਾਰਨ ਤਬਾਹ ਹੋ ਚੁੱਕੀ ਹੈ।

ਉਨ੍ਹਾਂ ਕਿਹਾ ਹੈ ਕਿ ਜਦੋਂ ਮੁੱਖ ਧਾਰਾ ਮੀਡੀਆ ਜੀ ਡੀ ਪੀ ਦੇ ਅੰਕੜਿਆਂ ਅਤੇ ਵਪਾਰ ਘਾਟੇ 'ਤੇ ਚਰਚਾ ਕਰ ਰਿਹਾ ਹੈ, ਤਦ ਭਾਰਤੀ ਕਿਸਾਨਾਂ ਦਾ ਖ਼ੂਨ ਅਮਰੀਕੀ ਸਾਮਰਾਜਵਾਦ ਦੀ ਵੇਦੀ 'ਤੇ ਵਹਾਇਆ ਜਾ ਰਿਹਾ ਹੈ। ਤਹਿਰਾਨ 'ਤੇ ਡਿੱਗੀਆਂ ਮਿਜ਼ਾਈਲਾਂ ਨੇ ਹਰਿਆਣਾ ਦੇ ਬਾਸਮਤੀ ਉਗਾਉਣ ਵਾਲੇ ਕਿਸਾਨਾਂ, ਸੋਲਾਪੁਰ ਦੇ ਕੇਲਾ ਉਤਪਾਦਕਾਂ ਅਤੇ ਮਹਾਰਾਸ਼ਟਰ ਦੇ ਅੰਗੂਰ ਕਾਸ਼ਤਕਾਰਾਂ ਦੀ ਜ਼ਿੰਦਗੀ ਤਬਾਹ ਕਰ ਦਿੱਤੀ ਹੈ। ਇਹ ਸਿਰਫ਼ ਆਰਥਕ ਝਟਕਾ ਨਹੀਂ, ਇਹ ਸਰਕਾਰ ਦੇ ਉਸ ਫ਼ੈਸਲੇ ਦਾ ਸਿੱਧਾ ਨਤੀਜਾ ਹੈ, ਜਿਸ ਰਾਹੀਂ ਉਸ ਨੇ ਜੰਗੀ ਅਪਰਾਧੀਆਂ ਨਾਲ ਹੱਥ ਮਿਲਾ ਕੇ ਅਮਰੀਕਾ ਨਾਲ ਵਪਾਰਕ ਸਮਝੌਤਿਆਂ ਰਾਹੀਂ ਭਾਰਤੀ ਖੇਤੀਬਾੜੀ ਨੂੰ ਲੁੱਟ ਲਈ ਖੋਲ੍ਹ ਦਿੱਤਾ ਹੈ।ਆਪਣੇ ਫਾਇਦਿਆਂ ਲਈ ਲਗਾਈ ਗਈ ਜੰਗ ਕੱਚੇ ਤੇਲ ਦੀ ਸਪਲਾਈ ਵਿੱਚ ਸੰਕਟ ਪੈਦਾ ਕਰ ਰਹੀ ਹੈ ਅਤੇ ਹੋਰ ਆਰਥਿਕ ਤੇ ਰਣਨੀਤਕ ਚਿੰਤਾਵਾਂ ਵਧਾ ਰਹੀ ਹੈ।ਜੰਗੀ ਹਾਲਾਤ ਕਾਰਨ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਭਾਰੀ ਵਾਧਾ ਹੋਇਆ ਹੈ। ਬ੍ਰੈਂਟ ਕਰੂਡ ਦੀ ਕੀਮਤ ਪਿਛਲੇ ਹਫ਼ਤੇ 84 ਡਾਲਰ ਤੱਕ ਪਹੁੰਚ ਗਈ। ਕੱਚੇ ਤੇਲ ਦੀ ਕੀਮਤ ਵਿੱਚ ਇੱਕ ਡਾਲਰ ਦਾ ਵਾਧਾ ਭਾਰਤ ਦੀ ਆਯਾਤ ਲਾਗਤ ਵਿੱਚ ਲੱਗਭੱਗ 2 ਅਰਬ ਡਾਲਰ ਦਾ ਵਾਧਾ ਕਰਦਾ ਹੈ। ਇਸ ਪਿਛੋਕੜ ਵਿੱਚ ਭਾਰਤੀ ਰੁਪਏ ਵਿੱਚ ਭਾਰੀ ਉਥਲ-ਪੁਥਲ ਦੇਖੀ ਗਈ। 5 ਮਾਰਚ ਨੂੰ ਰਿਜ਼ਰਵ ਬੈਂਕ ਦੀ ਦਖ਼ਲਅੰਦਾਜ਼ੀ ਕਾਰਨ ਰੁਪਈਆ ਮੁਸ਼ਕਲ ਨਾਲ 91.82 ਦੇ ਪੱਧਰ 'ਤੇ ਟਿਕਿਆ। ਇਸ ਨਾਲ ਆਯਾਤ ਹੋਰ ਮਹਿੰਗਾ ਹੋ ਰਿਹਾ ਹੈ।

ਕੱਚੇ ਤੇਲ ਦੀਆਂ ਵਧਦੀਆਂ ਕੀਮਤਾਂ ਦਾ ਸਭ ਤੋਂ ਵੱਡਾ ਅਸਰ ਕਿਸਾਨਾਂ 'ਤੇ ਪਵੇਗਾ। ਤੇਲ ਦੀ ਉਪਲੱਬਧਤਾ ਦਾ ਸੰਕਟ ਖਾਦਾਂ ਦੇ ਉਤਪਾਦਨ 'ਤੇ ਸਿੱਧਾ ਪ੍ਰਭਾਵ ਪਾਉਂਦਾ ਹੈ। ਜੇ ਸਰਕਾਰ ਖਾਦ ਸਬਸਿਡੀ ਨਹੀਂ ਵਧਾਉਂਦੀ ਤਾਂ ਆਉਣ ਵਾਲੇ ਸੀਜ਼ਨ ਵਿੱਚ ਖਾਦਾਂ ਦੀਆਂ ਕੀਮਤਾਂ ਉੱਚੀਆਂ ਰਹਿਣਗੀਆਂ, ਜਿਸ ਨਾਲ ਕਿਸਾਨਾਂ ਦੀ ਉਤਪਾਦਨ ਲਾਗਤ ਹੋਰ ਵਧੇਗੀ। ਜੰਗ ਨੇ ਹੋਰਮੂਜ਼ ਦੀ ਖਾੜੀ ਨੂੰ ਜਾਮ ਕਰ ਦਿੱਤਾ ਹੈ, ਜਿੱਥੋਂ ਭਾਰਤ ਦੇ 56 ਫੀਸਦੀ ਨਿਰਯਾਤ ਜਹਾਜ਼ ਲੰਘਦੇ ਹਨ। ਲੱਖਾਂ ਲੋਕਾਂ ਦੀ ਸੰਭਾਵਿਤ ਆਮਦਨ ਇਕ ਰਾਤ ਵਿੱਚ ਕਰਜ਼ੇ ਵਿੱਚ ਬਦਲ ਗਈ ਹੈ।

ਉਨ੍ਹਾਂ ਕਿਹਾ ਕਿ ਬਾਸਮਤੀ ਚੌਲ 4 ਲੱਖ ਟਨ (3,200 ਕਰੋੜ ਰੁਪਏ) ਫਸ ਗਿਆ ਹੈ। 2 ਲੱਖ ਟਨ ਬੰਦਰਗਾਹਾਂ 'ਤੇ, 2 ਲੱਖ ਟਨ ਸਮੁੰਦਰ ਵਿੱਚ।ਫਾਰਮ-ਗੇਟ ਕੀਮਤਾਂ 4 ਦਿਨਾਂ ਵਿੱਚ ਲਗਭਗ 6 ਫੀਸਦੀ ਡਿੱਗ ਗਈਆਂ, 25 ਤੋਂ 30 ਲੱਖ ਪਰਵਾਰ ਪ੍ਰਭਾਵਤ ਹੋਏ ਹਨ।ਸਿਰਫ਼ ਸੋਲਾਪੁਰ ਤੋਂ 1,200 ਕੰਟੇਨਰ ਕੇਲੇ ਕੋਲਡ ਸਟੋਰੇਜ ਵਿੱਚ ਫਸ ਗਏ ਹਨ।

ਰੋਜ਼ਾਨਾ 8,500 ਰੁਪਏ ਪ੍ਰਤੀ ਕੰਟੇਨਰ ਡੈਮਰੇਜ ਲਾਗਤ ਹੈ।6,000 ਟਨ ਅੰਗੂਰ ਵਾਪਸ ਲੈ ਕੇ ਘਰੇਲੂ ਮਾਰਕੀਟ ਵਿੱਚ ਘੱਟ ਕੀਮਤ 'ਤੇ ਵੇਚਣੇ ਪੈ ਰਹੇ ਹਨ।ਨਾਸਕ ਦੇ 5,400 ਟਨ ਪਿਆਜ਼ ਜਵਾਹਰ ਲਾਲ ਨਹਿਰੂ ਪੋਰਟ 'ਤੇ ਸੜ ਰਹੇ ਹਨ।ਰੋਜ਼ਾਨਾ 80 ਲੱਖ ਅੰਡੇ ਖਾੜੀ ਦੇਸ਼ਾਂ ਲਈ ਰੁਕੇ ਹੋਏ ਹਨ ਤੇ ਘਰੇਲੂ ਬਾਜ਼ਾਰ ਵਿੱਚ ਕੀਮਤਾਂ ਡਿੱਗ ਗਈਆਂ ਹਨ। ਸਿਰਫ਼ ਬਾਸਮਤੀ ਖੇਤਰ ਵਿੱਚ 1.6 ਕਰੋੜ ਮਜ਼ਦੂਰੀ-ਦਿਨ ਖਤਰੇ ਵਿੱਚ ਪੈ ਗਏ ਹਨ।

ਉਨ੍ਹਾ ਮੰਗ ਕੀਤੀ ਹੈ ਕਿ ਪ੍ਰਭਾਵਤ ਪਰਵਾਰਾਂ ਨੂੰ 50,000 ਰੁਪਏ ਪ੍ਰਤੀ ਹੈਕਟੇਅਰ ਇਕਮੁਸ਼ਤ ਸਹਾਇਤਾ ਦਿੱਤੀ ਜਾਵੇ। ਨੈਫੇਡ ਅਤੇ ਐੱਫ ਸੀ ਆਈ ਤੁਰੰਤ ਪਿਆਜ਼, ਕੇਲੇ, ਅੰਗੂਰ ਆਦਿ ਨੂੰ ਸੰਕਟ ਤੋਂ ਪਹਿਲਾਂ ਦੀ ਕੀਮਤ 'ਤੇ ਖਰੀਦਣ, ਪਿਆਜ਼ ਲਈ 2,500 ਰੁਪਏ ਪ੍ਰਤੀ ਕੁਇੰਟਲ ਸਬਸਿਡੀ ਦਿੱਤੀ ਜਾਵੇ, ਡੈਮਰੇਜ ਅਤੇ ਸਟੋਰੇਜ ਫ਼ੀਸਾਂ ਸਰਕਾਰ ਭਰੇ, ਪ੍ਰਭਾਵਤ ਕਿਸਾਨਾਂ ਦੇ ਖੇਤੀ ਕਰਜ਼ੇ ਅਤੇ ਵਿਆਜ ਮਾਫ਼ ਕੀਤੇ ਜਾਣ। ਪੋਰਟਰਾਂ ਅਤੇ ਮਜ਼ਦੂਰਾਂ ਲਈ 10,000 ਰੁਪਏ ਪ੍ਰਤੀ ਮਹੀਨਾ ਸਹਾਇਤਾ ਦਿੱਤੀ ਜਾਵੇ।

ਉਨ੍ਹਾਂ ਇਹ ਵੀ ਮੰਗ ਕੀਤੀ ਕਿ ਕਿਸਾਨ ਵਿਰੋਧੀ ਵਪਾਰ ਸਮਝੌਤੇ ਰੱਦ ਕੀਤੇ ਜਾਣ। ਸਾਮਰਾਜੀ ਗਠਜੋੜਾਂ ਤੋਂ ਦੂਰ ਰਿਹਾ ਜਾਵੇ, ਅਮਰੀਕਾ-ਇਜ਼ਰਾਈਲ ਹਮਲੇ ਦੀ ਸਪੱਸ਼ਟ ਨਿੰਦਾ ਕੀਤੀ ਜਾਵੇ। ਜੇ ਸਰਕਾਰ ਨੇ ਅਮਰੀਕੀ ਸਾਮਰਾਜਵਾਦ ਲਈ ਭਾਰਤੀ ਕਿਸਾਨਾਂ ਦੀ ਕੁਰਬਾਨੀ ਦੇਣੀ ਜਾਰੀ ਰੱਖੀ ਤਾਂ 2020-21 ਤੋਂ ਵੀ ਵੱਡਾ ਅੰਦੋਲਨ ਖੜ੍ਹਾ ਹੋਵੇਗਾ।

## ਮੋਦੀ ਇੱਕ ਕਮਜ਼ੋਰ ਪ੍ਰਧਾਨ ਮੰਤਰੀ ਸਾਬਤ ਹੋਏ : ਕੁਲਤਾਰ ਸੰਧਵਾਂ

**ਚੰਡੀਗੜ੍ਹ** : ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅਮਰੀਕਾ ਵੱਲੋਂ ਭਾਰਤ ਨੂੰ ਤੇਲ ਖਰੀਦਣ ਦੀ ਪ੍ਰਵਾਨਗੀ ਦੇਣ 'ਤੇ ਨਾਰਾਜ਼ਗੀ ਜ਼ਾਹਰ ਕੀਤੀ ਹੈ। ਉਨ੍ਹਾ ਕਿਹਾ ਕਿ ਭਾਰਤ ਇੱਕ ਆਜ਼ਾਦ ਦੇਸ਼ ਹੈ ਅਤੇ ਭਾਰਤ ਨੇ ਕਿਸ ਨਾਲ ਵਪਾਰ ਕਰਨਾ ਹੈ, ਇਸ ਦੀ ਪ੍ਰਵਾਨਗੀ ਅਮਰੀਕਾ ਵਰਗੇ ਦੇਸ਼ ਨਹੀਂ ਦੇਣਗੇ। ਉਨ੍ਹਾ ਕਿਹਾ ਕਿ ਭਾਰਤ ਨੂੰ ਕਿਸੇ ਵੀ ਮੁਲਕ ਨਾਲ ਵਪਾਰ ਕਰਨ ਲਈ ਕਿਸੇ ਦੀ ਪ੍ਰਵਾਨਗੀ ਦੀ ਲੋੜ ਨਹੀਂ ਹੈ, ਪਰ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਾਸ਼ਟਰਪਤੀ ਡੋਨਾਲਡ ਟਰੰਪ ਮੂਹਰੇ ਗੋਡੇ ਟੇਕ ਦਿੱਤੇ ਹਨ। ਉਨ੍ਹਾ ਕਿਹਾ ਕਿ ਨਰਿੰਦਰ ਮੋਦੀ ਇੱਕ ਕਮਜ਼ੋਰ ਪ੍ਰਧਾਨ ਮੰਤਰੀ ਸਾਬਤ ਹੋ ਰਹੇ ਹਨ, ਜਦੋਂ ਕਿ ਨਰਿੰਦਰ ਮੋਦੀ ਨੂੰ ਚਾਹੀਦਾ ਹੈ ਕਿ ਉਹ ਇੱਕ ਆਜ਼ਾਦ ਦੇਸ਼ ਦੇ ਪ੍ਰਧਾਨ ਮੰਤਰੀ ਹਨ ਅਤੇ ਉਨ੍ਹਾਂ ਨੂੰ ਡੋਨਾਲਡ ਟਰੰਪ ਵਰਗਿਆਂ ਨੂੰ ਸਾਫ਼ ਕਰ ਦੇਣਾ ਚਾਹੀਦਾ ਹੈ ਕਿ ਸਾਨੂੰ ਕਿਸੇ ਨਾਲ ਵਪਾਰ ਲਈ ਕਿਸੇ ਤੋਂ ਪ੍ਰਵਾਨਗੀ ਲੈਣ ਦੀ ਜ਼ਰੂਰਤ ਨਹੀਂ ਹੈ।

# ਮੁਲਾਜ਼ਮ ਜਥੇਬੰਦੀਆਂ ਨੇ ਮੁੱਖ ਮੰਤਰੀ ਦੀ ਅਰਥੀ ਫੂਕੀ

## ਸਰਕਾਰੀ ਕਰਮਚਾਰੀ ਭਲਕੇ ਕਰਨਗੇ ਵਿਧਾਨ ਸਭਾ ਦਾ ਘਿਰਾਓ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ, ਪੰਜਾਬ ਰਾਜ ਜ਼ਿਲ੍ਹਾ ਡੀ.ਸੀ. ਦਫ਼ਤਰ ਕਰਮਚਾਰੀ ਯੂਨੀਅਨ, ਸੀ.ਪੀ.ਐੱਫ. ਕਰਮਚਾਰੀ ਯੂਨੀਅਨ, ਟੀਚਰਜ਼ ਯੂਨੀਅਨ ਤੇ ਹੋਰ ਮੁਲਾਜ਼ਮ ਜਥੇਬੰਦੀਆਂ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਦੀ ਪੂਰਤੀ ਲਈ ਤਿੱਖੇ ਸੰਘਰਸ਼ ਦੀ ਸ਼ੁਰੂਆਤ ਕਰ ਦਿੱਤੀ ਹੈ, ਜਿਸ ਦੇ ਚਲਦਿਆਂ 8 ਮਾਰਚ ਨੂੰ ਮੁਹਾਲੀ ਦੇ ਵਾਈ.ਪੀ.ਐੱਸ. ਚੌਕ ਵਿੱਚ ਹਜ਼ਾਰਾਂ ਮੁਲਾਜ਼ਮਾਂ ਵੱਲੋਂ ਭਰਵੀਂ ਰੈਲੀ ਕਰਕੇ ਸਰਕਾਰ ਦੇ ਦਾਅਵਿਆਂ ਦੀ ਹਵਾ ਕੱਢੀ ਜਾਵੇਗੀ ਤੇ ਰੈਲੀ ਉਪਰੰਤ ਵਿਧਾਨ ਸਭਾ ਦੇ ਬਜਟ ਸੈਸ਼ਨ ਦਾ ਵਿਰੋਧ ਕਰਦਿਆਂ ਘਿਰਾਓ ਕੀਤਾ ਜਾਵੇਗਾ।ਇਹ ਜਾਣਕਾਰੀ ਪੀ ਐੱਸ ਐੱਮ ਐੱਸ ਯੂ ਸ਼੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਪ੍ਰਧਾਨ ਖੁਸ਼ਕਰਨ ਸਿੰਘ ਤੇ ਜਨਰਲ ਸਕੱਤਰ ਪੁਸ਼ਪਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਿੱਤੀ।ਉਨ੍ਹਾਂ ਦੱਸਿਆ ਕਿ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪੂਰਤੀ ਲਈ ਪਿਛਲੇ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੀਆਂ ਹਨ, ਪ੍ਰੰਤੂ ਹਰ ਵਾਰ ਸਰਕਾਰ ਮੀਟਿੰਗਾਂ ਦਾ ਸਮਾਂ ਦੇ ਕੇ ਮੀਟਿੰਗਾਂ ਤੋਂ ਭੱਜ ਜਾਂਦੀ ਹੈ ਜਾਂ ਮੀਟਿੰਗਾਂ ਵਿੱਚ ਮੰਨੀਆਂ ਗਈਆਂ ਮੰਗਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਹੀ ਨਹੀਂ ਕਰਦੀ, ਜਿਸ ਕਰਕੇ ਸਮੂਹ ਕਰਮਚਾਰੀਆਂ ਵਿੱਚ ਰੋਸ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਆਗੂਆਂ ਦੇ ਦੱਸਿਆ ਕਿ ਸੂਬਾ ਪੱਧਰੀ ਜਥੇਬੰਦੀ ਵੱਲੋਂ ਲਏ ਗਏ ਫੈਸਲੇ ਅਨੁਸਾਰ ਅੱਜ ਜ਼ਿਲ੍ਹਾ ਮੁਕਾਮ 'ਤੇ ਮੁੱਖ ਮੰਤਰੀ ਦੀ ਅਰਥੀ ਫੂਕੀ ਗਈ ਤੇ ਹੁਣ 8 ਮਾਰਚ ਨੂੰ ਜ਼ਿਲ੍ਹੇ ਦੇ ਸਮੂਹ ਕਰਮਚਾਰੀ ਮੁਹਾਲੀ ਵਿਖੇ ਰੈਲੀ ਵਿੱਚ ਸ਼ਾਮਲ ਹੋਣਗੇ ਅਤੇ ਵਿਧਾਨ ਸਭਾ ਦਾ ਘਿਰਾਓ ਕਰਨਗੇ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪੂਰਤੀ ਨਾ ਕੀਤੀ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰੋਡਵੇਜ਼ ਵਿਭਾਗ, ਸਿੰਚਾਈ ਵਿਭਾਗ, ਸਿੱਖਿਆ ਵਿਭਾਗ, ਸਿਹਤ ਵਿਭਾਗ, ਖੇਤੀਬਾੜੀ ਵਿਭਾਗ, ਡਰੇਨੇਜ਼ ਵਿਭਾਗ, ਭੂਮੀ ਰੱਖਿਆ ਵਿਭਾਗ, ਐਕਸਾਈਜ਼ ਵਿਭਾਗ, ਜੀ.ਐੱਸ.ਟੀ., ਸਮਾਜਿਕ ਸਿੱਖਿਆ ਵਿਭਾਗ ਤੇ ਜ਼ਿਲ੍ਹੇ ਦੇ ਸਮੂਹ ਵਿਭਾਗਾਂ ਦੇ ਕਰਮਚਾਰੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਪੀ ਏ ਯੂ ਇੰਪਲਾਈਜ਼ ਯੂਨੀਅਨ ਚੋਣਾਂ 'ਚ ਅੰਬ ਗਰੁੱਪ ਦੀ ਹੂੰਝਾਫੇਰ ਜਿੱਤ

### ਬਲਦੇਵ ਸਿੰਘ ਵਾਲੀਆ ਨੇ ਛੇਵੀਂ ਵਾਰ ਸੰਭਾਲਿਆ ਪ੍ਰਧਾਨ ਦਾ ਚਾਰਜ



**ਲੁਧਿਆਣਾ (ਰੈਕਟਰ ਕਥੂਰੀਆ)**-ਪੀ.ਏ.ਯੂ. ਇੰਪਲਾਈਜ਼ ਯੂਨੀਅਨ ਦੀਆਂ ਹੋਈਆਂ ਚੋਣਾਂ ਵਿੱਚ ਅੰਬ ਗਰੁੱਪ ਦੀ ਹੂੰਝਾ ਫੇਰ ਜਿੱਤ ਤੋਂ ਬਾਅਦ ਪੀ.ਏ.ਯੂ. ਇੰਪਲਾਈਜ਼ ਯੂਨੀਅਨ ਦੀ ਨਵੀਂ ਚੁਣੀ ਗਈ ਐਗਜ਼ੈਕਟਿਵ ਨੇ ਬਲਦੇਵ ਸਿੰਘ ਵਾਲੀਆ ਪ੍ਰਧਾਨ ਤੇ ਜਨਰਲ ਸਕੱਤਰ ਮਨਮੋਹਣ ਸਿੰਘ ਦੀ ਅਗਵਾਈ ਵਿੱਚ ਯੂਨੀਅਨ ਦੇ ਦਫ਼ਤਰ ਵਿੱਚ 2026-2028 ਦੀ ਟਰਮ ਲਈ ਕਾਰਜ ਭਾਗ ਸੰਭਾਲ ਲਿਆ ਹੈ।ਇਲੈਕਸ਼ਨ ਕਮੇਟੀ ਦੇ ਚੇਅਰਮੈਨ ਜਗਜੀਤ ਸਿੰਘ ਨੇ ਆਪਣੀ ਪੂਰੀ ਕਮੇਟੀ ਨਾਲ ਯੂਨੀਅਨ ਦਫ਼ਤਰ ਪਹੁੰਚ ਕੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਰਸਮੀ ਤੌਰ 'ਤੇ ਯੂਨੀਅਨ ਦਫ਼ਤਰ ਦਾ ਚਾਰਜ ਦਿੱਤਾ।ਇਸ ਮੌਕੇ ਵੱਡੀ ਗਿਣਤੀ ਵਿੱਚ ਮੁਲਾਜ਼ਮ ਇੱਕਠੇ ਹੋਏ।ਜਨਰਲ ਸਕੱਤਰ ਮਨਮੋਹਨ ਸਿੰਘ ਵੱਲੋਂ ਇਲੈਕਸ਼ਨ ਕਮੇਟੀ ਦੇ ਚੇਅਰਮੈਨ, ਉਨ੍ਹਾਂ ਦੀ ਟੀਮ ਤੇ ਸਮੂਹ ਸਾਥੀ ਗਰੁੱਪਾਂ ਅਤੇ ਮੁਲਾਜ਼ਮਾਂ ਦਾ ਧੰਨਵਾਦ ਕੀਤਾ।ਪ੍ਰਧਾਨ ਬਲਦੇਵ ਸਿੰਘ ਵਾਲੀਆ ਨੇ ਇਸ ਮੌਕੇ ਕਿਹਾ ਕਿ ਮੁਲਾਜ਼ਮਾਂ ਨੇ ਉਨ੍ਹਾਂ ਨੂੰ ਲਗਾਤਾਰ ਛੇਵੀਂ ਵਾਰ ਰਿਕਾਰਡ ਲੀਡ ਨਾਲ ਜਿਤਾ ਕੇ ਉਨ੍ਹਾਂ ਦੇ ਮੋਢਿਆਂ 'ਤੇ ਬਹੁਤ ਵੱਡੀ ਜ਼ਿੰਮੇਵਾਰੀ ਪਾਈ ਹੈ।ਉਨ੍ਹਾਂ ਨੇ ਮੁਲਾਜ਼ਮਾਂ ਨੂੰ ਕਿਹਾ ਕਿ ਆਉਣ ਵਾਲਾ ਸਮਾਂ ਮੁਲਾਜ਼ਮਾਂ ਲਈ ਬਹੁਤ ਸੰਘਰਸ਼ ਪੂਰਨ ਹੈ ਤੇ ਮੁਲਾਜ਼ਮਾਂ ਨੂੰ ਵੱਡੇ ਸੰਘਰਸ਼ਾਂ ਲਈ ਤਿਆਰ ਰਹਿਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਅੰਬ ਗਰੁੱਪ ਵੱਲੋਂ, ਜੋ ਮੈਨੀਫੈਸਟੋ ਜਾਰੀ ਕੀਤਾ ਗਿਆ ਸੀ, ਉਸ ਵਿੱਚ ਦਿੱਤੀਆਂ ਮੰਗਾਂ ਸਿਰੇ ਚਾੜ੍ਹਨ ਲਈ ਉਹ ਹਮੇਸ਼ਾ ਵਚਨਬੱਧ ਰਹਿਣਗੇ।

## ਸਿਵਲ ਸਰਜਨ ਨੇ ਕੀਤਾ ਸੀ ਐੱਚ ਸੀ ਦੋਦਾ ਦਾ ਦੌਰਾ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸ਼ੁੱਕਰਵਾਰ ਨੂੰ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਡਾ. ਸੁਨੀਲ ਬਾਂਸਲ ਵੱਲੋਂ ਸਵੇਰੇ ਸੀ ਐੱਚ ਸੀ ਦੋਦਾ ਦਾ ਦੌਰਾ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਵੱਲੋਂ ਓਪੀਡੀ ਤੇ ਆਈਪੀਡੀ ਬਲਾਕ ਅਤੇ ਲੇਬਰ ਰੂਮ ਦਾ ਦੌਰਾ ਕਰਕੇ ਮਰੀਜ਼ਾਂ ਨੂੰ ਮਿਲ ਰਹੀਆਂ ਸਿਹਤ ਸੇਵਾਵਾਂ ਦੀ ਜਾਂਚ ਕੀਤੀ।ਇਸ ਮੌਕੇ ਮਰੀਜ਼ਾਂ ਨੂੰ ਦਿੱਤੀਆਂ ਜਾਂਦੀਆਂ ਸਿਹਤ ਸੇਵਾਵਾਂ, ਸਿਹਤ ਸਟਾਫ ਦੇ ਡਿਊਟੀ ਰੋਸਟਰ, ਦਵਾਈ ਵੰਡ ਪ੍ਰਣਾਲੀ, ਟੈਸਟਾਂ ਦੀ ਉਪਲਬਧਤਾ ਤੇ ਸੰਸਥਾ ਵਿਖੇ ਸਾਫ-ਸਫ਼ਾਈ ਦੀ ਜਾਂਚ ਵੀ ਕੀਤੀ।ਇਸ ਮੌਕੇ ਡਾ. ਸੁਨੀਲ ਬਾਂਸਲ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਐੱਚ ਪੀ ਵੀ ਵੈਕਸੀਨ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ।ਇਹ ਵੈਕਸੀਨ 14 ਸਾਲ ਦੀ ਉਮਰ ਦੀਆਂ ਬੱਚੀਆਂ ਨੂੰ ਮੁਫਤ ਲਗਾਈ ਜਾ ਰਹੀ ਹੈ ਤਾਂ ਜੋ ਭਵਿੱਖ ਵਿੱਚ ਸਰਵਾਈਕਲ ਕੈਂਸਰ (ਬੱਚੇਦਾਨੀ ਦੇ ਮੂੰਹ ਦਾ ਕੈਂਸਰ) ਦੇ ਮਾਮਲਿਆਂ ਵਿੱਚ ਕਮੀਂ ਲਿਆਂਦੀ ਜਾ ਸਕੇ।ਉਨ੍ਹਾ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਬੱਚੀਆਂ ਨੂੰ ਇਹ ਟੀਕਾ ਜ਼ਰੂਰ ਲਗਵਾਉਣ ਤੇ ਸਿਹਤ ਵਿਭਾਗ ਨੂੰ ਸਹਿਯੋਗ ਦੇਣ।ਇਸ ਮੌਕੇ ਸਿਵਲ ਸਰਜਨ ਨੇ ਲੈਬ, ਫਾਰਮੇਸੀ ਤੇ ਰਜਿਸਟ੍ਰੇਸ਼ਨ ਕਾਊਂਟਰ ਦੀ ਵੀ ਜਾਂਚ ਕੀਤੀ।ਇਸ ਮੌਕੇ ਡਾ. ਰੋਬਿਨ ਕੁਮਾਰ ਸੀਨੀਅਰ ਮੈਡੀਕਲ ਅਫਸਰ, ਕੁਲਵਿੰਦਰ ਸਿੰਘ ਸੀਨੀਅਰ ਸਹਾਇਕ, ਗਗਨਦੀਪ ਸਿੰਘ ਭੁੱਲਰ ਬੀ.ਈ.ਈ, ਸਰਬਜੀਤ ਸਿੰਘ, ਲਖਵੀਰ ਸਿੰਘ ਸਟੈਨੋ, ਹਰਿੰਦਰ ਕੌਰ ਬੀ ਐੱਸ ਏ ਆਦਿ ਮੌਜੂਦ ਸਨ।

## ਬਲਾਕ ਸੰਮਤੀ ਮਖੂ ਦੇ ਜੀਵਨਜੋਤ ਚੇਅਰਪਰਸਨ ਤੇ ਸਾਰਜ ਸਿੰਘ ਵਾਇਸ ਚੇਅਰਮੈਨ ਚੁਣੇ



**ਮੱਖੂ (ਰਫ਼ਪਾਲ ਸਿੰਘ ਸੰਧੂ)**-ਸਤਿੰਦਰਪਾਲ ਸਿੰਘ, ਵਿਧਾਇਕ ਨਰੇਸ਼ ਕਟਾਰੀਆ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸ਼ੰਕਰ ਕਟਾਰੀਆ ਤੇ ਬੀਡੀਪੀਓ ਮਖੂ ਵਿਜੇ ਵਿਕਰਾਂਤ ਦੀ ਹਾਜ਼ਰੀ ਵਿੱਚ ਕੀਤੀ ਗਈ, ਜਿਸ ਵਿੱਚ ਸਰਬਸੰਮਤੀ ਨਾਲ ਆਮ ਪਾਰਟੀ ਦੇ ਸ੍ਰੀਮਤੀ ਜੀਵਨਜੋਤ ਕੌਰ ਪਤਨੀ ਸਤਜੀਵਨ ਸਿੰਘ ਫ਼ਤਿਹਗੜ੍ਹ ਸਭਰਾਂ ਚੇਅਰਪਰਸਨ ਤੇ ਸਾਰਜ ਸਿੰਘ ਬਾਠ ਡਿੱਬਵਾਲਾ ਜੋਗੇਵਾਲਾ ਵਾਈਸ ਚੇਅਰਮੈਨ ਚੁਣੇ ਗਏ।ਇਸ ਮੌਕੇ ਵਿਧਾਇਕ ਨਰੇਸ਼ ਕਟਾਰੀਆ ਨੇ ਕਿਹਾ ਕਿ ਬਲਾਕ ਮਖੂ ਦੇ ਹਰ ਪਿੰਡਾਂ ਵਿੱਚ ਬਿਨਾਂ ਭੇਦ-ਭਾਵ ਦੇ ਗਰਾਂਟਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਹਰ ਪਿੰਡ ਵਿੱਚ ਅਥਾਹ ਵਿਕਾਸ ਦੇ ਕੰਮ ਚੱਲ ਰਹੇ ਹਨ।ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸ਼ੰਕਰ ਕਟਾਰੀਆ ਨੇ ਬਲਾਕ ਸੰਮਤੀ ਦੇ ਜੋ 15 ਮੈਂਬਰ ਸਰਬਸੰਮਤੀ ਨਾਲ ਆਮ ਆਦਮੀ ਪਾਰਟੀ ਦੇ ਚੁਣੇ ਗਏ ਸਨ, ਉਨ੍ਹਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਬਲਾਕ ਸੰਮਤੀ ਦੀ ਚੋਣ ਜੋ ਸਰਬਸੰਮਤੀ ਨਾਲ ਹੋਈ ਹੈ, ਸਾਰੇ ਵਧਾਈ ਦੇ ਪਾਤਰ ਹਨ। ਫੋਟੋ ਕੈਪਸ਼ਨ : ਬਲਾਕ ਸੰਮਤੀ ਮਖੂ ਦੇ ਚੁਣੇ ਗਏ ਚੇਅਰਪਰਸਨ ਤੇ ਵਾਈਸ ਚੇਅਰਮੈਨ ਨਾਲ ਵਿਧਾਇਕ ਨਰੇਸ਼ ਕਟਾਰੀਆ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸ਼ੰਕਰ ਕਟਾਰੀਆ ਤੇ ਹੋਰ।

## ਬਠਿੰਡਾ ਧਰਨੇ 'ਚ ਕਿਸਾਨਾਂ ਨੇ ਵੱਡੀ ਗਿਣਤੀ 'ਚ ਕੀਤੀ ਸ਼ਮੂਲੀਅਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਬਠਿੰਡਾ ਜ਼ਿਲ੍ਹੇ ਦੇ ਪਿੰਡ ਜਿਉਂਦ ਵਿੱਚ ਕਿਸਾਨਾਂ ਉੱਤੇ ਪੁਲਸ ਵੱਲੋਂ ਕੀਤੇ ਗਏ ਅੰਨ੍ਹੇ ਤਸ਼ੱਦਦ ਖਿਲਾਫ ਬਠਿੰਡਾ ਵਿਖੇ ਦਿੱਤੇ ਜਾ ਰਹੇ ਧਰਨੇ ਵਿੱਚ ਸੂਬਾ ਵਿੱਥ ਸਕੱਤਰ ਜਸਵਿੰਦਰ ਸਿੰਘ ਝਮੇਲਵਾਲੀ ਬਲਵਿੰਦਰ ਸਿੰਘ ਥਾਂਦੇਵਾਲਾ ਦੀ ਅਗਵਾਈ ਵਿੱਚ ਬਠਿੰਡੇ ਦਿੱਤੇ ਜਾ ਰਹੇ ਧਰਨੇ ਵਿੱਚ ਸ਼ਮੂਲੀਅਤ ਕੀਤੀ ਗਈ।ਸਰਕਾਰ ਦੀ ਸ਼ਹਿ 'ਤੇ ਐੱਸਐੱਸਪੀ ਜੋਤੀ ਯਾਦਵ ਤੇ ਉਸ ਦੀ ਪੁਲਸ ਵੱਲੋਂ ਪਿੰਡ ਜਿਉਂਦ ਵਿਖੇ ਕਿਸਾਨਾਂ 'ਤੇ ਕੀਤੇ ਅੰਨ੍ਹੇ ਤਸ਼ੱਦਦ ਖਿਲਾਫ ਕਿਸਾਨ, ਮਜ਼ਦੂਰ, ਮੁਲਾਜ਼ਮ ਜਥੇਬੰਦੀਆਂ ਤੇ ਹੋਰ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਧਰਨਾ ਦਿੱਤਾ ਜਾ ਰਿਹਾ ਹੈ, ਜਿਸ ਵਿੱਚ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਤੋਂ ਵੱਡੀ ਗਿਣਤੀ ਵਿੱਚ ਕਿਰਤੀ ਕਿਸਾਨ ਯੂਨੀਅਨ ਵੱਲੋਂ ਸ਼ਮੂਲੀਅਤ ਕੀਤੀ ਗਈ।ਇਸ ਮੌਕੇ ਜਾਣਕਾਰੀ ਦਿੰਦਿਆਂ ਦਵਿੰਦਰ ਸਿੰਘ ਲਬਾਣਿਆਂਵਾਲੀ, ਜਸਵੰਤ ਸਿੰਘ ਡੋਡਾਂਵਾਲੀ, ਗੁਰਸੇਵਕ ਸਿੰਘ ਸੰਗਰਾਣਾ, ਗੁਰਮੀਤ ਸਿੰਘ ਸੰਗਰਾਣਾ, ਜਸਪਾਲ ਸਿੰਘ ਬੂੜ੍ਹਾਗੁਜਰ ਨੇ ਦੱਸਿਆ ਕਿ ਭਗਵੰਤ ਮਾਨ ਸਰਕਾਰ ਕਾਰਪੋਰੇਟ ਘਰਾਣਿਆਂ ਦੀਆਂ ਨੀਤੀਆਂ ਨੂੰ ਲਾਗੂ ਕਰਨ ਲਈ ਪੰਜਾਬ ਅੰਦਰ ਪੁਲਸ ਰਾਜ ਬਣਾ ਰਹੀ ਹੈ ਤਾਂ ਕਿ ਲੋਕਾਂ ਦੇ ਹੱਕੀ ਸੰਘਰਸ਼ਾਂ ਨੂੰ ਕੁਚਲਿਆ ਜਾ ਸਕੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਲੱਖਾ ਸਿੰਘ ਬੜਿੰਗ, ਗਗਨਦੀਪ ਸਿੰਘ ਥਾਂਦੇਵਾਲਾ, ਗੁਰਜੀਤ ਸਿੰਘ ਤੇ ਹਰਮੀਤ ਸਿੰਘ ਲਬਾਣੇ ਵਾਲੀ ਆਦਿ ਕਿਸਾਨ ਹਾਜ਼ਰ ਸਨ।

## ਜ਼ਿਲ੍ਹਾ ਪ੍ਰੀਸ਼ਦ ਦਫਤਰ ਵਿਖੇ ਸੌ ਉਦਮੀ ਔਰਤਾਂ ਦਾ ਸਨਮਾਨ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਿਧਾਨ ਸਭਾ ਹਲਕਾ ਫਤਿਹਗੜ੍ਹ ਸਾਹਿਬ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਦਫ਼ਤਰ ਫਤਿਹਗੜ੍ਹ ਸਾਹਿਬ ਵਿਖੇ ਮਹਿਲਾ ਦਿਵਸ ਨੂੰ ਸਮਰਪਤ ਪ੍ਰੋਗਰਾਮ ਕੀਤਾ ਗਿਆ।ਇਸ ਮੌਕੇ 100 ਉੱਦਮੀ ਮਹਿਲਾਵਾਂ ਦਾ ਸਨਮਾਨ ਕੀਤਾ ਗਿਆ।ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਔਰਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ, ਜੋ ਔਰਤਾਂ ਨੂੰ ਮਰਦਾਂ ਦੇ ਬਰਾਬਰ ਕੰਮ ਕਰਨ ਲਈ ਮੌਕੇ ਪ੍ਰਦਾਨ ਕਰਦਾ ਹੈ।ਹਲਕਾ ਫਤਿਹਗੜ੍ਹ ਸਾਹਿਬ ਦੀਆਂ ਭੈਣਾਂ ਨੂੰ ਸਰਕਾਰ ਦੀ ਇਸ ਸਕੀਮ ਦਾ ਲਾਹਾ ਲੈਣਾ ਚਾਹੀਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ ਸੁਰਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਦੁਆਰਾ ਸ਼ੁਰੂ ਕੀਤੀ ਗਈ ਉੱਦਮੀ ਔਰਤਾਂ ਨੂੰ ਸਨਮਾਨਤ ਕਰਨ ਦੀ ਲੜੀ ਤਹਿਤ ਪੀ ਐੱਸ ਆਰ ਐੱਲ ਐੱਮ ਸਕੀਮ ਦੇ ਸਹਿਯੋਗ ਨਾਲ ਉਕਤ ਪ੍ਰੋਗਰਾਮ ਉਲੀਕਿਆ ਗਿਆ ਹੈ।ਇਸ ਤਹਿਤ ਪੰਜਾਬ ਸਰਕਾਰ ਵੱਲੋਂ ਤੈਅ ਕੀਤੀਆਂ ਗਈਆਂ ਥੀਮਾਂ ਨੂੰ ਮੁੱਖ ਰੱਖਦੇ ਹੋਏ ਹਲਕਾ ਵਾਈਜ਼ 100 ਉਦਮੀ ਮਹਿਲਾਵਾਂ ਦਾ ਟਰਾਫੀ ਤੇ ਸਰਟੀਫਿਕੇਟ ਦੇ ਨਾਲ ਸਨਮਾਨ ਕੀਤਾ ਗਿਆ।ਇਸ ਦੇ ਨਾਲ ਨਾਲ ਆਪਣੇ ਨਵੇਂ ਉੱਦਮ ਨੂੰ ਸ਼ੁਰੂ ਕਰਨ ਲਈ ਸਵੈ ਸਹਾਇਤਾ ਸਮੂਹ ਦੇ ਮੈਂਬਰਾਂ ਨੂੰ 8 ਲੱਖ 40 ਹਜ਼ਾਰ ਦੇ ਕਰਜ਼ੇ ਦੀ ਵੀ ਵੰਡ ਕੀਤੀ ਗਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਡੀਪੀਓ ਸਰਹਿੰਦ ਦੀਪ ਸ਼ਿਖਾ ਗਰਗ, ਜ਼ਿਲ੍ਹਾ ਤੇ ਬਲਾਕ ਮਹਿਲਾ ਵਿੰਗ ਪ੍ਰਧਾਨ ਆਮ ਆਦਮੀ ਪਾਰਟੀ ਆਦਿ ਹਾਜ਼ਰ ਸਨ।

## ਵਿਆਹੁਤਾ ਨੂੰ ਕੁੱਟਮਾਰ ਕਰਕੇ ਘਰੋਂ ਕੱਢਿਆ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਇੱਕ ਵਿਆਹੁਤਾ ਕੋਲੋਂ ਹੋਰ ਦਾਜ ਮੰਗਣ ਤੇ ਉਸ ਦੀ ਕੁੱਟਮਾਰ ਕਰਕੇ ਘਰੋਂ ਕੱਢਣ ਦੇ ਦੋਸ਼ ਵਿੱਚ ਥਾਣਾ ਵੂਮੈਨ ਫਿਰੋਜ਼ਪੁਰ ਪੁਲਸ ਨੇ ਵਿਆਹੁਤਾ ਦੇ ਪਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਹਰਜੀਤ ਸਿੰਘ ਨੇ ਦੱਸਿਆ ਕਿ ਪੜਤਾਲੀਆ ਰਿਪੋਰਟ ਦਰਖਾਸਤ ਨੰਬਰ ਯੂਆਈਡੀ-693899 ਮਿਤੀ 4 ਨਵੰਬਰ 2025 ਦਰਖਾਸਤੀ ਕਿਰਨ ਬਾਲਾ ਪਤਨੀ ਦੀਪਕ ਕੁਮਾਰ ਵਾਸੀ ਪੁਰਾਣੇ ਡਾਕਖਾਨੇ ਵਾਲੀ ਗਲੀ, ਮਖੂ, ਫਿਰੋਜ਼ਪੁਰ ਨੇ ਦੱਸਿਆ ਕਿ ਉਸ ਦਾ ਵਿਆਹ 1 ਅਪ੍ਰੈਲ 2024 ਨੂੰ ਦੀਪਕ ਕੁਮਾਰ ਪੁੱਤਰ ਹਰਬੰਸ ਲਾਲ ਵਾਸੀ ਪੱਤੀ ਖਾਸ ਕਲਾਂ ਕਾਲਾ ਸੰਘਿਆ ਜ਼ਿਲ੍ਹਾ ਕਪੂਰਥਲਾ ਨਾਲ ਹੋਇਆ ਸੀ। ਉਸ ਦੇ ਵਿਆਹ ਸਮੇਂ ਉਸ ਦੇ ਮਾਤਾ ਪਿਤਾ ਨੇ ਆਪਣੀ ਹੈਸੀਅਤ ਤੋਂ ਵੱਧ ਦਾਜ ਦਹੇਜ ਵੀ ਦਿੱਤਾ ਸੀ, ਪਰ ਉਸ ਦਾ ਪਤੀ ਦੀਪਕ ਕੁਮਾਰ ਇਸ ਦਾਜ ਤੋਂ ਖੁਸ਼ ਨਹੀਂ ਸੀ ਤੇ ਉਸ ਕੋਲੋਂ ਹੋਰ ਦਾਜ ਦੀ ਮੰਗ ਕਰਨ ਲੱਗਿਆ। ਵਿਆਹੁਤਾ ਕਿਰਨ ਬਾਲਾ ਨੇ ਦੱਸਿਆ ਕਿ ਉਸ ਵੱਲੋਂ ਇਨਕਾਰ ਕਰਨ 'ਤੇ ਉਸ ਦੇ ਪਤੀ ਦੀਪਕ ਕੁਮਾਰ ਨੇ ਉਸ ਦੀ ਕੁੱਟਮਾਰ ਕਰਕੇ ਘਰੋਂ ਕੱਢ ਦਿੱਤਾ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਹਰਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਵਿਆਹੁਤਾ ਦੇ ਬਿਆਨਾਂ 'ਤੇ ਉਸ ਦੇ ਪਤੀ ਦੀਪਕ ਕੁਮਾਰ ਖਿਲਾਫ ਮਾਮਲਾ ਦਰਜ ਕਰ ਲਿਆ ਹੈ ਤੇ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ।

## ਸ੍ਰੀ ਰਾਮ ਕਾਲਜ ਡੱਲਾ ਵਿਖੇ ਇਨਾਮ ਵੰਡ ਸਮਾਰੋਹ



**ਹਠੂਰ (ਨਛੱਤਰ ਸੰਧੂ)**-ਸ੍ਰੀ ਰਾਮ ਕਾਲਜ ਡੱਲਾ ਵਿਖੇ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ।ਇਸ ਵਿੱਚ ਅਕਾਦਮਿਕ, ਸੱਭਿਆਚਾਰਕ ਤੇ ਖੇਡਾਂ ਦੇ ਖੇਤਰ ਵਿੱਚ ਚੰਗੀਆਂ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ।ਪ੍ਰਿੰਸੀਪਲ ਪ੍ਰਭਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੈਸ਼ਨ 2024-25 ਵਿੱਚ ਕਾਲਜ ਵਿੱਚ ਚੱਲ ਰਹੇ ਕੋਰਸਾਂ (ਬੀ ਏ, ਬੀ ਕਾਮ, ਐੱਮ.ਏ, ਪੀ.ਜੀ.ਡੀ.ਸੀ.ਏ) ਦੇ ਵਿਦਿਆਰਥੀਆਂ ਦੇ ਨਤੀਜੇ ਬਹੁਤ ਸ਼ਾਨਦਾਰ ਰਹੇ।ਇਸ ਦੇ ਨਾਲ ਹੀ ਖੇਡਾਂ ਦੇ ਖੇਤਰ ਵਿੱਚ ਵੀ ਸਾਡੇ ਕਾਲਜ ਦੇ ਖਿਡਾਰੀਆਂ ਨੇ ਚੰਗਾ ਪ੍ਰਦਰਸ਼ਨ ਕੀਤਾ।ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਕਰਵਾਏ ਗਏ ਅੰਤਰ-ਕਾਲਜ ਮੁਕਾਬਲਿਆਂ ਵਿੱਚ ਸਾਡੇ ਕਾਲਜ ਦੇ ਖਿਡਾਰੀਆਂ ਨੇ ਅਲੱਗ-ਅਲੱਗ ਖੇਡਾਂ ਜਿਵੇਂ ਕਿ ਫੁੱਟਬਾਲ, ਰੈਸਲਿੰਗ ਫਰੀ ਸਟਾਇਲ, ਰੈਸਲਿੰਗ ਗਰੀਕੋ ਰੋਮਨ ਸਟਾਈਲ, ਬਾਕਸਿੰਗ 'ਚੋਂ ਕੁਲ ਚੌਦਾਂ ਤਮਗੇ ਪ੍ਰਾਪਤ ਕਰਕੇ ਕਾਲਜ ਦਾ ਨਾਂਅ ਮੋਹਰੀਆਂ ਵਿੱਚ ਦਰਜ ਕਰਵਾਇਆ। ਯੁਵਕ ਵਿਰਾਸਤੀ ਮੇਲੇ ਵਿੱਚ ਹੋਈਆਂ ਸੱਭਿਆਚਾਰਕ ਤੇ ਅਲੱਗ-ਅਲੱਗ ਵਨਗੀਆਂ ਦੇ ਮੁਕਾਬਲਿਆਂ ਵਿੱਚ ਵੀ ਵਿਦਿਆਰਥੀਆਂ ਨੇ ਚੰਗੀਆਂ ਪ੍ਰਾਪਤੀਆਂ ਕੀਤੀਆਂ।ਸੋ ਹਰ ਸਾਲ ਦੀ ਤਰ੍ਹਾਂ ਵਿਦਿਆਰਥੀਆਂ ਦਾ ਉਤਸ਼ਾਹ ਤੇ ਹੌਸਲਾ ਵਧਾਉਣ ਲਈ ਹੀ ਇਸ ਇਨਾਮ ਵੰਡ ਸਮਾਰੋਹ ਦਾ ਆਯੋਜਨ ਕਰਵਾਇਆ ਗਿਆ, ਜੋ ਸਾਡੀ ਕਾਲਜ ਪ੍ਰਬੰਧਕ ਕਮੇਟੀ ਦਾ ਬਹੁਤ ਹੀ ਉੱਘਾ ਉਪਰਾਲਾ ਹੈ।ਇਹ ਸਾਰੇ ਹੀ ਵਿਦਿਆਰਥੀ ਵਧਾਈ ਦੇ ਪਾਤਰ ਹਨ।ਇਸ ਇਨਾਮ ਵੰਡ ਸਮਾਰੋਹ ਨੂੰ ਹੋਰ ਰੌਚਕ ਬਣਾਉਣ ਲਈ ਕਾਲਜ ਦੇ ਵਿਦਿਆਰਥੀਆਂ ਵੱਲੋਂ ਰੰਗਾ-ਰੰਗ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।ਉਪਰੰਤ ਪ੍ਰਿੰਸੀਪਲ ਤੇ ਕਾਲਜ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਦੇਵੀ ਚੰਦ ਸ਼ਰਮਾ, ਮੈਂਬਰ ਮਾਸਟਰ ਭਗਵੰਤ ਸਿੰਘ ਤੇ ਹੈੱਡ ਮਾਸਟਰ ਅਵਤਾਰ ਸਿੰਘ, ਸੈਕਟਰੀ ਕਿਰਨਜੀਤ ਸਿੰਘ ਨੇ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੰਡੇ।ਇਸ ਮੌਕੇ ਕਾਲਜ ਪ੍ਰਬੰਧਕ ਕਮੇਟੀ ਵੱਲੋਂ ਕਾਲਜ ਦੇ ਡੀ ਪੀ ਪ੍ਰੋਫੈਸਰ ਗੁਰਜੀਤ ਸਿੰਘ ਨੂੰ ਟੀਮ ਇੰਚਾਰਜ ਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਡਾਇਰੈਕਟਰ ਆਫ ਸਪੋਰਟਸ ਡਿਪਾਰਟਮੈਂਟ ਵੱਲੋਂ ਮੈਨੇਜਰ ਵਜੋਂ ਨਿਯੁਕਤ ਕਰਨ 'ਤੇ ਸਨਮਾਨਿਆ ਗਿਆ।ਇਸ ਦੇ ਨਾਲ ਹੀ ਫੁੱਟਬਾਲ ਦੀ ਟੀਮ ਦੇ ਕੋਚ ਅਮਰੀਕ ਸਿੰਘ ਨੂੰ ਵੀ ਕਾਲਜ ਵੱਲੋਂ ਸਨਮਾਨਤ ਕੀਤਾ ਗਿਆ।ਇਸ ਪ੍ਰੋਗਰਾਮ 'ਚ ਮੰਚ ਸੰਚਾਲਨ ਦੀ ਭੂਮਿਕਾ ਪ੍ਰੋਫੈਸਰ ਸਤਵਿੰਦਰ ਕੌਰ ਨੇ ਨਿਭਾਈ।ਇਸ ਪ੍ਰੋਗਰਾਮ ਵਿੱਚ ਕੋਆਰਡੀਨੇਟਰ ਦੀ ਡਿਊਟੀ ਪ੍ਰੋਫੈਸਰ ਨਵਨੀਤ ਕੌਰ ਤੇ ਪ੍ਰੋਫੈਸਰ ਗੁਰਤੀਰਥ ਕੌਰ ਨੇ ਨਿਭਾਈ।ਇਸ ਮੌਕੇ ਸਮੂਹ ਸਟਾਫ ਹਾਜ਼ਰ ਸੀ।

## ਪੁਰਾਣੀ ਪੈਨਸ਼ਨ ਬਹਾਲੀ ਲਈ ਭਲਕੇ ਵਿਧਾਨ ਸਭਾ ਵੱਲ ਮਾਰਚ

### ਪੁਰਾਣੀ ਪੈਨਸ਼ਨ ਤੁਰੰਤ ਬਹਾਲ ਕੀਤੀ ਜਾਵੇ : ਡੀ ਟੀ ਐੱਫ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੁਰਾਣੀ ਪੈਨਸ਼ਨ ਬਹਾਲ ਕਰਨ ਦੀ ਮੰਗ ਨੂੰ ਲੈ ਕੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਸੀ ਪੀ ਐੱਫ ਕਰਮਚਾਰੀ ਯੂਨੀਅਨ ਤੇ ਟਰੇਡ ਯੂਨੀਅਨ ਸੈਂਟਰਾਂ ਵੱਲੋਂ 08 ਮਾਰਚ ਨੂੰ ਬਜਟ ਵਾਲੇ ਦਿਨ ਵਿਧਾਨ ਸਭਾ ਵੱਲ ਮਾਰਚ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਅਧਿਆਪਕਾਂ ਦੀ ਪ੍ਰਤੀਨਿਧ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਬਠਿੰਡਾ ਦੇ ਪ੍ਰਧਾਨ ਬਲਜਿੰਦਰ ਸਿੰਘ ਤੇ ਸਕੱਤਰ ਜਸਵਿੰਦਰ ਸਿੰਘ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਅਜੇ ਤੱਕ ਪੁਰਾਣੀ ਪੈਨਸ਼ਨ ਬਹਾਲ ਕਰਨ ਬਾਰੇ ਕੋਈ ਪੁਖਤਾ ਕਦਮ ਨਹੀਂ ਪੁੱਟਿਆ, ਸਗੋਂ ਐੱਨ ਪੀ ਐੱਸ ਦੇ ਅੰਦਰ ਕੰਮ ਕਰਦੇ ਮੁਲਾਜ਼ਮਾਂ ਦੇ ਕਰੋੜਾਂ-ਅਰਬਾਂ ਰੁਪਏ ਕਾਰਪੋਰੇਟਾਂ ਨੂੰ ਸ਼ੇਅਰ ਮਾਰਕੀਟ 'ਚ ਲਾਉਣ ਲਈ ਦਿੱਤਾ ਜਾ ਰਿਹਾ ਹੈ। ਦੂਜੇ ਪਾਸੇ 20-20 ਸਾਲਾਂ ਦੀ ਨੌਕਰੀ ਕਰਨ ਤੋਂ ਬਾਅਦ ਮੁਲਾਜ਼ਮ ਪੰਜ-ਪੰਜ ਹਜ਼ਾਰ ਦੀ ਨਿਗੂਣੀ ਪੈਨਸ਼ਨ ਲੈ ਕੇ ਰਿਟਾਇਰ ਹੋ ਰਹੇ ਹਨ। ਆਗੂਆਂ ਨੇ ਕਿਹਾ ਕਿ ਗੁਜਰਾਤ ਚੋਣਾਂ ਤੋਂ ਪਹਿਲਾਂ ਭਗਵੰਤ ਮਾਨ ਵੱਲੋਂ ਖੁਦ ਪੁਰਾਣੀ ਪੈਨਸ਼ਨ ਲਾਗੂ ਕਰਨ ਦਾ ਐਲਾਨ ਕੀਤਾ ਗਿਆ ਸੀ, ਪਰ ਨਿਰਾ ਝੂਠ ਸਾਬਿਤ ਹੋਇਆ। ਆਗੂਆਂ ਨੇ ਦੱਸਿਆ ਕਿ ਪੰਜਾਬ ਭਰ ਵਿੱਚ ਲਗਭਗ 2 ਲੱਖ ਮੁਲਾਜ਼ਮ ਐੱਨ ਪੀ ਐੱਸ ਦੇ ਅੰਦਰ ਹਨ, ਜੋ 8 ਮਾਰਚ ਨੂੰ ਵੱਡੀ ਗਿਣਤੀ ਵਿੱਚ ਮੋਹਾਲੀ ਵਿਖੇ ਇਕੱਠੇ ਹੋ ਕੇ ਵਿਧਾਨ ਸਭਾ ਵੱਲ ਵਧਣਗੇ। ਜਥੇਬੰਦੀ ਦੇ ਸੀਨੀਅਰ ਪ੍ਰਧਾਨ ਵਿਕਾਸ ਗਰਗ, ਸਹਾਇਕ ਸਕੱਤਰ ਕੁਲਵਿੰਦਰ ਸਿੰਘ ਵਿਰਕ, ਵਿੱਤ ਸਕੱਤਰ ਅਨਿਲ ਭੱਟ, ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਖੇਮੂਆਣਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਦੀ 2004 ਤੋਂ ਬੰਦ ਕੀਤੀ ਪੁਰਾਣੀ ਪੈਨਸ਼ਨ ਤੁਰੰਤ ਬਹਾਲ ਕਰੇ ਤੇ ਉਹ ਜੀ ਪੀ ਐੱਫ਼ ਖਾਤੇ ਖੋਲ੍ਹੇ। ਆਗੂਆਂ ਨੇ ਕਿਹਾ ਹੁਣ ਪੰਜਾਬ ਸਰਕਾਰ ਦੇ ਝੂਠ ਸਾਹਮਣੇ ਆ ਗਏ ਹਨ ਤੇ ਮੁਲਾਜ਼ਮ ਇਨ੍ਹਾਂ ਤੋਂ ਚੰਗੀ ਤਰਾਂ ਵਾਕਿਫ ਹੋ ਗਏ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਮੁਲਾਜ਼ਮਾਂ ਦੀ ਨਾਰਾਜ਼ਗੀ ਦਾ ਖਮਿਆਜ਼ਾ ਭੁਗਤਣ ਲਈ ਤਿਆਰ ਰਹੇ।

## ਦਰੱਖਤ ਨਾਲ ਲਟਕਦੀ ਪ੍ਰਵਾਸੀ ਮਜ਼ਦੂਰ ਦੀ ਲਾਸ਼ ਮਿਲੀ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਸਨੌਰ ਰੋਡ ਉਤੇ ਸਥਿਤ ਸਬਜ਼ੀ ਮੰਡੀ ਦੇ ਸਾਹਮਣੇ ਇੱਕ ਪਰਵਾਸੀ ਮਜ਼ਦੂਰ ਦੀ ਲਾਸ਼ ਦਰੱਖਤ ਨਾਲ ਲਟਕਦੀ ਮਿਲਣ ਨਾਲ ਇਲਾਕੇ ਵਿੱਚ ਸਨਸਨੀ ਫੈਲ ਗਈ।ਘਟਨਾ ਦੀ ਸੂਚਨਾ ਮਿਲਦੇ ਹੀ ਸਦਰ ਥਾਣਾ ਪੁਲਸ ਮੌਕੇ 'ਤੇ ਪਹੁੰਚ ਗਈ ਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ।ਪ੍ਰਾਪਤ ਜਾਣਕਾਰੀ ਅਨੁਸਾਰ ਸਦਰ ਥਾਣੇ ਦੇ ਐੱਸ.ਐੱਚ.ਓ. ਗੁਰਮੀਤ ਸਿੰਘ ਨੂੰ ਕੰਟਰੋਲ ਰੂਮ ਤੋਂ ਫੋਨ ਕਾਲ ਪ੍ਰਾਪਤ ਹੋਈ ਕਿ ਸਬਜ਼ੀ ਮੰਡੀ ਸਨੌਰ ਦੇ ਸਾਹਮਣੇ ਇੱਕ ਵਿਅਕਤੀ ਦੀ ਲਾਸ਼ ਦਰੱਖਤ 'ਤੇ ਲਟਕ ਰਹੀ ਹੈ।ਇਸ ਸੂਚਨਾ 'ਤੇ ਪੁਲਸ ਵੱਲੋਂ ਤੁਰੰਤ ਦੋ ਹੈੱਡ ਕਾਂਸਟੇਬਲਾਂ ਤੇ ਏ.ਐਸ.ਆਈ. ਗੁਰਜੀਤ ਸਿੰਘ ਨੂੰ ਮੌਕੇ 'ਤੇ ਭੇਜਿਆ ਗਿਆ।ਮੌਕੇ 'ਤੇ ਪਹੁੰਚ ਕੇ ਪੁਲਸ ਵੱਲੋਂ ਕੀਤੀ ਗਈ ਜਾਂਚ ਦੌਰਾਨ ਮ੍ਰਿਤਕ ਦੀ ਪਛਾਣ ਨਰੇਸ਼ ਕੁਮਾਰ (ਉਮਰ ਕਰੀਬ 55 ਸਾਲ) ਵਜੋਂ ਹੋਈ, ਜੋ ਕਿ ਉੱਤਰ ਪ੍ਰਦੇਸ਼ ਦੇ ਜੀ ਰਾਮ ਰੂਹਾ ਦਾ ਰਹਿਣ ਵਾਲਾ ਪਰਵਾਸੀ ਮਜ਼ਦੂਰ ਸੀ।ਘਟਨਾ ਸਮੇਂ ਮ੍ਰਿਤਕ ਦਾ ਬੇਟਾ ਤੇ ਭਤੀਜਾ ਵੀ ਮੌਕੇ 'ਤੇ ਮੌਜੂਦ ਸਨ, ਜਿਨ੍ਹਾਂ ਵੱਲੋਂ ਪੁਲਸ ਨੂੰ ਆਪਣੇ ਬਿਆਨ ਦਰਜ ਕਰਵਾਏ ਗਏ। ਪੁਲਸ ਨੂੰ ਮੌਕੇ ਤੋਂ ਕੋਈ ਸੁਸਾਈਡ ਨੋਟ ਬਰਾਮਦ ਨਹੀਂ ਹੋਇਆ।ਪਰਿਵਾਰਕ ਮੈਂਬਰਾਂ ਦੇ ਬਿਆਨਾਂ ਮੁਤਾਬਕ ਨਰੇਸ਼ ਕੁਮਾਰ ਸ਼ਰਾਬ ਪੀਣ ਦਾ ਆਦੀ ਸੀ ਤੇ ਉਹ ਅੱਜ ਸਵੇਰੇ ਕਰੀਬ 8 ਵਜੇ ਘਰ ਤੋਂ ਸ਼ਰਾਬ ਪੀ ਕੇ ਨਿਕਲਿਆ ਸੀ।ਪੁਲਸ ਵੱਲੋਂ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ ਤੇ ਮਾਮਲੇ ਦੀ ਹਰ ਪੱਖ ਤੋਂ ਜਾਂਚ ਕੀਤੀ ਜਾ ਰਹੀ ਹੈ।

## 341ਵੇਂ ਖ਼ੂਨਦਾਨ ਕੈਂਪ 'ਚ 12 ਯੂਨਿਟ ਖ਼ੂਨ ਦਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮਨੁੱਖਤਾ ਦੇ ਭਲੇ ਲਈ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਉਣ ਲਈ ਯੂਨੀਵਰਸਲ ਵੈੱਲਫੇਅਰ ਕਲੱਬ ਪੰਜਾਬ ਤੇ ਹਿਊਮਨ ਵੈੱਲਫੇਅਰ ਫਾਊਂਡੇਸ਼ਨ ਵੱਲੋਂ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ 341ਵਾਂ ਰੈਗੂਲਰ ਖ਼ੂਨਦਾਨ ਕੈਂਪ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿਖੇ ਲਗਾਇਆ ਗਿਆ, ਜਿਸ ਦਾ ਰਸਮੀ ਉਦਘਾਟਨ ਚਰਨਪ੍ਰੀਤ ਸਿੰਘ ਪਟਿਆਲਾ ਨੇ ਆਪਣੇ ਜਨਮ ਦਿਨ ਮੌਕੇ ਖ਼ੂਨ ਦਾਨ ਕਰਕੇ ਕੀਤਾ।ਇਸ ਮੌਕੇ ਪ੍ਰਦੀਪ ਸਿੰਘ ਮੁੰਜਾਲ ਕਲਾਂ ਨੇ 21ਵੀਂ ਵਾਰ, ਜੱਗਾ ਸਿੰਘ ਫਤਿਹਪੁਰ ਨੇ 19ਵੀਂ ਵਾਰ, ਜਗਦੀਸ਼ ਸਿੰਘ ਮੰਡੀ ਨੇ 12ਵੀਂ ਵਾਰ, ਏ. ਐੱਸ. ਆਈ. ਬਲਜਿੰਦਰ ਸਿੰਘ ਰਾਠੀਆਂ, ਕਰਨਵੀਰ ਵਰਮਾ, ਜੋਗਾ ਸਿੰਘ ਨਰੈਣਗੜ੍ਹ, ਗੁਰਤੇਜ ਸਿੰਘ, ਆਕਾਸ਼ਦੀਪ, ਤੇਜਿੰਦਰ ਤੇਜੀ, ਹਰਦੀਪ ਸਿੰਘ ਝੰਡੀ, ਦਮਨਜੀਤ ਸਿੰਘ ਨੇ ਵੀ ਖ਼ੂਨ ਦਾਨ ਕੀਤਾ।ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਮਫਲਰ ਦੇ ਕੇ ਸਨਮਾਨਤ ਕਰਦਿਆਂ ਮਿਸ਼ਨ ਦੇ ਮੋਢੀ ਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ ਨੇ ਕਿਹਾ ਕਿ ਲੋੜਵੰਦ ਮਰੀਜ਼ਾਂ ਲਈ ਖ਼ੂਨਦਾਨ ਕਰਨ ਵਾਲੇ ਤੰਦਰੁਸਤ ਨੌਜਵਾਨ ਹੀ ਰੈਗੂਲਰ ਡੋਨਰ ਬਣਨਗੇ, ਜੋ ਹਰ ਤਿੰਨ ਜਾਂ ਚਾਰ ਮਹੀਨੇ ਬਾਅਦ ਖ਼ੂਨ ਦਾਨ ਕਰ ਸਕਦੇ ਹਨ।ਇਸ ਮੌਕੇ ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਅੰਤਰ ਰਾਸ਼ਟਰੀ ਸਿੱਖਿਆ ਸ਼ਾਸਤਰੀ ਅਨਿਲ ਭਾਰਤੀ, ਠੇਕੇਦਾਰ ਗੁਰਬਚਨ ਸਿੰਘ, ਕ੍ਰਿਪਾਲ ਸਿੰਘ ਪੰਜੋਲਾ, ਹਰਸ਼, ਭਾਈ ਜਰਨੈਲ ਸਿੰਘ ਝੰਡੀ, ਭਾਈ ਰਵਿੰਦਰ ਸਿੰਘ ਭਾਂਖਰ, ਅਮਰੀਕ ਸਿੰਘ, ਸੁਰਜਨ ਸਿੰਘ ਤੇ ਗੁਰਸੇਵਕ ਸਿੰਘ ਹਾਜ਼ਰ ਸਨ।

## ਵਿਧਾਇਕ ਸਵਨਾ ਨੇ ਬਲਾਕ ਸੰਮਤੀ ਦੇ ਨਵੇਂ ਬਣੇ ਚੇਅਰਪਰਸਨ ਤੇ ਵਾਇਸ ਚੇਅਰਪਰਸਨ ਨੂੰ ਦਿੱਤੀ ਵਧਾਈ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰਪਾਲ ਸਿੰਘ ਸਵਨਾ ਨੇ ਬਲਾਕ ਸੰਮਤੀ ਫਾਜ਼ਿਲਕਾ ਦੇ ਬਣੇ ਚੇਅਰਪਰਸਨ ਸੁਰਿੰਦਰ ਕੌਰ ਧਰਮਪਤਨੀ ਡਾ. ਓਮ ਪ੍ਰਕਾਸ਼ ਤੇ ਵਾਈਸ ਚੇਅਰਪਰਸਨ ਆਸ਼ਾ ਰਾਣੀ ਧਰਮਪਤਨੀ ਸੁਰਿੰਦਰ ਕੰਬੋਜ ਨੂੰ ਵਧਾਈ ਦਿੰਦਿਆਂ ਕਿਹਾ ਕਿ ਹਲਕੇ ਦੇ ਲੋਕਾਂ ਵੱਲੋਂ ਜੋ ਭਰੋਸਾ ਕਰਕੇ ਉਨ੍ਹਾਂ ਨੂੰ ਪੰਚਾਇਤ ਸੰਮਤੀ ਚੋਣਾਂ ਵਿੱਚ ਜਤਾਇਆ ਗਿਆ ਹੈ, ਉਹ ਉਨ੍ਹਾਂ ਦੇ ਭਰੋਸੇ 'ਤੇ ਖਰੇ ਉਤਰਨ ਅਤੇ ਹਰ ਲੋਕ ਭਲਾਈ ਤੇ ਵਿਕਾਸ ਦੇ ਕਾਰਜ ਬਿਨਾਂ ਪੱਖਪਾਤ ਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕਰਨ। ਵਿਧਾਇਕ ਸਵਨਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੇ ਹਿੱਤਾਂ ਤੇ ਭਲਾਈ ਲਈ ਜੋ ਵੀ ਸਕੀਮਾਂ ਤੇ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ, ਉਨ੍ਹਾਂ ਦੀ ਪੂਰਤੀ ਲਈ ਪੰਜਾਬ ਸਰਕਾਰ ਦਾ ਇਕ-ਇਕ ਵਰਕਰ ਤੇ ਅਹੁਦੇਦਾਰ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਲੋਕ ਭਲਾਈ ਸਕੀਮਾਂ ਤੇ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਸੁਖਾਵੇਂ ਢੰਗ ਨਾਲ ਲਾਗੂ ਕਰਨ ਵਿੱਚ ਅਹੁਦੇਦਾਰ ਅਹਿਮ ਭੂਮਿਕਾ ਨਿਭਾਉਣਗੇ।ਇਸ ਉਪਰੰਤ ਚੇਅਰਪਰਸਨ ਸੁਰਿੰਦਰ ਕੌਰ ਤੇ ਵਾਈਸ ਚੇਅਰਪਰਸਨ ਆਸ਼ਾ ਰਾਣੀ ਨੇ ਪੰਜਾਬ ਸਰਕਾਰ, ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਤੇ ਸਮੂਹ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਸੌਂਪੀ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।

## ਪਰਮਜੀਤ ਕੌਰ ਚੇਅਰਪਰਸਨ ਤੇ ਸੁਖਜਿੰਦਰ ਕੌਰ ਵਾਇਸ ਚੇਅਰਪਰਸਨ ਬਣੇ

### ਵਿਧਾਇਕ ਬਾਜ਼ੀਗਰ ਵੱਲੋਂ ਚੁਣੇ ਗਏ ਅਹੁਦੇਦਾਰਾਂ ਦਾ ਸਨਮਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਦੌਰਾਨ ਬਲਾਕ ਸੰਮਤੀ ਪਾਤੜਾਂ 25 ਜ਼ੋਨਾਂ ਲਈ ਹੋਈ ਚੋਣ ਦੌਰਾਨ ਆਮ ਆਦਮੀ ਪਾਰਟੀ ਨੂੰ ਸਪੱਸ਼ਟ ਬਹੁਮਤ ਪ੍ਰਾਪਤ ਹੋਣ ਮਗਰੋਂ ਅਨੁਸੂਚਿਤ ਜਾਤੀ ਔਰਤਾਂ ਲਈ ਰਾਖਵੇਂ ਕੀਤੇ ਗਏ ਚੇਅਰਪਰਸਨ ਤੇ ਵਾਇਸ ਚੇਅਰਮੈਨ ਦੇ ਅਹੁਦਿਆਂ ਲਈ ਚੋਣ ਕੀਤੀ ਗਈ।ਚੋਣ ਅਧਿਕਾਰੀ-ਕਮ-ਐੱਸਡੀਐੱਮ ਪਾਤੜਾਂ ਕਾਲਾ ਰਾਮ ਕਾਂਸਲ ਦੀ ਦੇਖ ਰੇਖ ਹੇਠ ਹੋਈ ਚੋਣ ਦੌਰਾਨ ਪਰਮਜੀਤ ਕੌਰ ਦੁਗਾਲ ਚੇਅਰਪਰਸਨ ਤੇ ਸੁਖਜਿੰਦਰ ਕੌਰ ਕੁਲਾਰਾਂ ਨੂੰ ਵਾਇਸ ਚੇਅਰਪਰਸਨ ਚੁਣਿਆ ਗਿਆ।ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਨਵੇਂ ਚੁਣੇ ਗਏ ਅਹੁਦੇਦਾਰਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ।ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਦੋਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਉਹ ਆਪਣਾ ਕੰਮ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਕਰਨ ਤੇ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਸੰਮਤੀ ਨੂੰ ਮਿਲਣ ਵਾਲੇ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਨਵ-ਨਿਯੁਕਤ ਅਹੁਦੇਦਾਰਾਂ ਨੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਸਮੇਤ ਸਾਰੇ ਬਲਾਕ ਸੰਮਤੀ ਮੈਂਬਰਾਂ ਦਾ ਧੰਨਵਾਦ ਕੀਤਾ।

## ਵਿਧਾਨ ਸਭਾ ਦੇ ਘਿਰਾਓ 'ਚ ਕਾਫਲੇ ਬੰਨ੍ਹ ਕੇ ਸ਼ਾਮਲ ਹੋਣਗੇ ਪੈਨਸ਼ਨਰ : ਪੰਡੋਰੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਇਕਾਈ ਮਹਿਲ ਕਲਾਂ ਦੀ ਅਹਿਮ ਮੀਟਿੰਗ ਇੱਥੇ ਬੀ ਡੀ ਪੀ ਓ ਕੰਪਲੈਕਸ ਵਿਖੇ ਹੋਈ। ਇਸ ਮੌਕੇ ਪ੍ਰਧਾਨ ਦਰਸ਼ਨ ਸਿੰਘ ਪੰਡੋਰੀ, ਮੀਤ ਪ੍ਰਧਾਨ ਬਖਤੌਰ ਸਿੰਘ ਮੂੰਮ ਨੇ ਕਿਹਾ ਕਿ ਲੰਘੀਆਂ ਵਿਧਾਨ ਸਭਾ ਚੋਣਾਂ ਦੌਰਾਨ ਪੈਨਸ਼ਨਰਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਤੋਂ ਆਪ ਸਰਕਾਰ ਕੰਨੀ ਕਤਰਾ ਰਹੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਤੋਂ ਜਥੇਬੰਦੀ ਵੱਲੋਂ ਮੰਤਰੀਆਂ, ਵਿਧਾਇਕਾਂ, ਹਲਕਾ ਇੰਚਾਰਜਾਂ ਨੂੰ ਮੰਗ ਪੱਤਰ ਸੌਂਪਣ ਦੇ ਬਾਵਜੂਦ ਕੱਖ ਪੱਲੇ ਨਹੀਂ ਪਿਆ, ਜਿਸ ਕਰਕੇ ਸਮੂਹ ਪੈਨਸ਼ਨਰਾਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਇਸ ਮੌਕੇ ਸਟੇਟ ਬੈਂਕ ਆਫ ਇੰਡੀਆ ਬਰਾਂਚ ਮਹਿਲ ਕਲਾਂ ਦੇ ਮੈਨੇਜਰ ਮੈਡਮ ਸੁਮਰੀਤ ਕੌਰ ਨੇ ਪੈਨਸ਼ਨਰਾਂ ਨੂੰ ਬੈਂਕ ਦੀਆਂ ਵੱਖ-ਵੱਖ ਯੋਜਨਾਵਾਂ ਬਾਰੇ ਜਾਣਕਾਰੀ ਦਿੰਦਿਆਂ ਡਿਜੀਟਲ ਸਹੂਲਤਾਂ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ।ਮੈਡਮ ਸੁਮਰੀਤ ਕੌਰ ਨੇ ਪੈਨਸ਼ਨਰਾਂ ਨੂੰ ਲਾਈਫ ਸਰਟੀਫਿਕੇਟ ਡਿਜੀਟਲ ਤਰੀਕੇ ਨਾਲ ਜਮ੍ਹਾਂ ਕਰਵਾਉਣ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ ਤੇ ਮੌਕੇ 'ਤੇ ਹੀ ਕਈ ਪੈਨਸ਼ਨਰਾਂ ਦੇ ਲਾਈਫ ਸਰਟੀਫਿਕੇਟ ਆਨਲਾਈਨ ਕਰਕੇ ਉਨ੍ਹਾਂ ਦੀ ਸਹੂਲਤ ਯਕੀਨੀ ਬਣਾਈ।ਆਗੂਆਂ ਨੇ ਦੱਸਿਆ ਕਿ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ 8 ਮਾਰਚ ਨੂੰ ਮੁਹਾਲੀ ਚੌਕ ਵਿਖੇ ਵੱਡੀ ਰੈਲੀ ਕੀਤੀ ਜਾਵੇਗੀ, ਜਿਸ ਤੋਂ ਬਾਅਦ ਪੰਜਾਬ ਵਿਧਾਨ ਸਭਾ ਵੱਲ ਰੋਸ ਮਾਰਚ ਕਰਕੇ ਘਿਰਾਓ ਕੀਤਾ ਜਾਵੇਗਾ।ਉਨ੍ਹਾਂ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਨਾਲ ਸੰਘਰਸ਼ 'ਚ ਸ਼ਾਮਲ ਹੋਣ।

## ਬੀ ਕੇ ਯੂ ਡਕੌਂਦਾ ਵੱਲੋਂ ਉਮੈਦਪੁਰੀ ਇਕਾਈ ਦਾ ਗਠਨ



**ਦੋਰਾਹਾ (ਹਰਮਿੰਦਰ ਸੇਠ)**-ਭਾਰਤੀ ਕਿਸਾਨ ਯੂਨੀਅਨ (ਡਕੌਂਦਾ) ਦੇ ਸੂਬਾ ਪ੍ਰਧਾਨ ਬੂਟਾ ਸਿੰਘ ਬੁਰਜ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੂਬਾ ਮੀਤ ਪ੍ਰਧਾਨ ਰਾਜਵੀਰ ਸਿੰਘ ਘੁੰਡਾਣੀ ਕਲਾਂ ਤੇ ਜ਼ਿਲ੍ਹਾ ਪ੍ਰਧਾਨ ਮਹਿੰਦਰ ਸਿੰਘ ਕਮਾਲਪੁਰ ਦੀ ਅਗਵਾਈ ਹੇਠ ਜ਼ਿਲ੍ਹਾ ਮੀਤ ਪ੍ਰਧਾਨ ਮਨਜਿੰਦਰ ਸਿੰਘ ਮੋਰਕਰੀਮਾਂ, ਜ਼ਿਲ੍ਹਾ ਕੈਸ਼ੀਅਰ ਸੁਖਦੇਵ ਸਿੰਘ ਲਹਿਲ, ਗਗਨਦੀਪ ਸਿੰਘ ਪਮਾਲੀ ਬਲਾਕ ਪ੍ਰਧਾਨ ਮੁੱਲਾਂਪੁਰ, ਜਗੀਰ ਸਿੰਘ ਲੀਹਾਂ ਬਲਾਕ ਪ੍ਰਧਾਨ ਸਿੱਧਵਾਂ ਬੇਟ, ਗੁਰਪ੍ਰੀਤ ਸਿੰਘ ਘੁੰਡਾਣੀ ਕਲਾਂ ਬਲਾਕ ਪ੍ਰਧਾਨ ਦੋਰਾਹਾ, ਅਮਨਿੰਦਰ ਸਿੰਘ ਬਲਾਕ ਪ੍ਰਧਾਨ ਡੇਹਲੋਂ, ਕੁਲਵਿੰਦਰ ਸਿੰਘ ਟਿੱਬਾ ਬਲਾਕ ਪ੍ਰਧਾਨ ਸਾਹਨੇਵਾਲ, ਗੁਰਿੰਦਰ ਸਿੰਘ ਪ੍ਰਧਾਨ ਇਕਾਈ ਡੇਹਲੋਂ ਤੇ ਰਾਜਿੰਦਰ ਸਿੰਘ ਵਾਇਸ ਪ੍ਰਧਾਨ ਇਕਾਈ ਡੇਹਲੋਂ ਵੱਲੋਂ ਪਿੰਡ ਉਮੈਦਪੁਰ ਵਿਖੇ ਪਿੰਡ ਵਾਸੀਆਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਕਿਸਾਨਾਂ ਤੇ ਮਜ਼ਦੂਰਾਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਵਿਚਾਰ ਵਟਾਂਦਰੇ ਕੀਤੇ ਗਏ ਅਤੇ ਇੱਕਜੁੱਟ ਹੋ ਕੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ।ਮੀਟਿੰਗ ਉਪਰੰਤ ਉਮੈਦਪੁਰ ਇਕਾਈ ਦਾ ਗਠਨ ਕੀਤਾ ਗਿਆ।ਹਾਜ਼ਰ ਪਤਵੰਤਿਆਂ ਵੱਲੋਂ ਸਰਬਸੰਮਤੀ ਨਾਲ ਜ਼ੋਰਾ ਸਿੰਘ ਨੂੰ ਉਮੈਦਪੁਰ ਇਕਾਈ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸੇ ਤਰ੍ਹਾਂ ਬਲਜਿੰਦਰ ਸਿੰਘ ਨੂੰ ਮੀਤ ਪ੍ਰਧਾਨ, ਸੁਖਵਿੰਦਰ ਸਿੰਘ ਨੂੰ ਜਨਰਲ ਸਕੱਤਰ, ਰਾਜਵੀਰ ਸਿੰਘ ਨੂੰ ਸਕੱਤਰ, ਰਵਿੰਦਰ ਸਿੰਘ ਨੂੰ ਕੈਸ਼ੀਅਰ ਤੇ ਸੰਤ ਸਿੰਘ ਨੂੰ ਸਹਾਇਕ ਕੈਸ਼ੀਅਰ ਨਿਯੁਕਤ ਕੀਤਾ ਗਿਆ।ਇਸ ਮੌਕੇ ਮੀਟਿੰਗ ਦੌਰਾਨ ਹੋਰਨਾਂ ਤੋਂ ਇਲਾਵਾ ਜਗਪਾਲ ਸਿੰਘ, ਗੁਰਬਚਨ ਸਿੰਘ, ਜਗਰੂਪ ਸਿੰਘ, ਮੇਵਾ ਸਿੰਘ, ਜੁਗਰਾਜ ਸਿੰਘ, ਰਾਜਵੰਤ ਸਿੰਘ, ਸ਼ੇਰ ਸਿੰਘ, ਕੇਵਲ ਸਿੰਘ, ਗੁਰਚਰਨ ਸਿੰਘ, ਸਿਕੰਦਰ ਸਿੰਘ ਆਦਿ ਭਾਰੀ ਗਿਣਤੀ ਵਿੱਚ ਇਲਾਕੇ ਨਿਵਾਸੀ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਪੰਜਾਬ ਅਸੰਬਲੀ ਦਾ ...

ਪੁਨਰਵਾਸ ਕੀਤਾ ਗਿਆ ਹੈ। ਕਿਸਾਨੀ, ਉਦਯੋਗ ਅਤੇ ਪੇਂਡੂ ਵਿਕਾਸ ਲਈ ਵੱਡੇ ਅੰਕੜੇ ਰਾਜਪਾਲ ਨੇ ਖੇਤੀਬਾੜੀ ਖੇਤਰ ਵਿੱਚ ਨਹਿਰੀ ਪਾਣੀ ਦੇ ਸੁਧਾਰ ਲਈ 787 ਕਰੋੜ ਰੁਪਏ ਅਤੇ ਗੰਨੇ ਦੇ ਭਾਅ ਵਿੱਚ 15 ਰੁਪਏ ਦੇ ਵਾਧੇ ਦਾ ਐਲਾਨ ਕੀਤਾ। ਉਦਯੋਗਿਕ ਮੋਰਚੇ 'ਤੇ ਜਾਪਾਨ ਯਾਤਰਾ ਦੌਰਾਨ ਹੋਏ 900 ਕਰੋੜ ਦੇ ਨਿਵੇਸ਼ ਸਮਝੌਤਿਆਂ ਅਤੇ ਟਰਾਂਸਪੋਰਟ ਵਿਭਾਗ ਦੇ ਮਾਲੀਏ ਵਿੱਚ 16.63 ਫੀਸਦੀ ਦੇ ਵਾਧੇ ਨੂੰ ਸਰਕਾਰ ਦੀ ਵੱਡੀ ਪ੍ਰਾਪਤੀ ਦੱਸਿਆ। ਪੇਂਡੂ ਵਿਕਾਸ ਲਈ ਮਨਰੇਗਾ ਤਹਿਤ 8.52 ਲੱਖ ਘਰਾਂ ਨੂੰ ਰੁਜ਼ਗਾਰ ਦੇਣ ਅਤੇ 3200 ਮਾਡਲ ਖੇਡ ਮੈਦਾਨ ਬਣਾਉਣ ਦੀ ਯੋਜਨਾ ਵੀ ਸਾਂਝੀ ਕੀਤੀ ਗਈ। ਭਾਸ਼ਣ ਦੇ ਅਖੀਰ ਵਿੱਚ ਰਾਜਪਾਲ ਨੇ ਸਾਰੀਆਂ ਪਾਰਟੀਆਂ ਨੂੰ 'ਰੰਗਲਾ ਪੰਜਾਬ' ਬਣਾਉਣ ਲਈ ਮਿਲ ਕੇ ਕੰਮ ਕਰਨ ਦਾ ਸੱਦਾ ਦਿੱਤਾ। ਪੰਜਾਬ ਕਾਂਗਰਸ ਨੇ ਬਜਟ ਇਜਲਾਸ ਦੇ ਪਹਿਲੇ ਦਿਨ ਆਮ ਆਦਮੀ ਪਾਰਟੀ ਖਿਲਾਫ਼ ਚੰਡੀਗੜ੍ਹ ਵਿੱਚ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰਾਂ ਨੇ ਚੰਡੀਗੜ੍ਹ ਦੇ ਸੈਕਟਰ 15 ਵਿਖੇ ਸਥਿਤ ਪੰਜਾਬ ਕਾਂਗਰਸ ਦਫਤਰ ਦੇ ਬਾਹਰ ਇਕੱਠੇ ਹੋ ਕੇ ਸੂਬਾ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ। ਰਾਜਾ ਵੜਿੰਗ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਵੱਲੋਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕੀਤੇ ਗਏ ਸੀ, ਪਰ ਅੱਜ ਚਾਰ ਸਾਲ ਪੂਰੇ ਹੋਣ ਦੇ ਬਾਵਜੂਦ ਉਹ ਪੂਰੇ ਨਹੀਂ ਕੀਤੇ ਗਏ ਹਨ । ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਔਰਤਾਂ ਨੂੰ ਹਲੇ ਤੱਕ 1000 ਰੁਪਏ ਮਹੀਨਾ ਨਹੀਂ ਦਿੱਤਾ ਗਿਆ ਅਤੇ ਹੋਰ ਵੀ ਕਈ ਵਾਅਦੇ ਪੂਰੇ ਨਹੀਂ ਕੀਤੇ ਗਏ।

### ਨੇਪਾਲ ਚੋਣਾਂ 'ਚ...

ਆਗੂਆਂ ਦੀ ਬੇਇੱਜ਼ਤੀ ਕੀਤੀ ਜਾਂਦੀ ਸੀ, ਪਰ ਲੋਕ ਉਦੋਂ ਹੈਰਾਨ ਰਹਿ ਗਏ, ਜਦੋਂ ਬਾਲੇਨ ਨੇ ਮਈ 2022 ਵਿੱਚ ਕਾਠਮੰਡੂ ਦੇ ਮੇਅਰ ਦੀ ਚੋਣ ਲੜਨ ਦਾ ਐਲਾਨ ਕਰ ਦਿੱਤਾ। ਉਹ ਕਾਲੇ ਬਲੇਜ਼ਰ, ਕਾਲੀ ਜੀਨਜ਼ ਤੇ ਕਾਲੇ ਚਸ਼ਮੇ ਨਾਲ ਪ੍ਰਚਾਰ ਕਰਨ ਜਾਂਦੇ ਸਨ, ਜਿਸ ਦੀ ਖ਼ੂਬ ਚਰਚਾ ਹੋਈ। ਆਜ਼ਾਦ ਚੋਣ ਲੜਨ ਵਾਲੇ 33 ਸਾਲਾ ਬਾਲੇਨ ਨੇ ਮਹਾਂਰਥੀਆਂ ਨੂੰ ਹਰਾ ਦਿੱਤਾ। ਉਹ ਆਜ਼ਾਦ ਉਮੀਦਵਾਰ ਵਜੋਂ ਮੇਅਰ ਬਣਨ ਵਾਲੇ ਪਹਿਲੇ ਸ਼ਖਸ ਸਨ। ਨੇਪਾਲ ਵਿੱਚ ਕਾਠਮੰਡੂ ਦੇ ਮੇਅਰ ਦੀ ਹੈਸੀਅਤ ਕਈ ਕੇਂਦਰੀ ਮੰਤਰੀਆਂ ਨਾਲੋਂ ਵੱਧ ਮੰਨੀ ਜਾਂਦੀ ਹੈ। ਬਾਲੇਨ ਦੀ ਜਿੱਤ ਦੀ ਚਰਚਾ ਸਿਰਫ ਨੇਪਾਲ ਹੀ ਨਹੀਂ, ਪੂਰੀ ਦੁਨੀਆ ਵਿੱਚ ਹੋਈ। ਸਾਲ 2023 ਵਿੱਚ 'ਟਾਈਮਜ਼' ਮੈਗਜ਼ੀਨ ਨੇ ਉਨ੍ਹਾ ਨੂੰ ਦੁਨੀਆ ਦੇ 100 ਪ੍ਰਭਾਵਸ਼ਾਲੀ ਲੋਕਾਂ ਦੀ ਸੂਚੀ ਵਿੱਚ ਸ਼ਾਮਲ ਕੀਤਾ। ਉਨ੍ਹਾ ਵੀ ਐੱਨ ਆਈ ਟੀ ਨਾਗਪੁਰ ਤੋਂ ਇੰਜੀਨੀਅਰਿੰਗ ਦੀ ਸਿੱਖਿਆ ਹਾਸਲ ਕੀਤੀ ਹੈ।

### ਮਨਰੇਗਾ ਕਾਮਿਆਂ ਵੱਲੋਂ ...

ਤਜਵੀਜ਼ ਹੈ, ਜਿਸ ਦਾ ਡਟ ਕੇ ਵਿਰੋਧ ਹੋਵੇਗਾ ਅਤੇ ਮਨਰੇਗਾ 2005 ਵਿੱਚ ਮਿਲੀਆਂ ਗਾਰੰਟੀਆਂ ਨੂੰ ਖੋਹਣ ਨਹੀਂ ਦਿੱਤਾ ਜਾਏਗਾ।

ਉਨ੍ਹਾਂ ਕਿਹਾ ਕਿ ਨਵੇਂ ਕਾਨੂੰਨ ਦੀ ਤਜਵੀਜ਼ ਹੈ ਕਿ ਸੂਬਿਆਂ 'ਤੇ ਵੱਧ ਭਾਰ ਪਾਇਆ ਜਾਵੇ, ਅਸੀਂ ਇਸ ਨੂੰ ਗਲਤ ਸਮਝਦੇ ਹਾਂ।ਸੂਬੇ ਜਦੋਂ ਕੇਂਦਰ ਨਾਲ ਲੜਾਈ ਲੜਨਗੇ ਤਾਂ ਮਨਰੇਗਾ ਕਾਮੇ ਉਹਨਾਂ ਦੇ ਨਾਲ ਹੋਣਗੇ, ਪਰ ਜੇ ਸੂਬਾਈ ਸਰਕਾਰਾਂ ਮਨਰੇਗਾ ਹੱਕ ਰੋਕਣ, ਤਾਂ ਅਸੀਂ ਉਹਨਾਂ ਖ਼ਿਲਾਫ਼ ਡਟ ਕੇ ਲੜਾਂਗੇ। ਅਸੀਂ ਪੰਜਾਬ ਸਰਕਾਰ ਦੀ ਮਨਰੇਗਾ ਵਿਰੋਧੀ ਨੀਤੀ ਦਾ ਡਟਵਾਂ ਵਿਰੋਧ ਕਰਦੇ ਹਾਂ।

### 'ਬ੍ਰਿਕਸ' ਦੀ ਖਾਮੋਸ਼ੀ...

ਸਾਂਝੀਆਂ ਫੌਜੀ ਮਸ਼ਕਾਂ ਵੀ ਕਰਦੇ ਹਨ। ਜਨਵਰੀ ਵਿੱਚ ਦੱਖਣੀ ਅਫਰੀਕਾ ਨੇ ਮਸ਼ਕਾਂ ਦੀ ਮੇਜ਼ਬਾਨੀ ਕੀਤੀ ਸੀ, ਪਰ ਭਾਰਤ ਇਸ ਵਿੱਚ ਸ਼ਾਮਲ ਨਹੀਂ ਹੋਇਆ ਸੀ। ਬ੍ਰਿਕਸ ਦਾ ਨਾਮਕਰਣ ਇਸ ਦੇ ਬਾਨੀਆਂ ਬ੍ਰਾਜ਼ੀਲ, ਰੂਸ, ਇੰਡੀਆ, ਚੀਨ ਤੇ ਦੱਖਣੀ ਅਫਰੀਕਾ ਦੇ ਪਹਿਲੇ ਅੱਖਰਾਂ ਨਾਲ ਹੋਇਆ ਸੀ। 2024 ਤੋਂ ਇਸ ਵਿੱਚ ਇੰਡੋਨੇਸ਼ੀਆ, ਇਥੋਪੀਆ, ਮਿਸਰ, ਈਰਾਨ, ਸਾਊਦੀ ਅਰਬ ਤੇ ਯੂ ਏ ਈ ਵੀ ਜੁੜ ਗਏ ਸਨ। ਹਾਲਾਂਕਿ ਬ੍ਰਿਕਸ ਨੇ ਸਮੂਹ ਦੇ ਤੌਰ 'ਤੇ ਈਰਾਨ 'ਤੇ ਹਮਲੇ ਦੀ ਨਿੰਦਾ ਨਹੀਂ ਕੀਤੀ, ਪਰ ਇਸ ਦੇ ਪੰਜ ਵਿੱਚੋਂ ਤਿੰਨ ਬਾਨੀ ਮੈਂਬਰਾਂ ਨੇ ਹਮਲੇ ਨੂੰ ਕੌਮਾਂਤਰੀ ਕਾਨੂੰਨ ਦੀ ਉਲੰਘਣਾ ਕਰਾਰ ਦਿੱਤਾ ਹੈ। ਦੱਖਣੀ ਅਫਰੀਕਾ ਦੇ ਰਾਸ਼ਟਰਪਤੀ ਸੀਰਿਲ ਰਾਮਾਫੋਸਾ ਨੇ ਕਿਹਾ ਹੈ ਕਿ ਇਹ ਟਕਰਾਅ ਮੱਧ-ਪੂਰਬ ਤੋਂ ਅੱਗੇ ਵੀ ਖਿੱਲਰ ਸਕਦਾ ਹੈ। ਉਨ੍ਹਾ ਕਿਹਾ ਹੈ, 'ਅਸੀਂ ਜੰਗਬੰਦੀ ਚਾਹੁੰਦੇ ਹਾਂ, ਅਸੀਂ ਇਹ ਪਾਗਲਪਨ ਖਤਮ ਹੁੰਦਾ ਦੇਖਣਾ ਚਾਹੁੰਦੇ ਹਾਂ।' ਰਾਮਾਫੋਸਾ ਦੀ ਪਾਰਟੀ ਅਫਰੀਕਨ ਨੈਸ਼ਨਲ ਕਾਂਗਰਸ ਨੇ ਇਸ ਤੋਂ ਪਹਿਲਾਂ ਹਮਲੇ ਦੀ ਨਿੰਦਾ ਕੀਤੀ ਸੀ। ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਈਰਾਨ 'ਤੇ ਹਮਲੇ ਤੇ ਇਸ ਦੇ ਸੁਪਰੀਮ ਲੀਡਰ ਆਇਤੁੱਲ੍ਹਾ ਖਾਮਨੇਈ ਦੀ ਹੱਤਿਆ ਦੀ ਨੁਕਤਾਚੀਨੀ ਕੀਤੀ ਹੈ, ਤਾਂ ਵੀ ਰੂਸ ਨੇ ਈਰਾਨ ਦੀ ਹਮਾਇਤ ਵਿੱਚ ਕੁੱਦਣ ਦਾ ਸੰਕੇਤ ਨਹੀਂ ਦਿੱਤਾ। ਚੀਨ ਦੇ ਵਿਦੇਸ਼ ਮੰਤਰੀ ਵਾਂਗ ਯੀ ਨੇ ਇਜ਼ਰਾਈਲੀ ਵਿਦੇਸ਼ ਮੰਤਰੀ ਗਿਡਿਓਨ ਸਾਰ ਨਾਲ ਫੋਨ 'ਤੇ ਗੱਲਬਾਤ ਵਿੱਚ ਕਿਹਾ ਕਿ ਈਰਾਨ 'ਤੇ ਹਮਲਾ ਉਦੋਂ ਕੀਤਾ ਗਿਆ, ਜਦੋਂ ਪ੍ਰਮਾਣੂ ਪ੍ਰੋਗਰਾਮ ਨੂੰ ਲੈ ਕੇ ਅਮਰੀਕਾ ਤੇ ਈਰਾਨ ਵਿਚਾਲੇ ਗੱਲਬਾਤ 'ਚ ਅਹਿਮ ਪ੍ਰਗਤੀ ਹੋਈ ਸੀ। ਵਾਂਗ ਨੇ ਕਿਹਾ ਕਿ ਚੀਨ ਇਜ਼ਰਾਈਲ ਤੇ ਅਮਰੀਕਾ ਵੱਲੋਂ ਈਰਾਨ 'ਤੇ ਹਮਲੇ ਦਾ ਵਿਰੋਧ ਕਰਦਾ ਹੈ। ਬਾਨੀ ਮੈਂਬਰਾਂ ਵਿੱਚੋਂ ਸਿਰਫ ਭਾਰਤ ਨੇ ਈਰਾਨ 'ਤੇ ਹਮਲੇ ਦੀ ਸਪੱਸ਼ਟ ਨਿੰਦਾ ਨਹੀਂ ਕੀਤੀ। ਇਸ ਦੀ ਚੇਅਰਮੈਨੀ ਹੇਠ ਜਥੇਬੰਦੀ ਜੰਗ ਬਾਰੇ ਖਾਮੋਸ਼ ਹੈ।

### 11,700 ਮਹਿਲਾ...

ਪ੍ਰਕਿਰਿਆ ਕਈ ਪੜਾਵਾਂ ਵਿੱਚ ਚਲਾਈ ਜਾ ਰਹੀ ਹੈ। ਹਲਕਾ ਪੱਧਰ 'ਤੇ ਲਗਭਗ 11,700 ਮਹਿਲਾ ਉੱਦਮੀਆਂ ਨੂੰ ਸਨਮਾਨਤ ਕੀਤਾ ਗਿਆ ਹੈ। ਇਨ੍ਹਾਂ ਵਿੱਚੋਂ 2,300 ਔਰਤਾਂ ਦੀ ਚੋਣ 23 ਜ਼ਿਲ੍ਹਿਆਂ ਵਿੱਚ ਜ਼ਿਲ੍ਹਾ ਪੱਧਰੀ ਮਾਨਤਾ ਲਈ ਕੀਤੀ ਜਾਵੇਗੀ, ਜਿੱਥੇ ਹਰੇਕ ਜ਼ਿਲ੍ਹੇ ਵਿੱਚੋਂ 100 ਔਰਤਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਸਨਮਾਨਤ ਕੀਤਾ ਜਾਵੇਗਾ।ਪ੍ਰੋਗਰਾਮ ਦਾ ਅੰਤਮ ਪੜਾਅ 18 ਮਾਰਚ ਨੂੰ ਰਾਜ ਪੱਧਰੀ ਸਮਾਗਮ ਵਿੱਚ ਹੋਵੇਗਾ, ਜਿੱਥੇ ਪੰਜਾਬ ਭਰ ਦੀਆਂ ਚੋਟੀ ਦੀਆਂ 100 ਮਹਿਲਾ ਉਦਮੀਆਂ ਨੂੰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਨਮਾਨਤ ਕੀਤਾ ਜਾਵੇਗਾ। ਔਰਤਾਂ ਵਿੱਚੋਂ ਹਰੇਕ ਨੂੰ ਉਨ੍ਹਾਂ ਦੀਆਂ ਉਦਮੀ ਪ੍ਰਾਪਤੀਆਂ ਦੀ ਮਾਨਤਾ ਵਜੋਂ 25,000 ਰੁਪਏ ਦਾ ਨਕਦ ਪੁਰਸਕਾਰ ਦਿੱਤਾ ਜਾਵੇਗਾ।ਪੰਜਾਬ ਸਰਕਾਰ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਿਰਫ਼ 8 ਮਾਰਚ ਦੇ ਇੱਕ ਦਿਨ ਦੇ ਸਮਾਗਮ ਵਜੋਂ ਨਹੀਂ, ਸਗੋਂ ਮਹਿਲਾ ਸਸ਼ਕਤੀਕਰਨ ਨੂੰ ਸਮਰਪਤ ਮਹੀਨਾ ਭਰ ਚੱਲਣ ਵਾਲੇ ਜਸ਼ਨ ਵਜੋਂ ਮਨਾ ਰਹੀ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਵੱਲੋਂ ਚੰਡੀਗੜ੍ਹ ਰੈਲੀ 'ਚ ਭਰਵੀਂ ਸ਼ਮੂਲੀਅਤ ਕਰਨ ਦਾ ਐਲਾਨ

**ਧਾਰੀਵਾਲ (ਮਨਦੀਪ ਵਿੱਕੀ)**- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਗੁਰਦਾਸਪੁਰ ਇਕਾਈ ਦੀ ਮੀਟਿੰਗ ਸਥਾਨਕ ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਜਿਲ੍ਹਾ ਪ੍ਰਧਾਨ ਅਨਿਲ ਕੁਮਾਰ ਲਾਹੌਰੀਆ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ



ਵਿੱਚ ਸ਼ਾਮਿਲ ਗੌਰਮਿੰਟ ਟੀਚਰਜ਼ ਯੂਨੀਅਨ ਦੇ ਆਗੂਆਂ ਕੁਲਦੀਪ ਪੁਰੋਵਾਲ, ਦਿਲਦਾਰ ਭੰਡਾਲ, ਸਖਵਿੰਦਰ ਰੰਧਾਵਾ, ਜੋਤ ਪ੍ਰਕਾਸ਼ ਸਿੰਘ, ਅਮਰਬੀਰ ਸਿੰਘ, ਸ਼ੁਭਾਸ਼ ਚੰਦ, ਪੁਰਾਣੀ ਪੈਨਸ਼ਨ ਬਹਾਲ ਕਮੇਟੀ ਦੇ ਆਗੂ ਲਵਪ੍ਰੀਤ ਰੋੜਾਂਵਾਲੀ, ਅਮਨਦੀਪ ਧਾਰੀਵਾਲ ਜੰਗਲਾਤ ਵਰਕਰ ਯੂਨੀਅਨ ਦੇ ਆਗੂ ਰਣਜੀਤ ਸਿੰਘ, ਕੁਲਦੀਪ ਸਿੰਘ ਪੀਡਬਲਿਊ ਫ਼ੀਲਡ ਐਂਡ ਵਰਕਸ਼ਾਪ ਯੂਨੀਅਨ ਦੇ ਆਗੂ ਸਤਨਾਮ ਸਿੰਘ, ਪਰੇਮ ਕੁਮਾਰ, ਹਰਪਾਲ ਸਿੰਘ ਮਿਡ ਡੇਅ ਮੀਲ ਵਰਕਰਜ ਯੂਨੀਅਨ ਦੇ ਆਗੂ ਮਨਜੀਤ ਕੌਰ, ਚੰਪਾ ਦੇਵੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮ ਮੰਗਾਂ ਨੂੰ ਅਣਗੌਲਿਆਂ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਸ਼ੈਸ਼ਨ ਦੌਰਾਨ ਸਰਕਾਰ ਨੂੰ ਪੁਰਾਣੀ ਪੈਨਸ਼ਨ ਬਹਾਲ ਕਰਨ,16% ਡੀ ਏ ਦੀ ਕਿਸ਼ਤ ਜਾਰੀ ਕਰਨ, ਏ ਸੀ ਪੀ ਸਕੀਮਅਤੇ ਭੱਤੇ ਬਹਾਲ ਕਰਨ, ਟੈੱਟ ਦੀ ਸ਼ਰਤ ਵਾਪਿਸ ਲੈਣ, ਕੱਚੇ ਕਾਮੇ ਪੱਕੇ ਕਰਨ, ਮਿਡ ਡੇਅ ਮੀਲ ਵਰਕਰਾਂ ਦਾ ਭੱਤਾ ਹਰਿਆਣਾ ਪੈਟਰਨ ਤੇ ਕਰਨ ਆਦਿ ਮੰਗਾਂ ਦੇ ਹੱਲ ਲਈ 8 ਮਾਰਚ ਨੂੰ ਗੁਰਦਾਸਪੁਰ ਤੋਂ ਵੱਡੀ ਗਿਣਤੀ ਵਿੱਚ ਮੁਲਾਜ਼ਮ ਚੰਡੀਗੜ੍ਹ ਰੈਲੀ ਕਰਨਗੇ ਅਤੇ ਵਿਧਾਨ ਸਭਾ ਵੱਲ ਮਾਰਚ ਕਰਕੇ ਰੋਸ ਪ੍ਰਦਰਸ਼ਨ ਕਰਨਗੇ।ਆਗੂਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਜਥੇਬੰਦੀਆਂ ਨੂੰ ਸਮਾਂ ਦੇਣ ਉਪਰੰਤ ਬਾਰ ਬਾਰ ਮੀਟਿੰਗਾ ਮੁਲਤਵੀ ਕਰਨ ਦਾ ਰਿਕਾਰਡ ਕਾਇਮ ਕੀਤਾ ਗਿਆ ਹੈ।ਆਗੂਆਂ ਕਿਹਾ ਕਿ ਜੇਕਰ ਮੁਲਾਜ਼ਮ ਮੰਗਾਂ ਨੂੰ ਵਿਧਾਨ ਸਭਾ ਬਜਟ ਸੈਸ਼ਨ ਵਿੱਚ ਅਣਗੌਲਿਆਂ ਕੀਤਾ ਤਾਂ ਆਉਣ ਵਾਲੇ ਸਮੇਂ ਵਿੱਚ ਵੀ ਵੱਡੇ ਸੰਘਰਸ਼ ਕੀਤੇ ਜਾਣਗੇ।

# ਹਰਮੀਤ ਸਿੰਘ ਸੰਧੂ ਵੱਲੋਂ ਬਲਾਕ ਸੰਮਤੀ ਦੇ ਚੁਣੇ ਹੋਏ ਅਹੁਦੇਦਾਰਾਂ ਦਾ ਸਨਮਾਨ

## ਰਣਜੀਤ ਕੌਰ ਚਾਹਲ ਚੇਅਰਮੈਨ ਤੇ ਬਲਬੀਰ ਸਿੰਘ ਗੱਗੋਬੂਹਾ ਬਣੇ ਉਪ ਚੇਅਰਮੈਨ

**ਝਬਾਲ, (ਹਰਜਿੰਦਰ ਸਿੰਘ ਸੋਨੀ)**- ਬਲਾਕ ਗੰਡੀਵਿੰਡ ਦੇ ਬੀਡੀਪੀਓ ਦਫ਼ਤਰ ਵਿਖੇ ਬਲਾਕ ਸੰਮਤੀ ਦੇ ਚੇਅਰਮੈਨ ਅਤੇ ਉਪ ਚੇਅਰਮੈਨ ਦੀ ਚੋਣ ਹੋਈ ਜਿਸ ਵਿੱਚ ਸਰਬਸੰਮਤੀ ਨਾਲ ਬੀਬੀ ਰਣਜੀਤ ਕੌਰ ਚਾਹਲ ਚੇਅਰਮੈਨ ਅਤੇ ਸ. ਬਲਬੀਰ ਸਿੰਘ ਗੱਗੋਬੂਹਾ ਨੂੰ ਉਪ ਚੇਅਰਮੈਨ ਚੁਣ ਲਿਆ ਗਿਆ।ਇਸ ਮੌਕੇ ਹਲਕਾ ਵਿਧਾਇਕ ਸ੍ਰ: ਹਰਮੀਤ ਸਿੰਘ ਸੰਧੂ ਨੇ ਬਲਾਕ ਸੰਮਤੀ ਦੇ ਨਵੇਂ ਚੁਣੇ ਗਏ ਚੇਅਰਮੈਨ ਰਣਜੀਤ ਕੌਰ ਚਾਹਲ ਅਤੇ ਬਲਬੀਰ ਸਿੰਘ ਗੱਗੋਬੂਹਾ ਉਪ ਚੇਅਰਮੈਨ ਨੂੰ ਵਧਾਈ ਦਿੰਦੇ ਕਿਹਾ ਕਿ ਬਲਾਕ ਸੰਮਤੀ ਦੀਆਂ ਚੋਣਾਂ ਵਿਚ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਵੱਡਾ ਬਹੁਮੱਤ ਦਿੱਤਾ ਸੀ ਅਤੇ ਇਹ ਜਿੱਤ ਆਮ ਲੋਕਾਂ ਦੀ ਜਿੱਤ ਸੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਆਪਣੇ 4 ਸਾਲ ਦੇ ਕਾਰਜਕਾਲ ਦੌਰਾਨ ਲੋਕਾਂ ਨਾਲ ਕੀਤੀਆਂ ਸਾਰੀਆਂ ਗਾਰੰਟੀਆਂ ਨੂੰ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਜਲਦ ਹੀ ਆਪਣੀਆਂ ਮਤਾਵਾਂ-ਭੈਣਾਂ ਨੂੰ 1000-1000 ਰੁਪਏ ਦੇਣ ਦਾ ਵਾਅਦਾ ਵੀ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਾਲ 2022 ਵਿੱਚ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਓਦੋਂ ਤੋਂ ਹੀ ਮਾਨ ਸਰਕਾਰ ਦੇਸ਼ ਦੇ ਮਹਾਨ ਕੌਮੀ ਨਾਇਕਾਂ ਦੇ ਸੁਪਨਿਆਂ



ਨੂੰ ਸਾਕਾਰ ਕਰਨ ਲਈ ਨਿਰੰਤਰ ਯਤਨ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਜਿਥੇ ਪਿਛਲੀਆਂ ਸਰਕਾਰਾਂ ਨੇ ਸਿੱਖਿਆ ਅਤੇ ਨੌਕਰੀਆਂ ਦਾ ਪੈਸਾ ਰੱਜ ਕੇ ਲੁੱਟਿਆ, ਉਥੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਨੌਜਵਾਨਾਂ ਲਈ ਸਰਕਾਰੀ ਨੌਕਰੀਆਂ ਦੇ ਦਰਵਾਜ਼ੇ ਖੋਲ੍ਹੇ।ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ 65000 ਤੋਂ ਵੱਧ ਤੋਂ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।ਐੱਮ ਐੱਲ ਏ ਹਰਮੀਤ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਸਰਕਾਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਸ਼ੁਰੂ ਕੀਤੀ ਹੈ, ਜੋ ਰਾਜ ਦਾ ਸਭ ਤੋਂ ਵੱਡਾ ਸਿਹਤ ਸੁਧਾਰ ਪ੍ਰੋਗਰਾਮ ਹੈ। ਉਨ੍ਹਾਂ ਕਿਹਾ ਕਿ ਹੁਣ ਹਰ ਪੰਜਾਬੀ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਮਿਲੇਗਾ।ਇਸ ਮੌਕੇ ਬਲਾਕ ਗੰਡੀਵਿੰਡ ਸੰਮਤੀ ਦੇ ਚੁਣੇ ਗਏ ਚੇਅਰਮੈਨ ਰਣਜੀਤ ਕੌਰ ਅਤੇ ਉਪ ਚੇਅਰਮੈਨ ਬਲਬੀਰ ਸਿੰਘ ਗੱਗੋਬੂਹਾ ਨੇ ਇਕ ਸੁਰ ਵਿਚ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਹਲਕਾ ਵਿਧਾਇਕ ਹਰਮੀਤ ਸਿੰਘ ਸੰਧੂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਜੋ ਜ਼ਿੰਮੇਵਾਰੀ ਸੌਂਪੀ ਹੈ ਉਹ ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਹਿਲਕਦਮੀ ਪਿੰਡਾਂ ਦੇ ਵਿਕਾਸ ਵੱਲ ਹੋਵੇਗੀ ਅਤੇ ਪਿੰਡਾਂ ਦਾ ਸਰਬਪੱਖੀ ਵਿਕਾਸ ਕੀਤਾ ਜਾਵੇਗਾ। ਇਸ ਮੌਕੇ ਹਰਜੀਤ ਸਿੰਘ ਬੀਡੀਪੀਓ ਬਲਾਕ ਗੰਡੀਵਿੰਡ, ਸੈਕਟਰੀ ਹਰਪ੍ਰੀਤ ਸਿੰਘ ਮੂਸੇ, ਆਪ ਆਗੂ ਅੰਗਰੇਜ਼ ਸਿੰਘ ਢੰਡ ਆਦਿ ਸਮੇਤ ਸਮੂਹ ਬਲਾਕ ਸੰਮਤੀ ਮੈਂਬਰ ਸਹਿਬਾਨ ਵੀ ਮੌਜੂਦ ਸਨ।

# ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਅਗਨੀਵੀਰ ਭਰਤੀ ਰੈਲੀ 9 ਤੋਂ 18

**ਗੁਰਦਾਸਪੁਰ, (ਜਨਕ ਮਹਾਜਨ)**- ਭਾਰਤੀ ਫੌਜ ਭਰਤੀ ਦਫ਼ਤਰ ਅੰਮ੍ਰਿਤਸਰ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਦੇ ਸਹਿਯੋਗ ਨਾਲ 9 ਤੋਂ 18 ਮਾਰਚ ਤੱਕ ਸਰਕਾਰੀ ਕਾਲਜ ਗੁਰਦਾਸਪੁਰ ਦੇ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਸਟੇਡੀਅਮ ਵਿਖੇ ਅਗਨੀਵੀਰ ਭਰਤੀ ਰੈਲੀ ਦਾ ਕਰਵਾ ਰਿਹਾ ਹੈ। ਇਸ ਭਰਤੀ ਰੈਲੀ ਵਿਚ ਅਗਨੀਵੀਰ ਜਨਰਲ ਡਿਊਟੀ, ਅਗਨੀਵੀਰ ਟੈਕਨੀਕਲ, ਅਗਨੀਵੀਰ ਕਲਰਕ/ਸਟੋਰ ਕੀਪਰ ਅਤੇ ਅਗਨੀਵੀਰ ਟਰੇਡਸਮੈਨ (10ਵੀਂ ਅਤੇ 8ਵੀਂ) ਦੀ ਭਰਤੀ ਕੀਤੀ ਜਾਵੇਗੀ। ਕਰਨਲ ਜੇਮਜ਼ ਜੈਕਬ ਡਾਇਰੈਕਟਰ ਭਰਤੀ ਦਫ਼ਤਰ ਨੇ ਦੱਸਿਆ ਕਿ ਇਸ ਗੁਰਦਾਸਪੁਰ ਭਰਤੀ ਰੈਲੀ ਵਿਚ ਜ਼ਿਲ੍ਹਾ ਗੁਰਦਾਸਪੁਰ, ਅੰਮ੍ਰਿਤਸਰ ਅਤੇ ਪਠਾਨਕੋਟ ਦੇ ਉਮੀਦਵਾਰਾਂ ਦੀ ਸਰੀਰਕ ਤੰਦਰੁਸਤੀ, ਮੈਡੀਕਲ ਤੰਦਰੁਸਤੀ ਦੇ ਨਾਲ-ਨਾਲ ਦਸਤਾਵੇਜ਼ਾਂ ਦੀ ਜਾਂਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਇਸ ਭਰਤੀ ਰੈਲੀ ਵਿਚ ਭਾਰਤੀ ਫੌਜ ਨੂੰ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ ਤਾਂ ਜੋ ਵੱਧ ਤੋਂ ਵੱਧ ਨੌਜਵਾਨ ਇਸ ਭਰਤੀ ਰੈਲੀ ਵਿਚ ਪਹੁੰਚ ਸਕਣ ਅਤੇ ਭਰਤੀ ਹੋ ਕੇ ਆਪਣੇ ਦੇਸ਼ ਦੀ ਸੇਵਾ ਕਰ ਸਕਣ। ਇਸ ਮੌਕੇ ਸੂਬੇਦਾਰ ਮੇਜਰ ਸੰਜੇ ਅਤੇ ਸੂਬੇਦਾਰ ਪ੍ਰਵੀਨ ਵੀ ਮੌਜੂਦ ਸਨ।

# ਪੰਜਾਬ 'ਤੇ ਲੱਗਾ ਨਸ਼ੇ ਦਾ ਕਲੰਕ ਮਿਟਾ ਕੇ ਹੀ ਦਮ ਲਵੇਗੀ ਆਪ ਸਰਕਾਰ : ਤਰਸਿੱਕਾ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਸੀਨੀਅਰ ਵਾਈਸ ਚੇਅਰਮੈਨ ਤਰਸੇਮ ਸਿੰਘ ਤਰਸਿੱਕਾ ਨੇ ਪਿੰਡ ਸ਼ਹਿਜ਼ਾਦਾ ਦੇ ਆਪ ਵਰਕਰਾਂ ਨਾਲ ਮੀਟਿੰਗ ਕੀਤੀ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਪਿਛਲੇ 1 ਸਾਲ ਤੋਂ ਆਪ ਸਰਕਾਰ ਵੱਲੋਂ ਚਲਾਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ 'ਚ ਬਹੁਤ ਵੱਡੀ ਸਫਲਤਾ ਮਿਲੀ ਹੈ। ਕਈ ਵੱਡੇ ਨਸ਼ਾ ਤਸਕਰਾਂ ਵਿਰੁੱਧ ਕਾਨੂੰਨੀ ਕਾਰਵਾਈ ਕਰਕੇ ਜੇਲ੍ਹ ਭੇਜ ਦਿੱਤਾ ਗਿਆ ਅਤੇ ਨਸ਼ੇ ਵੇਚ ਕੇ ਜੋ ਪ੍ਰੋਪਰਟੀਆਂ ਬਣਾਈਆਂ ਸਨ, 'ਤੇ ਬੁਲਡੋਜ਼ਰ ਫੇਰ ਦਿੱਤਾ ਗਿਆ। ਨਸ਼ਾ ਤਸਕਰਾਂ ਵਿਰੁੱਧ ਪੀਲਾ ਪੰਜਾ ਚਲਾ ਕੇ ਆਪ ਸਰਕਾਰ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਹੈ ਕਿ ਜੋ ਪੰਜਾਬ 'ਤੇ ਨਸ਼ੇ ਦਾ ਕਲੰਕ ਲੱਗਾ ਹੈ ਉਹ ਉਸ ਨੂੰ ਮਿਟਾ ਕੇ ਹੀ ਦਮ ਲਵੇਗੀ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰ ਦਾ ਸਾਥ ਦੇਣ। ਖਬਰ ਦੇਣ ਵਾਲੇ ਦਾ ਨਾਂਅ ਗੁਪਤ ਰੱਖਿਆ ਜਾਵੇਗਾ।ਇਸ ਮੌਕੇ ਤਰਸੇਮ ਸਿੰਘ ਦੇ ਨਜ਼ਦੀਕੀ ਅਮਨਪ੍ਰੀਤ ਸਿੰਘ ਨੇ ਕਿਹਾ ਕਿ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹਨ। ਲੋਕ ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਤਲਬੀਰ ਸਿੰਘ ਗਿੱਲ 2027 ਵਿੱਚ ਹਲਕਾ ਮਜੀਠਾ ਆਪ ਤੋਂ ਭਾਰੀ ਲੀਡ ਨਾਲ ਵਿਧਾਇਕ ਬਣ ਕੇ ਹਲਕੇ ਦੀ ਵਾਗਡੋਰ ਸਾਂਭਣਗੇ।ਇਸ ਮੌਕੇ ਤਰਸੇਮ ਸਿੰਘ ਸਿੱਕਾ, ਅਮਨਪ੍ਰੀਤ ਸਿੰਘ ਸ਼ਹਿਜ਼ਾਦਾ, ਅੰਮ੍ਰਿਤਪਾਲ ਸਿੰਘ, ਕੰਵਲਜੀਤ ਸਿੰਘ, ਅਸ਼ੋਕ ਸਿੰਘ ਅਤੇ ਕੁਲਜੀਤ ਸਿੰਘ ਆਦਿ ਹਾਜ਼ਰ ਸਨ।



# ਆਰ ਐੱਮ ਪੀ ਡਾਕਟਰਾਂ ਨੇ ਚੋਲਾ ਸਾਹਿਬ ਦੇ ਮੇਲੇ ਨੂੰ ਸਮਰਪਿਤ ਲਗਾਇਆ ਮੁਫਤ ਮੈਡੀਕਲ ਕੈਂਪ

**ਧਾਰੀਵਾਲ/ਹਰਚੋਵਾਲ (ਮਨਦੀਪ ਵਿੱਕੀ)**- ਜਗਤ ਗੁਰੂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅੰਗ ਵਸਤਰ ਚੋਲਾ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਦਰਸ਼ਨ ਕਰਨ ਲਈ ਪੈਦਲ ਯਾਤਰਾ ਸਲਾਨਾ ਜੋੜ ਮੇਲੇ ਨੂੰ ਸਮਰਪਿਤ ਬਿਆਸ



ਦਰਿਆ ਦੇ ਕੰਢੇ ਭੇਟ ਪੱਤਣ ਵਿਖੇ ਸੰਗਤਾਂ ਨੂੰ ਮੁੱਢਲੀ ਸਿਹਤ ਸਹੂਲਤ ਦੇਣ ਲਈ ਡਾਕਟਰ ਸਤਨਾਮ ਸਿੰਘ ਭੇਟ ਪੱਤਣ, ਡਾਕਟਰ ਲਖਵਿੰਦਰ ਸਿੰਘ ਸੰਧੂ ਔਲਖ, ਡਾਕਟਰ ਜਸਵਿੰਦਰ ਸਿੰਘ ਸੰਧੂ ਕੀੜੀ ਅਫਗਾਨਾ ਅਤੇ ਡਾਕਟਰ ਜਗੀਰ ਸਿੰਘ ਫੁੱਲੜਾ ਦੀ ਯੋਗ ਅਗਵਾਈ ਹੇਠ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ।ਪਿੰਡ ਭੇਟ ਪੱਤਣ ਦੇ ਸਰਪੰਚ ਮਨਜੀਤ ਸਿੰਘ ਬੱਲ ਦੇ ਭਰਾ ਭਗਵਾਨ ਸਿੰਘ ਨੇ ਰੇਬਨ ਕੱਟ ਕੇ ਮੈਡੀਕਲ ਕੈਂਪ ਦਾ ਉਦਘਾਟਨ ਕੀਤਾ ।ਇਸ ਮੌਕੇ ਉਦਘਾਟਨ ਕਰਨ ਆਏ ਭਾਈ ਸਤਨਾਮ ਸਿੰਘ ਭੇਟ ਪੱਤਣ ਅਤੇ ਡਾਕਟਰ ਲਖਵਿੰਦਰ ਸਿੰਘ ਸੰਧੂ ਔਲਖ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾ ਦੇ ਕੇ ਸਵਾਗਤ ਕੀਤਾ ਗਿਆ ।ਕੈਂਪ ਵਿੱਚ ਅਣਗਿਣਤ ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ ਅਤੇ ਮੁਫਤ ਦਵਾਈਆਂ ਦਿੱਤੀਆਂ ਗਈਆਂ।ਮੈਡੀਕਲ ਕੈਂਪ ਵਿੱਚ ਪੂਰਾ ਸਹਿਯੋਗ ਦੇ ਕੇ ਮਰੀਜ਼ਾਂ ਦੀ ਸੇਵਾ ਸੰਭਾਲ ਕਰਨ ਲਈ ਡਾਕਟਰ ਅਵਤਾਰ ਸਿੰਘ ਕਿਲਾ ਲਾਲ ਸਿੰਘ, ਡਾਕਟਰ ਦਿਲਬਾਗ ਸਿੰਘ ਪੰਨੂ, ਡਾਕਟਰ ਸੰਤੋਖ ਸਿੰਘ ਲੀਲ ਕਲਾਂ, ਡਾਕਟਰ ਸਵਿੰਦਰ ਸਿੰਘ ਠੱਕਰ ਸੰਧੂ, ਡਾਕਟਰ ਰਵਿੰਦਰ ਸਿੰਘ ਮਠੋਲਾ, ਡਾਕਟਰ ਕਸ਼ਮੀਰ ਸਿੰਘ ਨਾਗੀ ਭਾਮ, ਡਾਕਟਰ ਰਛਪਾਲ ਸਿੰਘ ਵਰਿਆਂਹ, ਡਾਕਟਰ ਰਮਿੰਦਰ ਸਿੰਘ ਗੋਲਡੀ, ਡਾਕਟਰ ਸਤਨਾਮ ਸਿੰਘ ਹਰਚੋਵਾਲ, ਡਾਕਟਰ ਕੁਲਦੀਪ ਸਿੰਘ ਘੋੜੇਵਾਹ, ਮਾਸਟਰ ਹਰਦੀਪ ਸਿੰਘ ਪੰਚ, ਭਾਈ ਅਮਰੀਕ ਸਿੰਘ, ਭਾਈ ਲਖਵਿੰਦਰ ਸਿੰਘ ਭੇਟ ਪੱਤਣ, ਸਤਨਾਮ ਸਿੰਘ ਠੇਕੇਦਾਰ, ਹਰਭਜਨ ਸਿੰਘ ਮਠੋਲਾ ਤੇ ਹੋਰ ਆਰਐੱਮਪੀ ਡਾਕਟਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।

# ਜੌੜੀਆਂ ਕਲਾਂ ਦੀਆਂ ਸੰਗਤਾਂ ਨੇ ਜੋੜ ਮੇਲੇ 'ਤੇ ਲੰਗਰ ਲਗਾਇਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਰਹੱਦੀ ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਜੌੜੀਆਂ ਕਲਾਂ ਦੀ ਸਮੂਹ ਸਾਧ ਸੰਗਤ ਵੱਲੋਂ ਗਿਆਨੀ ਗੁਰਦਿਆਲ ਸਿੰਘ ਦੀ ਅਗਵਾਈ ਹੇਠ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅੰਗ ਬਸਤਰ ਸਾਲਾਨਾ ਜੋੜ ਮੇਲਾ ਸ਼੍ਰੀ ਚੋਲਾ ਸਾਹਿਬ ਮੌਕੇ ਦੇਸ਼ਾਂ ਵਿਦੇਸ਼ਾਂ ਤੋਂ ਪੁੱਜੀਆਂ ਸੰਗਤਾਂ ਲਈ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਚਾਹ ਤੇ ਪਕੌੜਿਆਂ ਦਾ ਲੰਗਰ ਲਗਾਇਆ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਠੇਕੇਦਾਰ ਜਸਵਿੰਦਰ ਸਿੰਘ ਅਤੇ ਮੁਖਤਿਆਰ ਸਿੰਘ ਵਾਸੀ ਪਿੰਡ ਜੌੜੀਆਂ ਕਲਾਂ ਨੇ ਦੱਸਿਆ ਕਿ ਇਹ ਚਾਹ ਪਕੌੜਿਆਂ ਦਾ ਲੰਗਰ ਸਾਡੇ ਪਿੰਡ ਜੌੜੀਆਂ ਕਲਾਂ ਵਾਸੀਆਂ ਵੱਲੋਂ ਪਿੰਡ ਦੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਲਗਾਇਆ ਜਾਂਦਾ ਹੈ, ਜੋ ਕਰੀਬ 37 ਸਾਲਾਂ ਤੋਂ ਨਿਰੰਤਰ ਚੱਲ ਰਿਹਾ ਹੈ ।ਸੋ ਇਸ ਵਾਰ ਵੀ ਇਹ ਲੰਗਰ 3 ਮਾਰਚ ਨੂੰ ਸ਼ੁਰੂ ਹੋਇਆ ਸੀ ਜੋ ਨਿਰੰਤਰ 15 ਮਾਰਚ ਤੱਕ ਚੱਲੇਗਾ। ਉਨ੍ਹਾਂ ਦੱਸਿਆ ਕਿ ਇਸ ਵਾਰ ਪਕੌੜਿਆਂ ਦੇ ਲੰਗਰ ਲਈ 30 ਤੋੜੇ ਵੇਸਣ ਅਤੇ 20 ਟੀਨ ਸਰ੍ਹੋਂ ਦੇ ਤੇਲ ਦਾ ਪ੍ਰਬੰਧ ਕੀਤਾ ਗਿਆ ਹੈ ।ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਵਾਲੀਆਂ ਸੰਗਤਾਂ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੀਆਂ ਬੜੇ ਪਿਆਰ ਨਾਲ ਪਕੌੜਿਆਂ ਦਾ ਲੰਗਰ ਛਕ ਰਹੀਆਂ ਹਨ ।ਇਸ ਮੌਕੇ ਠੇਕੇਦਾਰ ਜਸਵਿੰਦਰ ਸਿੰਘ, ਮੁਖਤਿਆਰ ਸਿੰਘ, ਜਸਪਿੰਦਰ ਸਿੰਘ, ਸਰਪੰਚ ਸੁਖਜਿੰਦਰ ਸਿੰਘ, ਮਲਵਿੰਦਰ ਸਿੰਘ, ਪੁਸ਼ਪਿੰਦਰ ਸਿੰਘ, ਬਲਬੀਰ ਸਿੰਘ, ਰਵਿੰਦਰ ਸਿੰਘ, ਪਟਵਾਰੀ ਹਰਜਿੰਦਰ ਸਿੰਘ, ਗੁਰਮੇਜ ਸਿੰਘ ਫੌਜੀ, ਸਵਿੰਦਰ ਸਿੰਘ, ਬਲਜਿੰਦਰ ਸਿੰਘ, ਹਰਜੀਤ ਸਿੰਘ, ਕੁਲਦੀਪ ਸਿੰਘ ਬਾਜਵਾ, ਇੰਦਰਜੀਤ ਸਿੰਘ ਫੌਜੀ,ਗੁਰਵਿੰਦਰ ਸਿੰਘ,ਪਰਮਿੰਦਰ ਸਿੰਘ,ਨਿਰਮਲ ਸਿੰਘ,ਡਾਕਟਰ ਸਰਦੂਲ ਸਿੰਘ,ਜਰਨੈਲ ਸਿੰਘ,ਲਖਵਿੰਦਰ ਸਿੰਘ ਕੰਵਲਜੀਤ ਸਿੰਘ ਪੀ ਆਰ ਟੀ ਸੀ, ਹਰਜੀਤ ਸਿੰਘ ਬਾਜਵਾ, ਸਰੂਪ ਸਿੰਘ, ਸੂਬਾ ਸਿੰਘ, ਸਵਰਨ ਸਿੰਘ ਬਾਜਵਾ ਆਦਿ ਤੋਂ ਇਲਾਵਾ ਪਿੰਡ ਜੌੜੀਆਂ ਕਲਾਂ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ ।ਜ਼ਿਕਰਯੋਗ ਹੈ ਕਿ ਇਸ ਮੌਕੇ ਜਿੱਥੇ ਪਿੰਡ ਜੌੜੀਆਂ ਕਲਾਂ ਦੇ ਵੀਰ ਰਾਤ ਦਿਨ ਲੰਗਰ ਦੀ ਸੇਵਾ ਕਰ ਰਹੇ ਹਨ, ਉਥੇ ਪਿੰਡ ਦੀਆਂ ਬੀਬੀਆਂ ਵੀ ਪੂਰੇ ਉਤਸ਼ਾਹ ਨਾਲ ਭਾਂਡਿਆਂ ਦੀ ਸੇਵਾ ਕਰ ਰਹੀਆਂ ਹਨ।



# ਬਿਨਾਂ ਕਿਸੇ ਭੇਦ-ਭਾਵ ਹੋ ਰਹੇ ਕੰਮਾਂ ਸਦਕਾ 2027 'ਚ ਮੁੜ ਜਿੱਤੇਗੀ ਆਪ : ਅਮਨਪ੍ਰੀਤ ਸਿੰਘ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਆਪ ਆਗੂ ਅਮਨਪ੍ਰੀਤ ਸਿੰਘ ਸ਼ਹਿਜ਼ਾਦਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਵੱਲੋਂ ਸੂਬੇ ਦੇ ਲੋਕਾਂ ਨੂੰ ਬਿਨਾਂ ਭੇਦ ਭਾਵ



ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਗਰੀਬ ਪਰਿਵਾਰਾਂ ਦੇ ਬਿਜਲੀ ਬਿੱਲ ਵੀ ਮਾਫ ਕਰਵਾਏ ਹਨ ਅਤੇ 10 ਲੱਖ ਦੀ ਸਿਹਤ ਬੀਮਾ ਯੋਜਨਾ ਦਾ ਸ਼ਲਾਘਾਯੋਗ ਫੈਸਲਾ ਲਿਆ ਹੈ ਅਤੇ ਸਿਹਤ ਬੀਮਾ ਯੋਜਨਾ ਜਿਸ ਦਾ ਲੋਕ ਲਾਭ ਉਠਾਉਣ ਲੱਗ ਪਏ ਹਨ।ਇਸ ਯੋਜਨਾ ਦਾ ਮਕਸਦ ਆਮ ਪਰਿਵਾਰ ਨੂੰ ਮਹਿੰਗੇ ਇਲਾਜ ਤੋਂ ਆਰਥਿਕ ਸੁਰੱਖਿਆ ਦੇਣਾ ਹੈ ਤਾਂ ਜੋ ਹਰ ਆਮ ਪਰਿਵਾਰ ਬਿਨਾਂ ਕਿਸੇ ਚਿੰਤਾ ਤੋਂ ਆਪਣਾ ਇਲਾਜ ਕਰਵਾ ਸਕੇ।ਮਜੀਠਾ ਹਲਕਾ ਵਿੱਚ ਨਵੀਆਂ ਸੜਕਾਂ ਦਾ ਵਿਕਾਸ ਵੀ ਜ਼ੋਰਾਂ ਨਾਲ ਕਰਾਇਆ ਜਾ ਰਿਹਾ ਹੈ ਜ਼ਿਕਰਯੋਗ ਹੈ ਕਿ ਇੰਨਾ ਵਿਕਾਸ ਅੱਜ ਤੱਕ ਦੇਖਣ ਨੂੰ ਨਹੀਂ ਮਿਲਿਆ ਹੈ।ਉਨ੍ਹਾਂ ਕਿਹਾ ਕਿ ਸਮੁੱਚਾ ਹਲਕਾ ਤਲਬੀਰ ਸਿੰਘ ਗਿੱਲ ਦੇ ਨਾਲ ਹੈ ਅਤੇ 2027 ਦੀਆਂ ਵਿਧਾਨ ਸਭਾ ਦੀਆਂ ਵੋਟਾਂ 'ਚ ਉਨ੍ਹਾਂ ਦੀ ਜਿੱਤ ਹੋਵੇਗੀ ਅਤੇ ਹਲਕਾ ਮਜੀਠਾ ਦੀ ਵਾਗਡੋਰ ਸਾਂਭਣਗੇ।

# ਈਡੀਅਟ ਕਲੱਬ ਦਾ 14ਵਾਂ ਜਸਪਾਲ ਭੱਟੀ ਐਵਾਰਡ ਸ਼ੋਅ ਸਫ਼ਲਤਾਪੂਰਵਕ ਸੰਪੰਨ

ਰਈਆ (ਡੀ. ਕੇ. ਰੈਂਡੀ)-ਡਾ. ਰਾਜਿੰਦਰ ਰਿਖੀ ਅਤੇ ਧਵਨੀ ਮਹਿਰਾ ਦਾ ਕਲਾ ਦੇ ਪ੍ਰਤੀ ਪਿਆਰ ਕਾਬਿਲੇ ਤਾਰੀਫ਼ ਹੈ।ਇਹ ਦੋ ਲੋਕ ਈਡੀਅਟ ਕਲੱਬ ਦੇ ਬੈਨਰ ਹੇਠ ਕਲਾ ਪ੍ਰੇਮੀਆਂ ਲਈ ਜੋ ਵੀ ਕੰਮ ਨਿਰਸਵਾਰਥ ਕਰ ਰਹੇ ਹਨ ਉਹ ਕੋਈ ਵਿਰਲਾ ਹੀ ਕਰ ਸਕਦਾ ਹੈ।ਇਹ ਸ਼ਬਦ ਵਿਸ਼ਵ ਪ੍ਰਸਿੱਧ ਫਿਲਮੀ ਅਦਾਕਾਰ ਬੀ. ਐੱਨ. ਸ਼ਰਮਾ ਨੇ ਈਡੀਅਟ ਕਲੱਬ ਵੱਲੋਂ ਕਰਵਾਏ ਗਏ 14ਵੇਂ ਜਸਪਾਲ ਭੱਟੀ ਐਵਾਰਡ ਮੌਕੇ ਲਾਈਫ ਟਾਈਮ ਅਚੀਵਮੈਂਟ ਪ੍ਰਾਪਤ ਕਰਦਿਆਂ ਸਾਂਝੇ ਕੀਤੇ।ਸਮਾਗਮ ਦੀ ਸ਼ੁਰੂਆਤ ਸਾਰੇ ਹੀ ਐਵਾਰਡੀਆਂ ਵੱਲੋਂ ਸ਼ਮ੍ਹਾ ਰੌਸ਼ਨ ਕਰਕੇ ਕੀਤੀ ਗਈ।ਉਪਰੰਤ ਗਾਇਕਾ ਤਨਵੀ ਸ਼ਰਮਾ ਨੇ ਆਪਣੀ ਸੁਰੀਲੀ ਆਵਾਜ਼ ਵਿੱਚ ਗੀਤ ਗਾ ਕੇ ਦਰਸ਼ਕਾਂ ਦਾ ਮਨੋਰੰਜਨ ਕੀਤਾ। ਏਬੀਸੀਡੀ ਡਾਂਸ ਅਕੈਡਮੀ ਪਠਾਨਕੋਟ ਦੇ ਡਾਇਰੈਕਟਰ ਅਜੇ ਕੁਮਾਰ ਦੀ ਟੀਮ ਵੱਲੋਂ ਦੋ ਡਾਂਸ ਪ੍ਰਫਾਰਮੈਂਸ ਦਿੱਤੀਆਂ ਗਈਆਂ।ਪੰਜਾਬ ਨਾਟਸ਼ਾਲਾ ਅੰਮ੍ਰਿਤਸਰ ਦੇ ਸੰਸਥਾਪਕ ਸ. ਜਤਿੰਦਰ ਬਰਾੜ ਜੋ ਕਿ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਹਾਸਰਸ ਕਲਾਕਾਰ ਦੀਪਕ ਤਿੱਲੀ ਨੇ ਵੱਖ-ਵੱਖ ਤਰ੍ਹਾਂ ਦੀਆਂ ਆਵਾਜ਼ਾਂ ਕੱਢ ਕੇ ਦਰਸ਼ਕਾਂ ਦੇ ਢਿੱਡੀਂ ਪੀੜਾਂ ਪਾ ਛੱਡੀਆਂ। ਵਰਣਨਯੋਗ ਹੈ ਕਿ ਈਡੀਅਟ ਕਲੱਬ ਵੱਲੋਂ ਪਿਛਲੇ ਤੇਰਾਂ ਸਾਲ ਤੋਂ ਜਸਪਾਲ ਭੱਟੀ ਐਵਾਰਡ ਸ਼ੋਅ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸ ਸ਼ੋਅ ਵਿਚ ਹਰ ਸਾਲ ਵਿਸ਼ਵ ਪ੍ਰਸਿੱਧ ਹਾਸ ਕਲਾਕਾਰ, ਫਿਲਮੀ, ਅਕਾਦਮਿਕ, ਖੇਡਾਂ ਅਤੇ ਹੋਰਨਾਂ ਵੱਖ-ਵੱਖ ਖੇਤਰਾਂ ਵਿਚ ਮੱਲਾਂ ਮਾਰਨ ਵਾਲੀਆਂ ਹਸਤੀਆਂ ਨੂੰ ਸਨਮਾਨਿਤ ਕੀਤਾ ਜਾਂਦਾ ਹੈ।ਇਸ ਵਾਰ ਇਸ ਐਵਾਰਡ ਸ਼ੋਅ ਵਿਚ ਪੰਜਾਬੀ



ਫਿਲਮ ਇੰਡਸਟਰੀ ਦੇ ਮਹਾਨ ਹਾਸਰਸ ਅਦਾਕਾਰ ਬੀ. ਐੱਨ. ਸ਼ਰਮਾ ਨੂੰ ਲਾਈਫ ਟਾਈਮ ਅਚੀਵਮੈਂਟ ਅਵਾਰਡ, ਪ੍ਰਸਿੱਧ ਗਜ਼ਲ ਗਾਇਕ ਜੈਜ਼ਿਮ ਸ਼ਰਮਾ ਨੂੰ ਸੁਰ ਰਤਨ ਐਵਾਰਡ, ਦੀਪਕ ਮੈਣੀ ਨੂੰ ਲਾਈਫ ਟਾਈਮ ਅਚੀਵਮੈਂਟ ਐਵਾਰਡ, ਭਾਰਤੀ ਮਹਿਲਾ ਹਾਕੀ ਦੀ ਖਿਡਾਰਨ ਮੋਨਿਕਾ ਮਲਿਕ ਨੂੰ ਆਇਰਨ ਲੇਡੀ ਐਵਾਰਡ, ਪ੍ਰਸਿੱਧ ਵੀਡੀਓ ਡਾਇਰੈਕਟਰ ਪਰਮੋਦ ਸ਼ਰਮਾ ਰਾਣਾ ਨੂੰ ਬੈਸਟ ਵੀਡੀਓ ਡਾਇਰੈਕਟਰ ਐਵਾਰਡ, ਜੰਮੂ ਤੋਂ ਵਿਸ਼ਵ ਪ੍ਰਸਿੱਧ ਕਾਰਟੂਨਿਸਟ ਅਤੇ ਡਿਜ਼ਾਈਨਰ ਚੰਦਰ ਸ਼ੇਖਰ ਬੰਟੀ ਨੂੰ ਇੰਟਰਨੈਸ਼ਨਲ ਕਾਰਟੂਨਿਸਟ ਅਤੇ ਡਿਜ਼ਾਈਨਰ ਐਵਾਰਡ, ਪੰਡਿਤ ਰਾਜਨ ਸ਼ਰਮਾ ਨੂੰ ਸਮਰਾਟ-ਏ-ਜੋਤਿਸ਼ ਅਵਾਰਡ, ਰਿਟਾਇਰਡ ਪ੍ਰਿੰਸੀਪਲ ਵਿਜੇ ਗਰਗ ਨੂੰ ਸੁਰਜੀਤ ਪਾਤਰ ਅਵਾਰਡ, ਡਾ. ਕੇ. ਐੱਸ ਪਾਰਸ ਨੂੰ ਜੋਤਿਸ਼ ਰਤਨ ਐਵਾਰਡ ਅਤੇ ਸੇਂਟ ਸੋਲਜਰ ਗਰੁੱਪ ਆਫ਼ ਸਕੂਲ'ਜ਼ ਦੀ ਡਾਇਰੈਕਟਰ ਅਮਨਦੀਪ ਕੌਰ ਬੈਸਟ ਐਜੂਕੇਸ਼ਨਿਸਟ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ। ਕਲੱਬ ਦੇ ਪੈਟਰਨ ਸ਼ੰਮੀ ਚੌਧਰੀ ਨੇ ਕਿਹਾ ਕਿ ਜਸਪਾਲ ਭੱਟੀ ਅਜਿਹੀ ਸ਼ਖ਼ਸੀਅਤ ਸਨ, ਜਿਨਾਂ ਦੇ ਰੁਸ਼ਨਾਏ ਰਾਹ ਉਪਰ ਚਲਦਿਆਂ ਅੱਜ ਜਿੱਥੇ ਬਹੁਤ ਸਾਰੇ ਕਲਾਕਾਰ ਆਪਣੀ ਜੀਵਿਕਾ ਕਮਾ ਰਹੇ ਹਨ, ਉਥੇ ਹੀ ਰਿਖੀ ਅਤੇ ਧਵਨੀ ਵਰਗੇ ਬਾਸ਼ਿੰਦੇ ਵੀ ਹਨ ਜੋਕਿ ਬਿਨਾਂ ਕਿਸੇ ਸਵਾਰਥ ਉਸ ਮਹਾਨ ਸ਼ਖ਼ਸੀਅਤ ਦੇ ਨਾਮ ਨੂੰ ਜ਼ਿੰਦਾ ਰੱਖਣ ਲਈ ਹਰ ਵੇਲੇ ਤਤਪਰ ਹਨ। ਇਸ ਲਈ ਇਹ ਵਧਾਈ ਦੇ ਪਾਤਰ ਹਨ। ਵਿਸ਼ਵ ਪ੍ਰਸਿੱਧ ਸੰਗੀਤਕਾਰ ਕੁਲਜੀਤ ਸਿੰਘ ਅਤੇ ਪੀਟੀਸੀ ਚੈਨਲ 'ਤੇ ਚੱਲਦੇ ਵਾਇਸ ਆਫ਼ ਪੰਜਾਬ ਸ਼ੋਅ ਦੇ ਮੈਨਟੋਰ ਅਤੇ ਵਿਸ਼ਵ ਪ੍ਰਸਿੱਧ ਸੰਗੀਤਕਾਰ ਤੇਜਵੰਤ ਕਿੱਟੂ ਵੀ ਇਸ ਸ਼ੋਅ ਵਿੱਚ ਉਚੇਚੇ ਤੌਰ ਤੇ ਪਹੁੰਚੇ ਹੋਏ ਸਨ।ਇਸ ਅਵਾਰਡ ਸ਼ੋਅ ਵਿੱਚ ਮਾਡਲ ਵੈਰੋਨਿਕਾ ਖੋਸ▾ਲਾ ਵੀ ਪਹੁੰਚੀ ਹੋਈ ਸੀ ।ਮੰਚ ਸੰਚਾਲਨ ਡਾ. ਰਾਜਿੰਦਰ ਰਿਖੀ ਅਤੇ ਅਮਨਦੀਪ ਕੌਰ ਨੇ ਕੀਤਾ।ਇਸ ਐਵਾਰਡ ਸ਼ੋਅ ਨੂੰ ਕਰਵਾਉਣ ਲਈ ਸੰਜੀਵ ਭੰਡਾਰੀ, ਰੋਟੇਰੀਅਨ ਦਲਬੀਰ ਸਿੰਘ ਮੱਕੜ, ਸ਼ਿਵਰਾਜ ਸਿੰਘ, ਅਵਤਾਰ ਸਿੰਘ (ਬੱਬਲੂ ਸਵੀਟਸ), ਕੁਲਵਿੰਦਰ ਸਿੰਘ ਬੁੱਟਰ, ਹਲਕਾ ਬਾਬਾ ਬਕਾਲਾ ਦੇ ਸੀਨੀਅਰ ਕਾਂਗਰਸੀ ਆਗੂ ਸੁਰਜਣ ਸਿੰਘ ਸੋਨੂ ਭਲਾਈਪੁਰ, ਦਲਜੀਤ ਸਿੰਘ ਭੁੱਲਰ, ਜੋਤੀ ਢਿੱਲੋਂ, ਸੁਮੀਤ ਕਾਲੀਆ, ਸੁਖਦੇਵ ਸਿੰਘ, ਚਰਨਜੀਤ ਬਿੱਟੂ, ਧੈਰਿਆ ਮਹਿਰਾ, ਕਾਰਤਿਕ ਰਿਖੀ, ਦੀਪਕ ਮਹਿਰਾ ਅਤੇ ਹੋਰਨਾਂ ਸਾਥੀਆਂ ਨੇ ਭਰਪੂਰ ਯੋਗਦਾਨ ਪਾਇਆ।ਇਸ ਅਵਾਰਡ ਸਮਾਗਮ ਦੇ ਅੰਤ ਵਿੱਚ ਰੋਟੇਰੀਅਨ ਦਲਬੀਰ ਸਿੰਘ ਮੱਕੜ ਨੇ ਆਏ ਹੋਏ ਸਾਰੇ ਹੀ ਕਲਾਕਾਰਾਂ, ਮਹਿਮਾਨਾਂ ਅਤੇ ਦਰਸ਼ਕਾਂ ਦਾ ਧੰਨਵਾਦ ਕੀਤਾ ਅਤੇ ਇਹ ਅਵਾਰਡ ਸਮਾਗਮ ਅਗਲੇ ਸਾਲ ਫਿਰ ਮਿਲਣ ਦਾ ਵਾਅਦਾ ਕਰਦਿਆ ਬੜੇ ਹੀ ਖੁਸ਼ਨੁਮਾ ਮਾਹੌਲ 'ਚ ਸਮਾਪਤ ਹੋ ਗਿਆ।

# ਮੈਡਮ ਸਰਬਜੀਤ ਕੌਰ ਵੱਲੋਂ ਬਲਾਕ ਸੰਮਤੀ ਚੋਣਾਂ 'ਚ 'ਆਪ' ਦੇ ਉਮੀਦਵਾਰਾਂ ਦੀ ਵੱਡੀ ਜਿੱਤ 'ਤੇ ਵਧਾਈ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)** ਆਮ ਆਦਮੀ ਪਾਰਟੀ ਦੇ ਜੰਡਿਆਲਾ ਗੁਰੂ ਤੋਂ ਸੋਸ਼ਲ ਮੀਡੀਆ ਬਲਾਕ ਕੁਆਰਡੀਨੇਟਰ ਮੈਡਮ ਸਰਬਜੀਤ ਕੌਰ ਸੀਨੀਅਰ ਆਗੂ ਨੇ ਕਿਹਾ ਕਿ ਬਲਾਕ ਸੰਮਤੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੇ ਭਾਰੀ ਜਿੱਤ ਪ੍ਰਾਪਤ ਕੀਤੀ ਸੀ ਅਤੇ 5 ਮਾਰਚ ਨੂੰ ਬਲਾਕ ਜੰਡਿਆਲਾ ਗੁਰੂ ਵਿਖੇ ਚੇਅਰਮੈਨ ਦੀ ਚੋਣ ਕੀਤੀ ਗਈ ਜਿਸ ਵਿੱਚ ਅਮਰੀਕ ਸਿੰਘ ਸੋਢੀ ਭੁੱਲਰ ਦੇਵੀਦਾਸਪੁਰਾ ਨੇ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕੀਤੀ ਅਤੇ ਬਲਾਕ ਸੰਮਤੀ ਮੈਂਬਰਾਂ ਵੱਲੋਂ ਅਮਰੀਕ ਸਿੰਘ ਸੋਢੀ ਨੂੰ ਚੇਅਰਮੈਨ ਬਣਾਉਣ ਲਈ ਮੋਹਰ ਲਗਾਈ ਗਈ ਅਤੇ ਇਹ ਸਭ ਕੁੱਝ ਹਲਕਾ ਜੰਡਿਆਲਾ ਗੁਰੂ ਦੇ ਪੜ੍ਹੇ ਲਿਖੇ ਅਤੇ ਸੂਝਵਾਨ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਦੀ ਮਿਹਨਤ ਸਦਕਾ ਹੋ ਰਿਹਾ ਹੈ ਕਿਉਂਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਅਤੇ ਆਮ ਆਦਮੀ ਪਾਰਟੀ ਵੱਲੋਂ ਹਰੇਕ ਵਰਕਰ ਆਗੂ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾਂਦਾ ਹੈ। ਇਸ ਖੁਸ਼ੀ ਦੇ ਮੌਕੇ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਵਧਾਈ ਦੀ ਪਾਤਰ ਹੈ ਜਿਸ ਨੇ ਪੰਜਾਬ ਵਿੱਚ ਆਮ ਘਰਾਂ ਤੋਂ ਉਮੀਦਵਾਰ ਖੜੇ ਹੋ ਕੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਈ ਸੀ ਅਤੇ 2027 ਵਿੱਚ ਵੀ ਭਾਰੀ ਬਹੁਮਤ ਨਾਲ ਸਰਕਾਰ ਬਣਾਵੇਗੀ ਅਤੇ ਮੈਂ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਕੈਬਨਿਟ ਹਰਭਜਨ ਸਿੰਘ ਈ.ਟੀ.ਓ ਤੇ ਚੇਅਰਮੈਨ ਅਮਰੀਕ ਸਿੰਘ ਸੋਢੀ, ਵਾਈਸ ਚੇਅਰਮੈਨ ਰਵਿੰਦਰ ਸਿੰਘ ਅਤੇ ਸਮੂਹ ਲੀਡਰਸ਼ਿਪ ਨੂੰ ਵਧਾਈ ਦਿੰਦੀ ਹਾਂ ਅਤੇ ਉਮੀਦ ਕਰਦੀ ਹਾਂ ਕਿ ਪੰਜਾਬ ਦੇ ਵਿਕਾਸ ਵਿੱਚ ਹੋਰ ਤੇਜੀ ਆਵੇਗੀ। 2027 ਵਿੱਚ ਸਰਕਾਰ ਬਣਨ ਦੀ ਨੀਂਹ ਮਜਬੂਤ ਕੀਤੀ ਜਾਵੇਗੀ! ਇਸ ਮੌਕੇ ਮੈਡਮ ਸਰਬਜੀਤ ਕੌਰ ਨੇ ਹਰਭਜਨ ਸਿੰਘ ਈ.ਟੀ.ਓ ਤੇ ਚੇਅਰਮੈਨ ਅਮਰੀਕ ਸਿੰਘ ਸੋਢੀ ਵਾਈਸ ਚੇਅਰਮੈਨ ਰਵਿੰਦਰ ਸਿੰਘ ਨੂੰ ਵਧਾਈ ਦਿੱਤੀ।



# 9ਵਾਂ ਮਾਤਾ ਸੁਰਜੀਤ ਕੌਰ ਅਠੌਲਾ ਯਾਦਗਾਰੀ ਐਵਾਰਡ-2026 ਡਾ. ਕਾਹਲੋਂ ਦੀ ਝੋਲੀ

**ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)**- ਪਿਛਲੇ 41 ਸਾਲਾਂ ਤੋਂ ਨਿਰੰਤਰ ਸਾਹਿਤਕ ਸਰਗਰਮੀਆਂ ਰਾਹੀਨ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਜੁਟੀ ਚਰਚਿਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਕਵੀ ਦਰਬਾਰ, ਸਨਮਾਨ ਸਮਾਰੋਹ 8 ਮਾਰਚ ਦਿਨ ਐਤਵਾਰ ਸਵੇਰੇ 10 ਵਜੇ ਮੀਟਿੰਗ ਹਾਲ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ। ਸਭਾ ਦੇ ਪ੍ਰਧਾਨ ਸੁਖਵੰਤ ਕੌਰ ਵੱਸੀ, ਮੀਤ ਪ੍ਰਧਾਨ ਜਤਿੰਦਰਪਾਲ ਕੌਰ ਭਿੰਡਰ, ਸਕੱਤਰ ਰਾਜਵਿੰਦਰ ਕੌਰ ਰਾਜ. ਗੁਰਮੀਤ ਕੌਰ ਬੱਲ, ਸੁਰਿੰਦਰ ਖਿਲਚੀਆਂ, ਰਾਜਿੰਦਰ ਕੌਰ ਧਰਦਿਉ, ਹਰਵਿੰਦਰ ਕੌਰ ਬਾਠ, ਪ੍ਰੋ: ਹਰਮੇਸ਼ ਕੌਰ ਜੋਧੇ, ਮੈਡਮ ਅਨੁਪਮਾ, ਸਿਮਰਨ ਕੌਰ ਮਾਹਲਾ ਨੇ ਦੱਸਿਆ ਕਿ ਐਤਕੀਂ 9ਵਾਂ ਮਾਤਾ ਸੁਰਜੀਤ ਕੌਰ "ਅਠੌਲਾ" ਯਾਦਗਾਰੀ ਐਵਾਰਡ-2026, ਡਾ: ਸਤਿੰਦਰ ਕੌਰ ਕਾਹਲੋਂ (ਸਟੇਟ ਐਵਾਰਡੀ) ਸੰਪਾਦਕ "ਕਲਮਾਂ ਦੀ ਪਰਵਾਜ਼" ਨੂੰ ਦਿੱਤਾ ਜਾਵੇਗਾ । ਇਸ ਮੌਕੇ ਡਾ: ਬਲਜੀਤ ਕੌਰ (ਡੀਨ ਭਾਸ਼ਾਵਾਂ ਫੈਕਲਟੀ (ਸੇਵਾ ਮੁਕਤ) ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ), ਡਾ: ਤੇਜਿੰਦਰ ਕੌਰ (ਸਾ: ਪ੍ਰੋਫੈਸਰ ਐਂਡ ਹੈੱਡ ਰਿਜਨਲ ਕੈਂਪਸ ਗੁਰੂ ਨਾਨਕ ਦੇਵ ਯੂਨੀਵਰਸਿਟੀ ਜਲੰਧਰ), ਡਾ: ਰਘਬੀਰ ਕੌਰ (ਸਾ: ਮੁਖੀ ਪੰਜਾਬੀ ਵਿਭਾਗ ਗੁਰੂ ਨਾਨਕ ਦੇਵ ਯੂਨੀਵਰਸਿਟੀ, ਲੱਧੇਵਾਲੀ (ਜਲੰਧਰ) ਮੁੱਖ ਮਹਿਮਾਨ ਹੋਣਗੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਡਾ: ਹਰਸਿਮਰਨ ਕੌਰ (ਮੁਖੀ ਇੰਚਾਰਜ ਸ੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ), ਡਾ: ਰਾਜਬੀਰ ਕੌਰ ਗਰੇਵਾਲ (ਪ੍ਰਧਾਨ ਸਾਹਿਤ ਤੇ ਭਾਸ਼ਾ ਸੈੱਲ, ਅੰਮ੍ਰਿਤਸਰ ਇੰਡਕ ਆਰਟ ਵੈੱਲਫੇਅਰ ਕੌਂਸਲ), ਗੁਰਜੀਤ ਕੌਰ ਅਜਨਾਲਾ (ਮੁੱਖ ਸੰਚਾਲਕ ਕਲਮਾਂ ਦਾ ਕਾਫ਼ਲਾ), ਪ੍ਰਿੰ: ਹਰਵਿੰਦਰ ਕੌਰ (ਦਸ਼ਮੇਸ਼ ਸਕੂਲ) ਸੁਸ਼ੋਭਿਤ ਹੋਣਗੇ ।



# ਬਲਾਕ ਸੰਮਤੀ ਮਜੀਠਾ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਨਿਯੁਕਤ

**ਮਜੀਠਾ (ਸੋਇਮ ਆਨੰਦ)**- ਹਲਕਾ ਮਜੀਠਾ ਅਧੀਨ ਪੈਂਦੇ ਮਜੀਠਾ ਬਲਾਕ ਦੇ ਬਲਾਕ ਸੰਮਤੀ ਮਜੀਠਾ ਅਤੇ ਬਲਾਕ ਸੰਮਤੀ ਮਜੀਠਾ ਦੋ ਦੇ ਚੇਅਰਮੈਨ ਅਤੇ ਉਪ ਚੇਅਰਮੈਨਾਂ ਦੀ ਚੋਣ ਐੱਸਡੀਐੱਮ ਰਜਨੀਸ਼ ਅਰੋੜਾ ਅਤੇ ਬਲਾਕ ਅਫਸਰ ਅਮਨਦੀਪ ਸਿੰਘ ਮੰਨਣ ਦੀ ਹਾਜ਼ਰੀ ਵਿਚ ਐੱਸਡੀਐੱਮ ਦਫਤਰ ਮਜੀਠਾ ਵਿਖੇ ਹੋਈ ਜਿਥੇ ਦੋਹਾਂ ਬਲਾਕਾਂ ਦੇ ਜਿੱਤੇ ਹੋਏ ਸਮੂਹ ਸੰਮਤੀਆਂ ਦੇ ਮੈਂਬਰਾਂ ਵੱਲੋਂ ਦੋ ਤਿਹਾਈ ਬਹੁਮਤ ਨਾਲ ਆਮ ਆਦਮੀ ਪਾਰਟੀ ਦੇ ਯਾਦਵਿੰਦਰ ਸਿੰਘ ਪੰਧੇਰ ਨੂੰ ਚੇਅਰਮੈਨ ਅਤੇ ਆਪ ਦੀ ਹੀ ਰਾਜਬੀਰ ਕੌਰ ਪਤਨੀ ਅਮਨਜੀਤ ਸਿੰਘ ਪਿੰਡ ਕੋਟਲਾ ਤਰਖਾਣਾ ਨੂੰ ਉਪ ਚੇਅਰਪਰਸਨ ਚੁਣ ਲਿਆ ਗਿਆ।ਇਸੇ ਤਰ੍ਹਾਂ ਬਲਾਕ ਸੰਮਤੀ ਮਜੀਠਾ ਦੋ ਤੋਂ ਜਿੱਤੇ ਮੈਂਬਰਾਂ ਵੱਲੋਂ ਆਮ ਆਦਮੀ ਪਾਰਟੀ ਦੀ ਨਰਿੰਦਰ ਕੌਰ ਪਤਨੀ ਬਲਵਿੰਦਰ ਸਿੰਘ ਪਿੰਡ ਚੰਨਣਕੇ ਨੂੰ ਚੇਅਰਪਰਸਨ ਅਤੇ ਸਿਕੰਦਰ ਸਿੰਘ ਪੁੱਤਰ ਸੁਲੱਖਣ ਸਿੰਘ ਪਿੰਡ ਭੀਲੋਵਾਲ ਨੂੰ ਉਪ ਚੇਅਰਮੈਨ ਚੁਣ ਲਿਆ ਗਿਆ।ਬਲਾਕ ਸੰਮਤੀ ਮਜੀਠਾ ਤੋਂ ਚੁਣੇ ਹੋਏ ਮੈਂਬਰਾਂ ਵਿਚ ਯਾਦਵਿੰਦਰ ਸਿੰਘ, ਬਲਜਿੰਦਰ ਸਿੰਘ, ਸਰਬਜੀਤ ਕੌਰ, ਸਪਨਾ, ਜਗਤਾਰ ਸਿੰਘ, ਹਰਜੀਤ ਸਿੰਘ, ਆਸ਼ਾ ਰਾਣੀ, ਪ੍ਰਭਜੋਤ ਕੌਰ, ਸੁੱਚਾ ਸਿੰਘ, ਜਰਮਨਜੀਤ ਸਿੰਘ, ਕਿਰਨ ਦੇਵੀ, ਸੁਨੀਲ ਮੱਟੂ (ਅਕਾਲੀ ਦਲ), ਰਾਜਬੀਰ ਕੌਰ, ਪਰੇਮ ਸਿੰਘ, ਪ੍ਰਵੀਨ ਕੁਮਾਰੀ, ਰਾਜਵਿੰਦਰ ਕੌਰ (ਅਕਾਲੀ ਦਲ), ਮੰਗਲ ਸਿੰਘ, ਮਨਪ੍ਰੀਤ



ਕੌਰ (ਕਾਂਗਰਸ) ਬਾਕੀ ਸਾਰੇ ਆਪ ਅਤੇ ਮਜੀਠਾ ਦੇ ਤੋਂ ਪਿਆਰੋ, ਕਰਮਜੀਤ ਸਿੰਘ ਮੱਲੀ (ਅਕਾਲੀ ਦਲ), ਗੁਰਬੀਰ ਸਿੰਘ, ਬਲਬੀਰ ਸਿੰਘ ਬੋਪਾਰਾਏ, ਨਰਿੰਦਰ ਕੌਰ, ਸਰਵਨ ਸਿੰਘ, ਸਿਕੰਦਰ ਸਿੰਘ, ਮਿੱਟੂ, ਰਾਜਵਿੰਦਰ ਕੌਰ, ਜਸਨਪ੍ਰੀਤ ਕੌਰ, ਜੰਗ ਸਿੰਘ, ਹਰਜਿੰਦਰ ਕੌਰ, ਜਗਦੀਪ ਸਿੰਘ, ਹਰਮੀਤ ਕੌਰ ਗਿੱਲ, ਰਾਜਿੰਦਰ ਕੌਰ ਸਾਰੇ ਆਪ ਮੈਂਬਰ ਹਨ।ਇਸ ਮੌਕੇ ਸੁਪਰਡੈਂਟ ਬੀਡੀਪੀਓ ਪਲਵਿੰਦਰ ਸਿੰਘ, ਅਕਾਊਟੈਂਟ ਮੁਬਾਰਕ ਸਿੰਘ, ਰੀਡਰ ਟੂ ਐੱਸ. ਡੀ. ਐੱਮ, ਸੁਖਵਿੰਦਰ ਸਿੰਘ, ਕਲਰਕ ਸੰਜੀਵ ਕੁਮਾਰ, ਸੁਖਵਿੰਦਰ ਸਿੰਘ ਸੁੱਖੀ, ਜਗਦੀਸ਼ ਸਿੰਘ ਜ਼ਹਿਜ਼ਾਦਾ, ਸਿਕੰਦਰ ਸਿੰਘ, ਸੁਰਜੀਤ ਸਿੰਘ ਸਰਪੰਚ ਭੋਏਵਾਲ, ਜਗਦੀਸ਼ ਸਿੰਘ ਸਰਪੰਚ ਭੀਲੋਵਾਲ, ਬਲਬੀਰ ਸਿੰਘ ਬੋਪਾ ਰਾਏ, ਸਤਵੰਤ ਸਿੰਘ ਸਰਪੰਚ ਵੀਰਮ, ਚਰਨਜੀਤ ਸਿੰਘ ਸਰਪੰਚ ਵਡਾਲਾ, ਬਿਕਰਮਜੀਤ ਸਿੰਘ ਸ਼ਾਮਨਗਰ, ਲਖਵਿੰਦਰ ਸਿੰਘ ਸਰਪੰਚ ਬੇਗੋਵਾਲ, ਗੁਰਦੀਪ ਸਿੰਘ ਸਾਬਕਾ ਸਰਪੰਚ ਨਾਗ ਕਲਾਂ ਅਮਰਜੋਤ ਸਿੰਘ ਸਰਪੰਚ ਨੰਗਲ ਪੰਨੂਆਂ, ਰਾਜ ਕੁਮਾਰ ਸਰਪੰਚ ਲੱਧੜ, ਚੰਨਪ੍ਰੀਤ ਸਿੰਘ ਸਰਪੰਚ ਅਜੈਬਵਾਲੀ, ਡਾ. ਕਸ਼ਮੀਰ ਸਿੰਘ ਪੰਧੇਰ, ਹਰਜੀਤ ਸਿੰਘ ਜਲਾਲਪੁਰਾ, ਮੁਖਤਾਰ ਸਿੰਘ, ਮਹਿੰਦਰ ਸਿੰਘ, ਲਖਵਿੰਦਰ ਸਿੰਘ, ਕੁਲਦੀਪ ਸਿੰਘ ਕੋਟ ਹਿਰਦੈ ਰਾਮ, ਸੁਰਜੀਤ ਸਿੰਘ ਮੀਰਾਂਕੋਟ ਪ੍ਰਿੰਸ ਭਾਰਤ ਦਾ ਪ੍ਰਿੰਸਪਾਲ ਅਬਦਾਲ, ਰਮਨਦੀਪ ਕੌਰ ਅਬਦਾਲ, ਸ਼ਮਸ਼ੇਰ ਸਿੰਘ ਰੰਧਾਵਾ, ਹਨੀ ਸਰਪੰਚ ਅਜੈਬਵਾਲੀ ਆਦਿ ਹਾਜ਼ਰ ਸਨ।

# ਦਾਣਾ ਮੰਡੀ ਮਜੀਠਾ ਵਿਖੇ ਵਿਚਾਰ ਗੋਸ਼ਟੀ ਤੇ ਕਵੀ ਦਰਬਾਰ ਅੱਜ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਪ੍ਰਗਤੀਸ਼ੀਲ ਲੇਖਕ ਸੰਘ ਇਕਾਈ ਮਜੀਠਾ ਵੱਲੋਂ ਦਾਣਾ ਮੰਡੀ ਮਜੀਠਾ ਵਿਖੇ 7 ਸੱਤ ਮਾਰਚ ਦੁਪਹਿਰ 1 ਵਜੇ ਸ਼ਨੀਵਾਰ ਨੂੰ ਵਿਚਾਰ ਗੋਸ਼ਟੀ ਅਤੇ ਕਵੀ ਦਰਬਾਰ ਕਰਵਾਇਆ ਜਾ ਰਿਹਾ ਹੈ ਜਿਸ ਵਿਚ ਦੂਰੋਂ ਨੇੜਿਓਂ ਸਾਹਿਤਕਾਰ ਅਤੇ ਸਾਹਿਤ ਨਾਲ ਮੋਹ ਰੱਖਣ ਵਾਲੇ ਪਾਠਕ ਹਾਜ਼ਰੀ ਭਰਨਗੇ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪ੍ਰਗਤੀਸ਼ੀਲ ਲੇਖਕ ਸੰਘ ਇਕਾਈ ਮਜੀਠਾ ਦੇ ਮੈਂਬਰਾਂ ਨੇ ਦੱਸਿਆ ਕਿ ਇਹ ਨਿਰੋਲ ਸਾਹਿਤਕ ਸਮਾਗਮ ਹੋਵੇਗਾ ਜਿਸ ਵਿਚ ਵਿਚਾਰ ਚਰਚਾ ਅਤੇ ਹਾਜ਼ਰ ਕਵੀਆਂ ਦਾ ਕਵੀ ਦਰਬਾਰ ਹੋਵੇਗਾ।ਇਸ ਮੌਕੇ ਲੇਖਕ ਸੁਖਬੀਰ ਸਿੰਘ ਭੁੱਲਰ ਦੀ ਕਿਤਾਬ ਹਵਾ 'ਚ ਲਟਕਦੇ ਪਲ ਲੋਕ ਅਰਪਣ ਕੀਤੀ ਜਾਵੇਗੀ।ਇਸ ਸਮਾਗਮ ਵਿੱਚ ਪ੍ਰਸਿੱਧ ਕਲਾਕਾਰ ਸੁਰਿੰਦਰ ਫਰਿਸ਼ਤਾ ਘੁੱਲੇਸ਼ਾਹ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਖਾਲਸਾ ਕਾਲਜ ਅੰਮ੍ਰਿਤਸਰ ਤੋਂ ਡਾ. ਹੀਰਾ ਸਿੰਘ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਣਗੇ।ਇਸ ਮੌਕੇ ਸਰਪ੍ਰਸਤ ਨਰਿੰਜਣ ਸਿੰਘ ਗਿੱਲ, ਕੁਲਦੀਪ ਸਿੰਘ ਕਾਹਲੋਂ, ਭੁਪਿੰਦਰ ਸਿੰਘ ਸੰਧੂ, ਸੁੱਚਾ ਸਿੰਘ ਰੰਧਾਵਾ, ਧਰਮਿੰਦਰ ਸਿੰਘ ਔਲਖ, ਪ੍ਰਧਾਨ ਸੁਖਬੀਰ ਸਿੰਘ ਭੁੱਲਰ, ਨਿਰਮਲ ਕੌਰ ਕੋਟਲਾ, ਨਵਜੋਤ ਕੌਰ ਭੁੱਲਰ, ਰਾਜਪਾਲ ਸ਼ਰਮਾ, ਬਲਵਿੰਦਰ ਕੌਰ ਪੰਧੇਰ, ਰਮੇਸ਼ ਯਾਦਵ ਅਤੇ ਰਾਜਪਾਲ ਬਾਠ ਆਦਿ ਹਾਜ਼ਰ ਹੋਣਗੇ।



# ਅਣਪਛਾਤੇ ਵਾਹਨ ਦੀ ਸਾਈਡ ਵੱਜਣ ਨਾਲ ਵਿਅਕਤੀ ਗੰਭੀਰ ਜ਼ਖਮੀ

**ਗੁਰਦਾਸਪੁਰ, (ਜਨਕ ਮਹਾਜਨ)**- ਗੁਰਦਾਸਪੁਰ-ਮੁਕੇਰੀਆਂ ਮੁੱਖ ਮਾਰਗ ਤੇ ਪੈਂਦੇ ਪਿੰਡ ਪੰਧੇਰਾ ਮੋੜ ਨੇੜੇ ਪੁਰਾਣਾ ਸ਼ਾਲਾ ਤੋਂ ਆਉਂਦਾ ਇੱਕ ਸੁਨਿਆਰਾ ਸਕੂਟਰੀ 'ਤੇ ਘਰ ਨੂੰ




ਆ ਰਿਹਾ ਸੀ ਕਿ ਰਸਤੇ ਵਿਚ ਉਸ ਨੂੰ ਕਿਸੇ ਅਣਪਛਾਤੇ ਵਾਹਨ ਨੇ ਸਾਈਡ ਮਾਰ ਦਿੱਤੀ ਜਿਸ 'ਤੇ ਉਹ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਇਹ ਘਟਨਾ ਸ਼ਾਮ ਦੇ ਕਰੀਬ ਸਾਢੇ 6 ਵਜੇ ਹੋਈ ਜਦੋਂ ਕਿ ਸੜਕ ਸੁਰੱਖਿਆ ਫੋਰਸ ਤੇ ਏ. ਐੱਸ. ਆਈ. ਸਤਪਾਲ ਅਤੇ ਸਿਪਾਹੀ ਹਰਪ੍ਰੀਤ ਸਿੰਘ ਨੇ ਸਰਕਾਰੀ ਐਂਬੂਲੈਂਸ ਬੁਲਾ ਕੇ ਗੁਰਦਾਸਪੁਰ ਦੇ ਨਿੱਜੀ ਹਸਪਤਾਲ ਵਿਖੇ ਪੀੜਤ ਨੂੰ ਦਾਖਲ ਕਰਵਾ ਦਿੱਤਾ। ਜ਼ਖਮੀ ਹੋਏ ਸੁਨਿਆਰੇ ਦੀ ਪਹਿਚਾਣ ਵਿਜੇ ਵਰਮਾ ਵਜੋਂ ਹੋਈ ਜੋ ਪੁਰਾਣਾ ਸ਼ਾਲਾ ਵਿਖੇ ਡਰੋਨ ਜਿਊਲਰ ਦੀ ਦੁਕਾਨ ਕਰਦਾ ਹੈ ਅਤੇ ਸ਼ਾਮ ਨੂੰ ਆਪਣੇ ਘਰ ਗੁਰਦਾਸਪੁਰ ਪੰਜ ਪੀਰ ਵਾਲੀ ਗਲੀ ਮੁਹੱਲਾ ਆਦਰਸ਼ ਨਗਰ ਨੂੰ ਜਾ ਰਿਹਾ ਸੀ ਕਿ ਰਸਤੇ ਵਿੱਚ ਅਚਾਨਕ ਉਸ ਦਾ ਐਕਸੀਡੈਂਟ ਹੋ ਗਿਆ। ਉਸ ਦੇ ਪਿਤਾ ਜਸਪਾਲ ਸਿੰਘ ਨੇ ਦੱਸਿਆ ਕਿ ਮੇਰਾ ਲੜਕਾ ਹੁਣ ਖਤਰੇ ਤੋਂ ਬਾਹਰ ਹੈ ਅਤੇ ਡਾਕਟਰ ਉਸ ਦਾ ਇਲਾਜ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ-ਮੁਕੇਰੀਆਂ ਮੁੱਖ ਮਾਰਗ 'ਤੇ ਆਵਾਜਾਈ ਬਹੁਤ ਜ਼ਿਆਦਾ ਵਧ ਚੁੱਕੀ ਹੈ ਅਤੇ ਆਏ ਦਿਨ ਕੋਈ ਨਾ ਕੋਈ ਵਿਅਕਤੀ ਨਿੱਤ ਹਾਦਸੇ ਦਾ ਸ਼ਿਕਾਰ ਹੁੰਦਾ ਰਹਿੰਦਾ ਹੈ ਜਿਸ ਨਾਲ ਇਲਾਕੇ ਦੇ ਲੋਕ ਕਾਫ਼ੀ ਚਿੰਤਤ ਨਜ਼ਰ ਆ ਰਹੇ ਹਨ। ਏ. ਐੱਸ. ਆਈ. ਸਤਪਾਲ ਸਿੰਘ ਨੇ ਦੱਸਿਆ ਕਿ ਉਹ ਘਟਨਾ ਵਾਲੀ ਜਗ੍ਹਾ 'ਤੇ ਪੁੱਜੇ ਸਨ ਅਤੇ ਇਹ ਪਤਾ ਨਹੀਂ ਲੱਗ ਸਕਿਆ ਇਹ ਵਿਅਕਤੀ ਖੁਦ ਡਿੱਗਿਆ ਜਾਂ ਫਿਰ ਕਿਸੇ ਵਾਹਨ ਦੀ ਲਪੇਟ ਵਿੱਚ ਆਇਆ ਹੈ। ਉਨ੍ਹਾਂ ਕਿਹਾ ਤਫਤੀਸ਼ ਜਾਰੀ ਹੈ।

# ਬਾਬਾ ਲੱਖ ਦਾਤਾ ਦੀ ਦਰਗਾਹ 'ਤੇ ਦੋ ਰੋਜ਼ਾ ਮੇਲਾ ਯਾਦਾਂ ਬਿਖੇਰਦਾ ਸੰਪੰਨ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਪੀਰ ਬਾਬਾ ਲੱਖ ਦਾਤਾ ਬਾਬਾ ਪਿੰਡੀ ਵਾਲੇ ਦਾ ਸਾਲਾਨਾ 2 ਰੋਜ਼ਾ ਜੋੜ ਮੇਲਾ ਪਿੰਡ ਤਰਫ਼ਾਨ ਅੰਮ੍ਰਿਤਸਰ ਮਹਿਤਾ ਰੋਡ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਗਿਆ ਜਿਸ ਵਿਚ ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ।ਮੇਲੇ ਦੇ ਦੂਸਰੇ ਦਿਨ ਗ੍ਰਾਮ ਪੰਚਾਇਤ ਤਰਫਾਨ ਵੱਲੋਂ ਸਰਪੰਚ ਪ੍ਰੇਮ ਸਿੰਘ ਬਾਠ ਦੀ ਅਗਵਾਈ ਹੇਠ ਕਬੱਡੀ ਕੱਪ ਕਰਵਾਇਆ ਗਿਆ ਜਿਸ ਵਿੱਚ ਅੰਮ੍ਰਿਤਸਰ ਅਤੇ ਤਰਨਤਾਰਨ ਵੱਲੋਂ ਚੰਗੀ ਖੇਡ ਦਾ ਪ੍ਰਦਰਸ਼ਨ ਕੀਤਾ ਗਿਆ। ਇਸ ਮੈਚ ਵਿੱਚ ਅੰਮ੍ਰਿਤਸਰ ਦੀ ਟੀਮ ਜੇਤੂ ਰਹੀ ਤੇ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਪ੍ਰੇਮ ਸਿੰਘ ਬਾਠ ਨੇ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਕਿ ਪਿੰਡ ਪੱਧਰ 'ਤੇ ਖੇਡ ਮੇਲੇ ਅਤੇ ਟੂਰਨਾਮੈਂਟ ਕਰਵਾਏ ਜਾਣ ਤਾਂ ਜੋ ਸਾਡੀ ਨੌਜਵਾਨ ਪੀੜ੍ਹੀ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੱਲ ਵੀ ਉਤਸ਼ਾਹਤ ਕਰ ਸਕੀਏ।ਇਸ ਮੌਕੇ ਸੁਖਜਿੰਦਰ ਸਿੰਘ ਮੈਂਬਰ ਪੰਚਾਇਤ, ਧਰਮ ਸਿੰਘ ਮੈਂਬਰ ਪੰਚਾਇਤ, ਗੁਰਮੀਤ ਸਿੰਘ ਮੈਂਬਰ ਪੰਚਾਇਤ, ਬਲਦੇਵ ਸਿੰਘ ਮੈਂਬਰ ਪੰਚਾਇਤ, ਅਮੋਲਕ ਸਿੰਘ ਨੰਬਰਦਾਰ ਚੋਗਾਵਾਂ, ਸਰਵਣ ਸਿੰਘ ਮੈਂਬਰ ਬਲਾਕ ਸੰਮਤੀ, ਬਲਦੇਵ ਸਿੰਘ ਦੁਬਈ ਵਾਲੇ, ਕਾਬਲ



ਸਿੰਘ ਬਾਠ ਜੇਈ, ਸਤਨਾਮ ਸਿੰਘ ਬਾਠ ਚੁਗਾਵਾਂ, ਗੁਰਸ਼ਰਨ ਸਿੰਘ ਨੰਬਰਦਾਰ ਚੋਗਾਵਾਂ, ਬਲਵਿੰਦਰ ਸਿੰਘ ਬਿੱਲਾ, ਸਾਬਕਾ ਸਰਪੰਚ ਧਰਮ ਸਿੰਘ ਸਾਧਪੁਰ, ਸਰਪੰਚ ਸਰਬਜੀਤ ਸਿੰਘ ਸਾਧਪੁਰ, ਬਲਜੀਤ ਸਿੰਘ ਕਾਲਾ ਸਾਧਪੁਰ ਆਦਿ ਆਗੂ ਵੀ ਹਾਜ਼ਰ ਸਨ। ਇਸ ਦੌਰਾਨ ਕਬੱਡੀ ਦੀ ਜਿੱਤੀ ਹੋਈ ਟੀਮ ਨੂੰ 21000 ਦਾ ਇਨਾਮ ਅਤੇ ਦੂਜੇ ਨੰਬਰ 'ਤੇ ਟੀਮ ਨੂੰ 11000 ਰੁਪਏ ਨਕਦ ਇਨਾਮ ਦਿੱਤਾ ਗਿਆ।

# ਗੰਨੇ ਦੀ ਖੇਤੀ 'ਚ ਆ ਰਹੀ ਮਜ਼ਦੂਰਾਂ ਦੀ ਘਾਟ ਦੇ ਮੱਦੇਨਜ਼ਰ ਮਸ਼ੀਨੀਕਰਨ ਜ਼ਰੂਰੀ : ਕੇਨ ਕਮਿਸ਼ਨਰ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਪੰਜਾਬ ਸਰਕਾਰ ਵੱਲੋਂ ਚਾਲੂ ਬਹਾਰ ਰੁੱਤ ਦੇ ਗੰਨੇ ਦੀ ਬਿਜਾਈ ਹੇਠ ਰਕਬਾ ਵਧਾਉਣ ਲਈ ਕਈ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਪੈਦਾਵਾਰ ਦੇ ਨਾਲ ਨਾਲ ਖੰਡ ਦੀ ਰਿਕਵਰੀ ਵਿੱਚ ਵਾਧਾ ਕੀਤਾ ਸਕੇ।ਇਨ੍ਹਾਂ ਉਪਰਾਲਿਆਂ ਤਹਿਤ ਹੀ ਦਫਤਰ ਕੇਨ ਕਮਿਸ਼ਨਰ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਵੱਲੋਂ ਰਿਆੜ ਗੰਨਾ ਫਾਰਮ ਭਾਮੜੀ ਵਿਖੇ ਰਾਜ ਪੱਧਰੀ ਗੰਨੇ ਦੀ ਫ਼ਸਲ ਤੇ ਆਤਮਾ ਸਕੀਮ ਤਹਿਤ ਰਾਜ ਪੱਧਰੀ ਖੇਤ ਮਨਾਇਆ ਗਿਆ।ਜਿਸ ਵਿੱਚ ਕੇਨ ਕਮਿਸ਼ਨਰ ਪੰਜਾਬ ਡਾਕਟਰ ਅਮਰੀਕ ਸਿੰਘ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ।ਇਸ ਮੌਕੇ ਡਾਕਟਰ ਗੁਲਜ਼ਾਰ ਸਿੰਘ ਸੰਘੇੜਾ ਡਾਇਰੈਕਟਰ ਖੇਤਰੀ ਖੋਜ ਕੇਂਦਰ ਕਪੂਰਥਲਾ, ਡਾਕਟਰ ਮਨਧੀਰ ਸਿੰਘ ਪ੍ਰੋਜੈਕਟ ਅਫ਼ਸਰ (ਗੰਨਾ), ਸੁਖਦੀਪ ਸਿੰਘ ਗੰਨਾ ਸਲਾਹਕਾਰ ਸ਼ੂਗਰਫੈੱਡ ਪੰਜਾਬ, ਡਾਕਟਰ ਸ਼ਾਹਬਾਜ਼ ਸਿੰਘ ਚੀਮਾ ਜ਼ਿਲਾ ਸਿਖਲਾਈ ਅਫ਼ਸਰ,ਪਵਿੱਤਰ ਸਿੰਘ ਗੰਨਾ ਵਿਕਾਸ ਅਧਿਕਾਰੀ ਬਟਾਲਾ ਗੰਨਾ ਮਿੱਲ, ਬਿਕਰਮਜੀਤ ਸਿੰਘ ਖੈਹਰਾ ਗੰਨਾ ਵਿਕਾਸ ਅਧਿਕਾਰੀ ਗੁਰਦਾਸਪੁਰ ਖੰਡ ਮਿੱਲ, ਡਾ. ਗੌਰਵ ਅਰੋੜਾ ਸਹਾਇਕ ਗੰਨਾ ਵਿਕਾਸ ਅਧਿਕਾਰੀ ਸਮੇਤ ਸਮੂਹ ਗੰਨਾ ਵਿਕਾਸ ਅਧਿਕਾਰੀ ਅਤੇ ਸਮੂਹ ਖੰਡ ਮਿੱਲਾਂ ਤੋਂ ਗੰਨਾ ਇੰਸਪੈਕਟਰ, ਸਰਵੇਅਰ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।ਕਿਸਾਨਾਂ ਨੂੰ ਸੰਬੋਧਨ ਕਰਦਿਆਂ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਮਾਣਯੋਗ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਆਦੇਸ਼ਾਂ ਅਤੇ ਪ੍ਰਬੰਧਕੀ ਸਕੱਤਰ ਖੇਤੀਬਾੜੀ ਪੰਜਾਬ ਸਰਕਾਰ ਅਰਸ਼ਦੀਪ ਸਿੰਘ ਥਿੰਦ ਆਈ ਏ ਐਸ ਡੀ ਅਗਵਾਈ ਹੇਠ ਚਲਾਈ ਜਾ ਰਹੀ ਮੁਹਿੰਮ ਤਹਿਤ ਦਫਤਰ ਗੰਨਾ ਕਮਿਸ਼ਨਰ ਵੱਲੋਂ ਪੰਜਾਬ ਖੇਤੀਬਾੜੀ ਯਨੀਵਰਸਿਟੀ , ਸ਼ੂਗਰਫੈੱਡ ,ਸਹਿਕਾਰੀ ਅਤੇ ਨਿੱਜੀ ਖੰਡ ਮਿੱਲਾਂ ਦੇ ਸਹਿਯੋਗ ਨਾਲ ਪਿੰਡਾਂ ਵਿੱਚ ਕਿਸਾਨਾਂ ਨਾਲ ਮੀਟਿੰਗਾਂ/ਜਾਗਰੂਕਤਾ ਕੈਂਪ ਲਗਾ ਕੇ ਕਿਸਾਨਾਂ ਨੂੰ ਗੰਨੇ ਦੀ ਫ਼ਸਲ ਹੇਠ ਰਕਬਾ ਵਧਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਰਿਆੜ ਫਾਰਮ ਇੱਕ ਪੂਰੀ ਤਰਾਂ ਨਵੀਨਤਮ ਤਕਨੀਕਾਂ ਅਪਣਾ ਕੇ ਗੰਨੇ ਦੀ ਖੇਤੀ ਕਰਨ ਵਾਲਾ ਫਾਰਮ ਹੈ ਜਿਸ ਨੂੰ ਹਰਿੰਦਰ ਸਿੰਘ ਅਤੇ ਜਤਿੰਦਰ ਸਿੰਘ ਦੋਵੇਂ ਭਰਾ ਬਹੁਤ ਹੀ ਸਫਲਤਾ ਨਾਲ ਚਲਾ ਰਹੇ ਹਨ।ਉਨ੍ਹਾਂ ਦੱਸਿਆ ਕਿ ਗੰਨੇ ਦੀ ਕਾਸ਼ਤ ਵਿਚ ਬਿਜਾਈ ਤੋਂ ਲੈ ਕੇ ਕਟਾਈ ਤੱਕ ਵਧੇਰੇ ਮਜ਼ਦੂਰਾਂ ਦੀ ਜ਼ਰੂਰਤ ਪੈਂਦੀ ਹੈ ਪ੍ਰੰਤੂ ਹੁਣ ਗੰਨੇ ਦੀ ਖੇਤੀ ਵਿੱਚ ਮਜ਼ਦੂਰਾਂ ਦੀ ਕਮੀ ਆ ਰਹੀ ਹੈ ਜਿਸ ਕਾਰਨ ਗੰਨੇ ਕਾਸ਼ਤਕਾਰਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਮਜ਼ਦੂਰਾਂ ਦੀ ਘਾਟ ਕਾਰਨ ਗੰਨਾ ਕਾਸ਼ਤਕਾਰਾਂ ਵਿਚ ਗੰਨੇ ਦੀ ਕਟਾਈ ਕਰਨ ਵਾਲੀ ਮਸ਼ੀਨ ਦੀ ਵਰਤੋਂ ਦਾ ਰੁਝਾਨ ਵਧ ਰਿਹਾ ਹੈ।ਉਨ੍ਹਾਂ ਕਿਹਾ ਕਿ ਗੰਨੇ ਦੀ ਸਫਲ ਖੇਤੀ ਲਈ ਜ਼ਰੂਰੀ ਹੈ ਕਿ ਗੰਨੇ ਦੀ ਬਿਜਾਈ ਸਮੇਂ ਸਿਰ, ਬੀਜ ਦੀ ਸਹੀ ਚੋਣ, ਬੀਜ ਦੀ ਸੋਧ , ਗੰਨੇ ਦਾ ਉੱਪਰਲਾ ਹਿੱਸਾ ਬੀਜ ਲਈ ਵਰਤਣਾ, ਖੇਤ ਵਿਚ ਟਰਾਇਕੋਡਰਾਮਾ ਦੀ ਵਰਤੋਂ ਕੀਤੀ ਜਾਵੇ ।ਇਸ ਮੌਕੇ ਡਾਕਟਰ ਮਨਧੀਰ ਸਿੰਘ, ਡਾਕਟਰ ਗੌਰਵ ਅਰੋੜਾ, ਡਾਕਟਰ ਸ਼ਾਹਬਾਜ਼ ਸਿੰਘ ਚੀਮਾ, ਬਿਕਰਮਜੀਤ ਸਿੰਘ ਖੈਹਰਾ ਨੇ ਵੀ ਸੰਬੋਧਨ ਕੀਤਾ।



# ਪਰਿਆਵਰਣ ਨਾਲ ਖਿਲਵਾੜ

ਸਾਬਕਾ ਕੇਂਦਰੀ ਮੰਤਰੀਆਂ ਪ੍ਰੋਫੈਸਰ ਮੁਰਲੀ ਮਨੋਹਰ ਜੋਸ਼ੀ ਤੇ ਡਾ. ਕਰਨ ਸਿੰਘ ਸਣੇ ਕਈ ਲੋਕਾਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਚਾਰ ਧਾਮ ਰਾਜਮਾਰਗ ਤਹਿਤ ਉੱਤਰਕਾਸ਼ੀ ਵਿੱਚ ਦੋ ਪ੍ਰੋਜੈਕਟਾਂ ਲਈ ਦਿੱਤੀ ਗਈ ਜੰਗਲਾਤ ਮਨਜ਼ੂਰੀ ਰੱਦ ਕੀਤੀ ਜਾਵੇ ਅਤੇ ਧਰਾਲੀ ਵਿੱਚ ਆਏ ਹੜ੍ਹ ਵਰਗੀਆਂ ਬਿਪਤਾਵਾਂ ਦੇ ਮੱਦੇਨਜ਼ਰ ਇੱਥੋਂ ਦੇ ਸਾਰੇ ਨਿਰਮਾਣ ਕੰਮਾਂ ’ਤੇ ਨਜ਼ਰਸਾਨੀ ਕੀਤੀ ਜਾਵੇ। ਉੱਤਰਾਖੰਡ ਦੇ ਭਾਗੀਰਥੀ ਪਰਿਆਵਰਣ ਸੰਵੇਦਨਸ਼ੀਲ ਖੇਤਰ (ਬੀ ਈ ਐੱਸ ਜ਼ੈੱਡ) ਵਿੱਚ ਅਟੱਲ ਤਬਾਹੀ ਦੀ ਚਿਤਾਵਨੀ ਦਿੰਦਿਆਂ ਜੋਸ਼ੀ, ਕਰਨ ਸਿੰਘ, ਸਾਬਕਾ ਸਾਂਸਦ ਰੇਵਤੀ ਰਮਨ ਸਿੰਘ ਤੇ ਸੰਘ ਪਰਵਾਰ ਦੇ ਵਿਚਾਰਕ ਕੇ ਐੱਨ ਗੋਵਿੰਦਾਚਾਰੀਆ ਸਣੇ ਹੋਰਨਾਂ ਨੇ ਮੰਗ ਕੀਤੀ ਹੈ ਕਿ ਨੇਤਲਾ ਬਾਈਪਾਸ ਨੂੰ ਦਿੱਤੀ ਗਈ ਮਨਜ਼ੂਰੀ ਤੇ ਝਾਲਾ ਪਿੰਡ ਕੋਲ ਦਰੱਖਤਾਂ ਦੀ ਕਟਾਈ ਨੂੰ ਰੱਦ ਕੀਤਾ ਜਾਵੇ। ਉਨ੍ਹਾਂ ਪਰਿਆਵਰਣਵਾਦੀਆਂ ਵੱਲੋਂ ਚਾਰ ਧਾਮ ਪ੍ਰੋਜੈਕਟ ਲਾਗੂ ਕਰਨ ਦੀ ਵਾਰ-ਵਾਰ ਅਲੋਚਨਾ ਕਰਨ ਅਤੇ ਇਸ ਨੂੰ ਸਥਾਨਕ ਪਰਿਆਵਰਣ ਤੇ ਲੋਕਾਂ ਲਈ ਖਤਰਨਾਕ ਦੱਸਣ ਦੇ ਨਾਲ-ਨਾਲ ਅਗਸਤ 2025 ਵਿੱਚ ਬੀ ਈ ਐੱਸ ਜ਼ੈੱਡ ਦੇ ਅੰਦਰ ਧਰਾਲੀ ਵਿੱਚ ਆਏ ਭਿਆਨਕ ਹੜ੍ਹ ਦੇ ਮੱਦੇਨਜ਼ਰ ਕੇਂਦਰੀ ਸੜਕੀ ਟਰਾਂਸਪੋਰਟ ਮੰਤਰੀ ਨਿਤਿਨ ਗਡਕਰੀ, ਪਰਿਆਵਰਣ ਮੰਤਰੀ ਭੁਪਿੰਦਰ ਯਾਦਵ, ਰੱਖਿਆ ਮੰਤਰੀ ਰਾਜਨਾਥ ਸਿੰਘ, ਉੱਤਰਾਖੰਡ ਜੰਗਲਾਤ ਵਿਭਾਗ ਦੇ ਸਕੱਤਰ ਤੇ ਬਾਰਡਰ ਰੋਡ ਆਰਗੇਨਾਈਜ਼ੇਸ਼ਨ ਦੇ ਡਾਇਰੈਕਟਰ ਨੂੰ ਲਿਖੇ ਪੱਤਰ ਵਿੱਚ ਕਿਹਾ ਹੈ ਕਿ ਬੀ ਈ ਐੱਸ ਜ਼ੈੱਡ ਵਿੱਚ ਚੱਲ ਰਹੇ ਤੇ ਪ੍ਰਸਤਾਵਤ ਸਾਰੇ ਕੰਮਾਂ ਦਾ ਵਿਆਪਕ ਪਰਿਆਵਰਣੀ ਤੇ ਬਿਪਤਾ-ਜੋਖਮ ਮੁੜ-ਮੁਲੰਕਣ ਕੀਤਾ ਜਾਵੇ।

ਚਾਰ ਧਾਮ ਪ੍ਰੋਜੈਕਟ ਦੇ ਇੱਕ ਹਿੱਸੇ ਵਿੱਚ ਬੀ ਈ ਐੱਸ ਜ਼ੈੱਡ (ਚਾਰ ਧਾਮ ਸੁਰੱਖਿਅਤ ਖੇਤਰ) ਵਿੱਚ ਹਿਨਾ ਤੇ ਟੇਕਲਾ ਪਿੰਡਾਂ ਵਿਚਾਲੇ ਸੜਕ ਬਣਾਈ ਜਾਣੀ ਹੈ, ਜਿਹੜੀ ਨੇਤਲਾ ਢਲਾਣ ਨੂੰ ਬਾਈਪਾਸ ਕਰੇਗੀ। ਸੁਪਰੀਮ ਕੋਰਟ ਵੱਲੋਂ ਨਿਯੁਕਤ ਇੱਕ ਉੱਚ-ਪੱਧਰੀ ਕਮੇਟੀ ਨੇ 2020 ਵਿੱਚ ਇਸ ਇਲਾਕੇ ਵਿੱਚ ਨਿਰਮਾਣ ਨਾ ਕਰਨ ਦੀ ਸਲਾਹ ਦਿੱਤੀ ਸੀ, ਪਰ ਉੱਤਰਾਖੰਡ ਸਰਕਾਰ ਨੇ ਪਿਛਲੇ ਸਾਲ ਹੀ ਧਰਾਲੀ ਤ੍ਰਾਸਦੀ ਤੋਂ ਕੁਝ ਹਫਤੇ ਪਹਿਲਾਂ ਇਸ ਨੂੰ ਸਿਧਾਂਤਕ ਮਨਜ਼ੂਰੀ ਦੇ ਦਿੱਤੀ ਸੀ। ਬੀ ਈ ਐੱਸ ਜ਼ੈੱਡ ਵਿੱਚ ਝਾਲਾ ਤੇ ਭੈਰੋਂ ਘਾਟੀ ਪਿੰਡਾਂ ਵਿਚਾਲੇ ਲਗਭਗ 42 ਹੈਕਟੇਅਰ ਜੰਗਲੀ ਰਕਬੇ ਵਿੱਚ ਦਰੱਖਤ ਕੱਟੇ ਜਾਣੇ ਹਨ, ਤਾਂ ਜੋ ਸੜਕ ਚੌੜੀ ਕੀਤੀ ਜਾ ਸਕੇ। ਉੱਤਰਾਖੰਡ ਸਰਕਾਰ ਨੇ ਪਿਛਲੇ ਦਸੰਬਰ ਵਿੱਚ ਜੰਗਲ ਕੱਟਣ ਦੀ ਮਨਜ਼ੂਰੀ ਦੇ ਦਿੱਤੀ ਸੀ, ਜਿਸ ਦਾ ਸਥਾਨਕ ਲੋਕ ਵਿਰੋਧ ਕਰ ਰਹੇ ਹਨ।

ਉਪਰੋਕਤ ਸ਼ਖਸੀਅਤਾਂ ਨੇ ਇਨ੍ਹਾਂ ਮਨਜ਼ੂਰੀਆਂ ਨੂੰ ਨਾਜਾਇਜ਼, ਗੈਰਵਾਜਬ ਅਤੇ ਸੰਵਿਧਾਨਕ ਤੇ ਅਦਾਲਤੀ ਹੁਕਮਾਂ ਦੀ ਉਲੰਘਣਾ ਕਰਾਰ ਦਿੰਦਿਆਂ ਕਿਹਾ ਕਿ ਧਰਾਲੀ ਤ੍ਰਾਸਦੀ ਦੇ ਬਾਅਦ ਦੇ ਸੰਦਰਭ ਵਿੱਚ ਭਾਗੀਰਥੀ ਘਾਟੀ ਵਿੱਚ ਸੜਕ ਚੌੜੀ ਕਰਨ, ਪਹਾੜੀ ਕਟਾਈ ਤੇ ਜੰਗਲਾਂ ਦੀ ਕਟਾਈ ਜਾਰੀ ਰਹਿਣਾ ਸਿੱਧੇ ਤੌਰ ’ਤੇ ਅਸੰਵਿਧਾਨਕ ਹੈ। ਇਹ ਪਹਿਲੀ ਵਾਰ ਨਹੀਂ ਕਿ ਭਾਜਪਾ ਦੇ ਮਾਰਗਦਰਸ਼ਕ ਪ੍ਰੋ. ਜੋਸ਼ੀ ਨੇ ਚਾਰ ਧਾਮ ਪ੍ਰੋਜੈਕਟ ਨਾਲ ਸੰਬੰਧਤ ਵਿਕਾਸ ਕਾਰਜਾਂ ਦਾ ਵਿਰੋਧ ਕੀਤਾ ਹੈ, ਪਰ ‘ਵਿਕਾਸ’ ਦੇ ਨਾਂਅ ’ਤੇ ਕੇਂਦਰ ਤੇ ਸੂਬਾ ਸਰਕਾਰ ਕਿਸੇ ਦੀ ਪ੍ਰਵਾਹ ਨਹੀਂ ਕਰ ਰਹੀਆਂ। ਪਰਿਆਵਰਣ ਨਾਲ ਖਿਲਵਾੜ ਦਾ ਨਤੀਜਾ ਉੱਤਰਾਖੰਡ ਹਰ ਮਾਨਸੂਨ ਵਿੱਚ ਭੁਗਤਦਾ ਹੈ, ਪਰ ਸਰਕਾਰਾਂ ਆਪਣੇ ਪਸੰਦੀਦਾ ਕਾਰਪੋਰੇਟੀਆਂ ਨੂੰ ਵੱਡੇ-ਵੱਡੇ ਪ੍ਰੋਜੈਕਟਾਂ ਦੇ ਠੇਕੇ ਦੇਣ ਤੋਂ ਬਾਜ਼ ਨਹੀਂ ਆ ਰਹੀਆਂ।

## ਪਾਠਕ-ਸੱਥ

### ਵਾਤਾਵਰਣ ਦੀ ਸੰਭਾਲ

ਵਾਤਾਵਰਣ ਮਨੁੱਖੀ ਜੀਵਨ ਦੀ ਬੁਨਿਆਦ ਹੈ। ਸਾਫ਼ ਹਵਾ, ਸੁੱਚਾ ਪਾਣੀ ਅਤੇ ਹਰੇ-ਭਰੇ ਦਰੱਖਤ ਸਾਡੇ ਜੀਵਨ ਨੂੰ ਤੰਦਰੁਸਤ ਅਤੇ ਸੁਖੀ ਬਣਾਉਂਦੇ ਹਨ, ਪਰ ਅੱਜਕੱਲ੍ਹ ਉਦਯੋਗੀਕਰਨ, ਵਧਦੀ ਆਬਾਦੀ ਅਤੇ ਮਨੁੱਖੀ ਲਾਪਰਵਾਹੀ ਕਾਰਨ ਵਾਤਾਵਰਣ ਨੂੰ ਭਾਰੀ ਨੁਕਸਾਨ ਪਹੁੰਚ ਰਿਹਾ ਹੈ।ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਵੀ ਇਹ ਸਮੱਸਿਆ ਸਾਫ਼ ਦਿਖਾਈ ਦਿੰਦੀ ਹੈ। ਕਈ ਥਾਵਾਂ ’ਤੇ ਲੋਕ ਕੂੜਾ ਸੜਕਾਂ ’ਤੇ ਸੁੱਟ ਦਿੰਦੇ ਹਨ, ਜਿਸ ਨਾਲ ਗੰਦਗੀ ਅਤੇ ਬਿਮਾਰੀਆਂ ਵਧਦੀਆਂ ਹਨ। ਖੇਤਾਂ ਵਿੱਚ ਪਰਾਲੀ ਸਾੜਨ ਕਾਰਨ ਹਵਾ ਪ੍ਰਦੂਸ਼ਣ ਬਹੁਤ ਵਧ ਜਾਂਦਾ ਹੈ, ਜਿਸ ਨਾਲ ਲੋਕਾਂ ਨੂੰ ਸਾਹ ਲੈਣ ਵਿੱਚ ਮੁਸ਼ਕਲ ਆਉਂਦੀ ਹੈ। ਇਸ ਤੋਂ ਇਲਾਵਾ ਪਲਾਸਟਿਕ ਦੀ ਵਰਤੋਂ ਵੀ ਵਾਤਾਵਰਣ ਲਈ ਖਤਰਾ ਬਣ ਚੁੱਕੀ ਹੈ।

ਜੇਕਰ ਅਸੀਂ ਆਪਣੇ ਵਾਤਾਵਰਣ ਨੂੰ ਬਚਾਉਣਾ ਚਾਹੁੰਦੇ ਹਾਂ ਤਾਂ ਸਾਨੂੰ ਕੁਝ ਛੋਟੇ, ਪਰ ਮਹੱਤਵਪੂਰਨ ਕਦਮ ਚੁੱਕਣੇ ਪੈਣਗੇ। ਵੱਧ ਤੋਂ ਵੱਧ ਦਰੱਖਤ ਲਗਾਉਣੇ, ਪਲਾਸਟਿਕ ਦੀ ਵਰਤੋਂ ਘਟਾਉਣੀ ਅਤੇ ਕੂੜੇ ਨੂੰ ਠੀਕ ਥਾਂ ’ਤੇ ਸੁੱਟਣਾ ਹਰ ਇਕ ਦੀ ਜ਼ਿੰਮੇਵਾਰੀ ਹੈ। ਖੇਤੀਬਾੜੀ ਵਿੱਚ ਵੀ ਅਜਿਹੇ ਤਰੀਕੇ ਅਪਣਾਉਣੇ ਚਾਹੀਦੇ ਹਨ, ਜੋ ਕੁਦਰਤ ਨੂੰ ਨੁਕਸਾਨ ਨਾ ਪਹੁੰਚਾਉਣ।

ਵਾਤਾਵਰਣ ਦੀ ਰੱਖਿਆ ਕਰਨਾ ਸਿਰਫ਼ ਸਰਕਾਰ ਦਾ ਨਹੀਂ, ਸਗੋਂ ਹਰ ਨਾਗਰਿਕ ਦਾ ਫਰਜ਼ ਹੈ। ਜੇ ਅਸੀਂ ਅੱਜ ਤੋਂ ਹੀ ਸਾਵਧਾਨ ਹੋ ਜਾਈਏ ਤਾਂ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸੁੱਚਾ ਅਤੇ ਸਿਹਤਮੰਦ ਵਾਤਾਵਰਣ ਛੱਡ ਸਕਦੇ ਹਾਂ।

ਸ਼ਿਵਮ (ਸਾਹਨੇਵਾਲ)

# ਜੀਵਨ ਰੱਖਿਅਕ ਰੁੱਖਾਂ ਦਾ ਕਤਲੇਆਮ ਕਦੋਂ ਤੱਕ ?



ਗੁਰਚਰਨ ਸਿੰਘ ਨੂਰਪੁਰ

ਧਰਤੀ ਦੇ ਜੰਗਲ ਤੇ ਰੁੱਖ ਜੀਵਨ ਰੱਖਿਅਕ ਹਨ, ਪਰ ਅਖੌਤੀ ਵਿਕਾਸ ਦੇ ਰਾਹ ’ਤੇ ਚੱਲਦਿਆਂ ਇਹਨਾਂ ਦਾ ਖਾਤਮਾ ਕਰਨ ਲਈ ਸਾਡੇ ਆਰੇ ਕੁਹਾੜੇ ਹਰ ਸਮੇਂ ਤਿਆਰ ਹਨ, ਕੀ ਇਹ ਬੰਦੇ ਦਾ ਪਾਗਲਪਣ ਨਹੀਂ? ਧਰਤੀ ਨੂੰ ਜੀਵੰਤ ਰੱਖਣ ਇਸ ਨੂੰ ਬੰਜਰ ਹੋਣ ਤੋਂ ਬਚਾਉਣ ਲਈ ਰੁੱਖਾਂ ਦੀ ਬੜੀ ਅਹਿਮ ਭੂਮਿਕਾ ਹੈ, ਪਰ ਇਹਨਾਂ ਪ੍ਰਤੀ ਸਾਡਾ ਰੁਖ ਬੜਾ ਗੈਰ-ਜ਼ਿੰਮੇਵਾਰਾਨਾ ਹੈ।

ਰੁੱਖਾਂ ਨੂੰ ਲਾਏ ਜਾਣ ਦੀ ਤੇ ਦਰਿਆਵਾਂ ਨੂੰ ਸਾਫ ਕੀਤੇ ਜਾਣ ਦੀ ਲੋੜ ਨਹੀਂ ਹੁੰਦੀ। ਹਜ਼ਾਰਾਂ ਸਾਲਾਂ ਤੋਂ ਧਰਤੀ ਦੇ ਵੱਖ-ਵੱਖ ਹਿੱਸਿਆਂ ਵਿੱਚ ਵਿਸ਼ਾਲ ਜੰਗਲ ਹਨ। ਇਹ ਜੰਗਲ ਮਨੁੱਖਾਂ ਨੇ ਨਹੀਂ ਉਗਾਏ। ਕੁਦਰਤ ਆਪ ਇਹਨਾਂ ਨੂੰ ਪੈਦਾ ਕਰਦੀ ਹੈ। ਰੁੱਖਾਂ ਨੂੰ ਨਾ ਵੀ ਲਾਇਆ ਜਾਵੇ ਤਾਂ ਧਰਤੀ ਮਾਂ ਆਪਣੇ ਇਹਨਾਂ ਲਾਡਲੇ ਪੁੱਤਰਾਂ ਨੂੰ ਆਪਣੇ ਵਿਸ਼ਾਲ ਵਿਹੜੇ ਵਿੱਚ ਥਾਂ ਦਿੰਦੀ ਹੈ, ਪਰ ਹੁਣ ਕਿਉਂਕਿ ਅਸੀਂ ਜੰਗਲਾਂ ਦਾ ਸਫਾਇਆ ਹੀ ਕਰ ਦਿੱਤਾ ਹੈ, ਰੁੱਖ ਕੱਟ ਹੀ ਏਨੇ ਦਿੱਤੇ ਹਨ ਕਿ ਰੁੱਖ ਲਾਉਣ ਦੀ ਵੱਡੀ ਲੋੜ ਆਣ ਬਣੀ ਹੈ। ਇਸੇ ਤਰ੍ਹਾਂ ਸਾਡੇ ਦਰਿਆ, ਜਿਹਨਾਂ ਵਿੱਚ ਬਰਸਾਤ ਦੇ ਮਹੀਨੇ ਨੂੰ ਛੱਡ ਕੇ, ਸਾਰਾ ਸਾਲ ਕਾਲਾ ਪਾਣੀ ਵਹਿੰਦਾ ਹੈ, ਕਾਲੇ ਪਾਣੀ ਦੀ ਕਾਲੀ ਗਾਰ ਨਾਲ ਇਹ ਦੂਰੋਂ ਮੁਸ਼ਕ ਮਾਰਦੇ ਗੰਦੇ ਪਾਣੀ ਦੇ ਵਾਹਕ ਬਣ ਗਏ ਹਨ। ਇਹਨਾਂ ਦਰਿਆਵਾਂ ਨੂੰ ਸਾਫ ਕਰਨ ਦੀ ਲੋੜ ਨਹੀਂ। ਉਂਝ ਸਰਕਾਰਾਂ ਹਰ ਸਾਲ ਇਹਨਾਂ ਲਈ ਕਰੋੜਾਂ ਰੁਪਏ ਦੇ ਬਜਟ ਰੱਖਦੀਆਂ ਹਨ, ਪਰ ਇਹਨਾਂ ਨੂੰ ਸਾਫ ਕਰਨ ਲਈ ਇੱਕ ਰੁਪਏ ਦੀ ਲੋੜ ਨਹੀਂ। ਇਹ ਆਪਣੇ ਆਪ ਨੂੰ ਆਪੇ ਸਾਫ ਕਰ ਲੈਂਦੇ ਹਨ। ਇਹਨਾਂ ਵਿੱਚ ਡਿੱਗਣ ਵਾਲੇ ਗੰਦੇ ਨਾਲਿਆਂ ਨੂੰ ਬੰਦ ਕਰਨ ਦੀ ਲੋੜ ਹੁੰਦੀ ਹੈ। ਦਰਿਆ ਤਾਂ ਹਜ਼ਾਰਾਂ ਸਾਲਾਂ ਤੋਂ ਵਹਿੰਦੇ ਸਨ। ਇਹਨਾਂ ਦੇ ਨੀਰ ਬੜੇ ਪਵਿੱਤਰ ਸਨ। ਲੋਕ ਇਹਨਾਂ ’ਚੋਂ ਪਾਣੀ ਪੀਂਦੇ ਸਨ। ਇਹ ਸਦੀਆਂ ਤੋਂ ਸਾਫ ਹੀ ਸਨ। ਇਹਨਾਂ ਦੀ ਸਫਾਈ ਲਈ ਵੱਖਰੇ ਬਜਟ ਰੱਖੇ ਜਾਣ ਦੀ ਲੋੜ ਨਹੀਂ, ਬਲਕਿ ਇਹਨਾਂ ਵਿੱਚ ਪੈਂਦੇ ਗੰਦ ਨੂੰ ਸਖਤੀ ਨਾਲ ਰੋਕਿਆ ਜਾਣਾ ਚਾਹੀਦਾ ਹੈ, ਪਰ ਅਜਿਹਾ ਨਹੀਂ ਕੀਤਾ ਜਾਂਦਾ ਜੇਕਰ ਅਜਿਹਾ ਹੋਵੇ ਤਾਂ ਦਰਿਆਵਾਂ ਨੂੰ ਸਾਫ ਕਰਨ ਵਾਲੇ ਫੰਡ ਜਾਰੀ ਕਿਵੇਂ ਹੋਣਗੇ? ਇਸੇ ਤਰ੍ਹਾਂ ਕਿਸੇ ਵੀ ਸੜਕ ਨੂੰ ਚੌੜਾ ਕਰਨ ਲਈ ਪਹਿਲਾਂ ਉਸ ’ਤੇ ਖੜ੍ਹੇ ਰੁੱਖਾਂ ਦਾ ਕਤਲੇਆਮ ਕੀਤਾ ਜਾਂਦਾ ਹੈ। ਇਸ ਅਮਲ ਵਿੱਚੋਂ ਵੀ ਮੋਟੀ ਕਮਾਈ ਹੁੰਦੀ ਹੈ। ਫਿਰ ਸੜਕ ਬਣਦੀ ਹੈ। ਫਿਰ ਇਸ ਦੁਆਲੇ ਬੂਟੇ ਲਾਏ ਜਾਂਦੇ ਹਨ। ਫਿਰ ਇਹਨਾਂ ਨੂੰ ਲਾਏ ਜਾਣ ਲਈ ਫੰਡ ਮੁਹੱਈਆ ਕੀਤੇ ਜਾਂਦੇ ਹਨ। ਇਹਨਾਂ ਫੰਡਾਂ ਦੀ ਖੇਡ ਵਿੱਚ ਸਾਲ ਬੀਤਦੇ ਹਨ ਅਤੇ ਹਰ ਸਾਲ, ਲੱਖਾਂ ਹਜਾਰਾਂ ਰੁੱਖਾਂ ਦਾ ਕਤਲੇਆਮ ਹੁੰਦਾ ਹੈ। ਸਾਨੂੰ ਸੋਚਣਾ ਚਾਹੀਦਾ ਹੈ ਕਿ ਇਹ ਸਿਲਸਿਲੇ ਕਦੋਂ ਤੱਕ ਚਲਦੇ ਰਹਿਣਗੇ?

ਭਾਰਤ ਦੇ ਵੱਖ-ਵੱਖ ਸੂਬਿਆਂ ਦੀਆਂ ਭੂਗੋਲਿਕ ਪ੍ਰਸਥਿਤੀਆਂ ਵੱਖਰੀਆਂ-ਵੱਖਰੀਆਂ ਹਨ। ਇਸੇ ਤਰ੍ਹਾਂ ਇਸ ਮਗਰੋਂ ਇੱਕ ਹੋਰ ਕਾਨੂੰਨ 1980 ਬਣਾਇਆ ਗਿਆ। ਰੁੱਖਾਂ, ਜੰਗਲਾਂ ਦੀ ਕਟਾਈ ਦਾ ਮਸਲਾ ਇੱਕ ਤਰ੍ਹਾਂ ਨਾਲ ਵੱਖ-ਵੱਖ ਸੂਬਿਆਂ ਦੇ ਅਧਿਕਾਰ ਖੇਤਰ ਦਾ ਮਸਲਾ ਹੈ। ਇਸ ਲਈ ਭਾਰਤ ਦੇ ਜ਼ਿਆਦਾਤਰ ਸੂਬਿਆਂ ਵਿੱਚ ਰੁੱਖਾਂ ਦੀ ਸਾਂਭ-ਸੰਭਾਲ ਕਈ ਕਾਨੂੰਨ ਪਹਿਲਾਂ ਤੋਂ ਬਣੇ ਹੋਏ ਹਨ। ਕਿਸੇ ਸੂਬੇ ਵਿੱਚ ਇਹ ਬੜੇ ਕਾਰਗਰ ਵੀ ਹਨ, ਪਰ ਸਾਡੇ ਪੰਜਾਬ ਕੋਲ ਇਸ ਸਬੰਧੀ ਕੋਈ ਐਕਟ ਨਹੀਂ। ਪਿਛਲੇ ਸਾਲ 2025 ਵਿੱਚ ਨੈਸ਼ਨਲ ਗਰੀਨ ਟ੍ਰਿਬਿਊਨਲ ਦੇ ਅਦੇਸ਼ਾਂ ਤੋਂ ਬਾਅਦ ਪੰਜਾਬ ਵਿਧਾਨ ਸਭਾ ਨੂੰ ਰੁੱਖਾਂ ਸੰਬੰਧੀ ਐਕਟ ਬਣਾਉਣ ਲਈ ਇੱਕ ਡਰਾਫਟ ਤਿਆਰ ਕੀਤਾ ਹੈ। ਇਸ ਡਰਾਫਟ ਦੇ ਦੋ ਅਹਿਮ ਨੁਕਤੇ ਇਹ ਹਨ, ਜਿਵੇਂ :

1 ਇਹ ਐਕਟ ਮਿਊਂਸਪਲ ਕਾਰਪੋਰੇਸ਼ਨਾਂ, ਨਗਰ ਨਿਗਮਾਂ ਅਤੇ ਨਗਰ ਕੌਂਸਲਾਂ ਤੱਕ ਹੀ ਸੀਮਤ ਹੋਵੇਗਾ। ਗ੍ਰਾਮੀਣ ਖੇਤਰਾਂ ਰੂਰਲ/ ਖੇਤੀ ਵਾਲੀ ਜ਼ਮੀਨ ’ਤੇ ਇਹ ਐਕਟ ਲਾਗੂ ਨਹੀਂ ਹੁੰਦਾ।

2 ਇਸ ਵਿੱਚ ਸ਼ਹਿਰੀ ਖੇਤਰਾਂ ਵਿੱਚੋਂ ਰੁੱਖ ਪੁੱਟਣ ਦੇ ਇਵਜ਼ ਵਿੱਚ ਦਸ ਹਜ਼ਾਰ ਰੁਪਏ ਜੁਰਮਾਨਾ ਰੱਖਿਆ ਗਿਆ ਹੈ, ਜੋ ਕਿ ਅੱਜ ਦੇ ਦੌਰ ਵਿੱਚ ਬਹੁਤ ਹੀ ਘੱਟ ਹੈ। ਬਹੁਤ ਸਾਰੇ ਅਜਿਹੇ ਲੋਕ ਹਨ, ਜਿਹਨਾਂ ਲਈ ਰੁੱਖ ਉਹਨਾਂ ਦੇ ਕਾਰੋਬਾਰ ਵਿੱਚ ਅੜਿੱਕਾ ਬਣਦੇ ਹਨ, ਉਹ ਦਸ ਦੀ ਬਜਾਏ ਵੀਹ ਹਜ਼ਾਰ ਦੇ ਕੇ ਵੀ ਰੁੱਖ ਪੁਟਵਾਉਣ ਨੂੰ ਤਰਜੀਹ ਦੇਣਗੇ। ਇਸ ਤਰ੍ਹਾਂ ਹੋਰ ਰੁੱਖਾਂ ਨੂੰ ਲਾਏ ਜਾਣ ਅਤੇ ਲੱਗੇ ਹੋਏ ਰੁੱਖਾਂ ਨੂੰ ਪੁੱਟੇ ਜਾਣ ਤੋਂ ਰੋਕਣ ਲਈ ਇਹ ਐਕਟ ਕੋਈ ਮਹੱਤਪੂਰਨ ਭੂਮਿਕਾ ਨਹੀਂ ਨਿਭਾ ਸਕਦਾ। ਪੰਜਾਬ ਦੀ ਆਬੋ ਹਵਾ ਬੇਹੱਦ ਖਰਾਬ ਰਹਿਣ ਲੱਗੀ ਹੈ, ਇਸ ਦਾ ਪ੍ਰਭਾਵ ਭਵਿੱਖ ਵਿੱਚ ਸਾਡੀ ਆਰਥਿਕਤਾ ’ਤੇ ਵੀ ਪਵੇਗਾ। ਕਿਉਂ ਜੇਕਰ ਇੱਥੇ ਚੰਗੀ ਆਬੋ ਹਵਾ ਨਹੀਂ ਹੋਵੇਗੀ ਤਾਂ ਦੁਨੀਆ ਦੇ ਨਿਵੇਸ਼ਕ ਇੱਥੇ ਨਿਵੇਸ਼ ਨਹੀਂ ਕਰਨਗੇ। ਇੱਥੇ ਇਹ ਵੀ ਦੱਸਣਯੋਗ ਹੋਵੇਗਾ ਕਿ ਹੁਣ ਹਰ ਪੱਧਰ ’ਤੇ ਹੋ ਰਹੇ ਨਿਵੇਸ਼ ਨੂੰ ਕਿਸੇ ਖਿੱਤੇ ਦੀ ਆਬੋ ਹਵਾ ਨਾਲ ਜੋੜ ਕੇ ਵੇਖਿਆ ਜਾਣ ਲੱਗਿਆ ਹੈ।

ਅਸੀਂ ਪਰਾਲੀ ਦੇ ਸਾੜੇ ਜਾਣ ਨੂੰ ਵੀ ਦੋਸ਼ ਦਿੰਦੇ ਹਾਂ। ਇੱਥੇ ਸਮਝਣ ਵਾਲੀ ਗੱਲ ਇਹ ਹੈ ਕਿ ਜੇਕਰ ਪਰਾਲੀ ਨੂੰ ਨਾ ਵੀ ਸਾੜਿਆ ਜਾਵੇ ਤਾਂ ਹਵਾ ਦੀ ਕਵਾਲਟੀ ਨੂੰ ਰੁੱਖਾਂ ਬਗੈਰ ਸੁਧਾਰਿਆ ਨਹੀਂ ਜਾ ਸਕਦਾ।

ਰੁੱਖਾਂ ਸਬੰਧੀ ਪੇਂਡੂ ਖੇਤਰਾਂ ਵਿੱਚ ਵੀ ਕੁਝ ਨੇਮ ਕਾਨੂੰਨ ਹੋਣੇ ਚਾਹੀਦੇ ਹਨ। ਜਿਵੇਂ ਸਰਕਾਰ ਖੇਤਾਂ ਲਈ ਮੁਫਤ ਬਿਜਲੀ ਦਿੰਦੀ ਹੈ, ਇਸ ਲਈ ਪੇਂਡੂ ਖੇਤਰਾਂ ਵਿੱਚ ਹਰ ਟਿਊਬਵੈੱਲ ਮੋਟਰ ਵਾਲੇ ਖੇਤ ਵਿੱਚ ਘੱਟੋ-ਘੱਟ ਦਸ ਰੁੱਖ ਹੋਣੇ ਜ਼ਰੂਰੀ ਕੀਤੇ ਜਾਣੇ ਚਾਹੀਦੇ ਹਨ। ਇਸੇ ਤਰ੍ਹਾਂ ਪੁਰਾਣੇ ਰੁੱਖਾਂ ਨੂੰ ਪੁੱਟਣ ’ਤੇ ਪਾਬੰਦੀ ਲੱਗਣੀ ਚਾਹੀਦੀ ਹੈ। ਸਭ ਤੋਂ ਅਹਿਮ ਗੱਲ ਕਿ ਇਹ ਨਵਾਂ ਬਣਿਆ ਐਕਟ ਜੰਗਲਾਂ, ਰੱਖਾਂ, ਝਿੜੀਆਂ ’ਤੇ ਲਾਗੂ ਨਹੀਂ ਹੁੰਦਾ, ਜੋ ਕਿ ਇਸ ਦਾ ਸਭ ਤੋਂ ਵੱਡਾ ਨਾਕਾਰਤਮਿਕ ਪੱਖ ਹੈ।

ਰੁੱਖਾਂ ਦੀ ਰਖਵਾਲੀ ਲਈ ਬਣਾਏ ਗਏ ਕਾਨੂੰਨ ਨੇਮ ਅਸਲੋਂ ਨਿਮਾਣੇ ਤੇ ਨਿਤਾਣੇ ਨਹੀਂ ਹੋਣੇ ਚਾਹੀਦੇ। ਇਹ ਸ਼ਾਇਦ ਇਸ ਲਈ ਵੀ ਕੀਤਾ ਜਾਂਦਾ ਹੈ ਕਿ ਕਿਤੇ ਅਜਿਹਾ ਨਾ ਹੋਵੇ ਕਿ ਜੀਵਨ ਨੂੰ ਬਚਾਉਣ ਦਾ ਦਮ ਭਰਨ ਵਾਲੇ ਇਹ ਰੁੱਖ, ਬਿਰਖ, ਕਿਤੇ ਅਖੌਤੀ ਵਿਕਾਸ ਦੇ ਰਾਹ ਵਿੱਚ ਰੋੜੇ ਨਾ ਬਣ ਜਾਣ। ਸਰਕਾਰਾਂ ਨੂੰ ਚਾਹੀਦਾ ਹੈ ਕਿ ਰੁੱਖਾਂ ਨੂੰ ਲਾਏ ਜਾਣ, ਜੰਗਲਾਂ ਦੀ ਗਿਣਤੀ ਵਧਾਉਣ ਅਤੇ ਹਰ ਸੰਭਵ ਯਤਨ ਕਰਕੇ ਰੁੱਖਾਂ ਨੂੰ ਬਚਾਉਣ ਲਈ ਜ਼ਰੂਰੀ ਕਾਨੂੰਨੀ ਸੋਧਾਂ ਕਰੇ। ਇਹ ਕਾਨੂੰਨ ਕੇਵਲ ਕਾਗਜ਼ਾਂ ਦਾ ਢਿੱਡ ਭਰਨ ਲਈ ਹੀ ਨਾ ਹੋਣ, ਬਲਕਿ ਇਹਨਾਂ ਨੂੰ ਹਰ ਸੂਰਤ ਵਿੱਚ ਲਾਗੂ ਕੀਤਾ ਜਾਵੇ। ਜਿਵੇਂ ਹੁਣ ਨਵੇਂ ਬਣੇ ਐਕਟ ਵਿੱਚ ਰੁੱਖ ਨੂੰ ਕੱਟੇ ਜਾਣ ਦਾ ਮਾਮੂਲੀ ਜੁਰਮਾਨਾ ਰੱਖਿਆ ਗਿਆ ਹੈ, ਜੋ ਕੁਝ ਖਾਸ ਖੇਤਰਾਂ ਤੱਕ ਸੀਮਤ ਹੈ। ਇਸ ਤਰ੍ਹਾਂ ਦੇ ਕਾਨੂੰਨ ਰੁੱਖਾਂ ਦੇ ਕਤਲੇਆਮ ਨੂੰ ਕਿਸੇ ਵੀ ਸੂਰਤ ਵਿੱਚ ਰੋਕ ਨਹੀਂ ਸਕਦੇ। ਇੱਥੇ ਸਾਨੂੰ ਇਹ ਵੀ ਵਿਚਾਰਨਾ ਪਵੇਗਾ ਕਿ ਰੁੱਖਾਂ ਲਈ ਹੁਣ ਤੱਕ ਬਣੇ ਕਾਨੂੰਨਾਂ ਨਾਲ ਕਿੰਨੇ ਲੋਕਾਂ ਨੂੰ ਸਜ਼ਾਵਾਂ ਜਾਂ ਜੁਰਮਾਨੇ ਕੀਤੇ ਗਏ? ਇਸ ਦੀਆਂ ਮਿਸਾਲਾਂ ਬੜੀਆਂ ਘੱਟ ਨਜ਼ਰ ਆਉਣਗੀਆਂ ਦੂਜੇ ਪਾਸੇ ਰੁੱਖਾਂ ਦਾ ਵਢਾਂਗਾ ਹਰ ਸਾਲ ਕਿਸ ਪੱਧਰ ’ਤੇ ਹੁੰਦਾ ਹੈ, ਇਹ ਸਾਰੇ ਅਸੀਂ ਭਲੀਭਾਂਤ ਜਾਣਦੇ ਹਾਂ।

ਜੀਵਨ ਲਈ ਸਾਜ਼ਗਾਰ ਹਾਲਾਤ ਪੈਦਾ ਕਰਨ ਲਈ ਰੁੱਖਾਂ ਦਾ ਹੋਣਾ ਬੜਾ ਜ਼ਰੂਰੀ ਹੈ, ਪਰ ਇਸ ਸਮੇਂ ਪੰਜਾਬ ਦੀ ਹਾਲਤ ਇਹ ਹੈ ਕਿ ਇੱਥੇ 3.5 ਫੀਸਦੀ ਜੰਗਲ ਹਨ, ਉਹ ਵੀ ਕੁਝ ਖਾਸ ਖੇਤਰਾਂ ਤੱਕ ਸੀਮਤ ਹਨ। ਮਾਲਵੇ ਦੇ ਵੱਡੇ ਇਲਾਕੇ ਵਿੱਚ ਰੁੱਖ ਬੜੇ ਵਿਰਲੇ-ਟਾਵੇਂ ਹਨ ਅਤੇ ਹਰ ਦਿਨ ਇਹਨਾਂ ਦੀ ਗਿਣਤੀ ਹੋਰ ਸੀਮਤ ਹੁੰਦੀ ਜਾ ਰਹੀ ਹੈ। ਇਹੋ ਕਾਰਨ ਹੈ ਕਿ ਪੰਜਾਬ ਦੇ ਜ਼ਿਆਦਤਰ ਇਲਾਕਿਆਂ ਵਿੱਚ ਸਾਲ ਵਿੱਚ ਜ਼ਿਆਦਾਤਰ ਮਹੀਨੇ ਹਵਾ ਦਾ ਪ੍ਰਦੂਸ਼ਣ ਏਨਾ ਜ਼ਿਆਦਾ ਹੁੰਦਾ ਹੈ ਕਿ ਇਹ ਹੁਣ ਜੀਵਨ ਲਈ ਆਜ਼ਾਬ ਬਣਨ ਲੱਗ ਪਿਆ ਹੈ। ਜ਼ਹਿਰੀਲੀ ਹਵਾ ਸਾਡੇ ਵਾਤਾਵਰਨ ਨੂੰ ਬਿਮਾਰ ਕਰ ਰਹੀ ਹੈ। ਹਰ ਦਿਨ ਭਿਆਨਕ ਬਣਦੀ ਜਾ ਰਹੀ ਇਸ ਸਥਿਤੀ ਤੋਂ ਛੁਟਕਾਰਾ ਪਾਉਣ ਦਾ ਇੱਕੋ ਇੱਕ ਰਾਹ ਹੈ ਕਿ ਅਸੀਂ ਰੁੱਖਾਂ ਦੀ ਰੱਖਿਆ ਕਰੀਏ। ਇਹਨਾਂ ਦੇ ਵਢਾਂਗੇ ਨੂੰ ਰੋਕਣ ਲਈ ਸਖਤ ਕਾਨੂੰਨ ਬਣਾਏ ਜਾਣ।

ਪੰਜਾਬ ਦੀ ਧਰਤੀ ਹਰ ਦਿਨ ਧਰਤੀ ਹੇਠਲੇ ਪਾਣੀ ਦੇ ਸੰਕਟ ਵਿੱਚ ਘਿਰਦੀ ਜਾ ਰਹੀ ਹੈ, ਜੇਕਰ ਰੁੱਖਾਂ, ਜੰਗਲਾਂ ਹੇਠ ਰਕਬਾ ਵਧ ਜਾਵੇ ਤਾਂ ਇਸ ਸੰਕਟ ਤੋਂ ਕੁਝ ਹੱਦ ਤੱਕ ਬਚਾਅ ਹੋ ਸਕਦਾ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਉਹਨਾਂ ਥਾਵਾਂ ਦੀ ਸ਼ਨਾਖਤ ਕਰੇ, ਜਿਹਨਾਂ ’ਤੇ ਜੰਗਲ ਉਗਾਏ ਜਾ ਸਕਦੇ ਹਨ। ਇਹ ਥਾਵਾਂ ਨਹਿਰਾਂ, ਸੂਏ, ਸੜਕਾਂ, ਰੇਲਵੇ ਲਾਈਨਾਂ, ਪੰਚਾਇਤੀ ਥਾਵਾਂ ਹੋ ਸਕਦੀਆਂ ਹਨ। ਇਹ ਸਿਲਸਿਲਾ ਹਰ ਸਾਲ ਬੂਟੇ ਲਾ ਕੇ ਅਖਬਾਰਾਂ ਵਿੱਚ ਖਬਰਾਂ, ਫੋਟੋਆਂ ਪ੍ਰਕਾਸ਼ਤ ਕੀਤੇ ਜਾਣ ਤੱਕ ਹੀ ਸੀਮਤ ਨਾ ਹੋਵੇ, ਬਲਕਿ ਬੂਟਿਆਂ ਨੂੰ ਰੁੱਖ ਅਤੇ ਰੁੱਖਾਂ ਨੂੰ ਬਿਰਖ ਬਣਾਏ ਜਾਣ ਤੱਕ ਇਹਨਾਂ ਦੀ ਲੰਮੀ ਉਮਰ ਤੱਕ ਸਾਰਥਕ ਯਤਨ ਹੋਣੇ ਚਾਹੀਦੇ ਹਨ। ਕਿਤੇ ਵੀ ਉਸਾਰੀ ਕੀਤੀ ਜਾਣੀ ਹੈ ਜਾਂ ਕਿਤੇ ਰੇਲਵੇ ਟਰੈਕ ਜਾਂ ਸੜਕ ਬਣਾਈ ਜਾਣੀ ਹੈ ਤਾਂ ਰੁੱਖਾਂ ਦੀ ਕਟਾਈ ’ਤੇ ਮੁਕੰਬਲ ਰੋਕ ਹੋਣੀ ਚਾਹੀਦੀ ਹੈ ਸੜਕਾਂ ਇਸ ਢੰਗ ਨਾਲ ਬਣਾਈਆਂ ਜਾਣ ਕਿ ਰੁੱਖਾਂ ਨੂੰ ਕਿਸੇ ਵੀ ਸੂਰਤ ਵਿੱਚ ਕੱਟੇ ਜਾਣ ਦੀ ਲੋੜ ਨਾ ਰਹੇ।

# ਸੰਪਰਕ : 98550-51099

# ਸੋ ਕਿਉ ਮੰਦਾ ਆਖੀਐ ॥

ਸੁਖਪਾਲ ਸਿੰਘ ਗਿੱਲ

ਔਰਤ ਦੀ ਹੋਣੀ ਅਤੇ ਹੋਣਾ ਸਮਾਜ ਵਿੱਚ ਅੱਡਰੇ ਹੋ ਕੇ ਚੱਲਦੇ ਦੋ ਵਿਸ਼ੇ ਹਨ। ਸਾਡੀ ਸੋਚ ਔਰਤ ਦੇ ਹੋਣ ਨੂੰ ਹੋਣੀ ਵਿੱਚ ਬਦਲ ਦਿੰਦੀ ਹੈ।ਇਹ ਆਦਿ ਕਾਲ ਤੋਂ ਚੱਲਦਾ ਆਇਆ ਹੈ।ਇਸ ਲਈ ਧਾਰਮਿਕ, ਸਮਾਜਿਕ ਅਤੇ ਇਤਿਹਾਸਕ ਕਲਮਾਂ ਇਸ ਵਰਤਾਰੇ ਦੀਆਂ ਖੈਰ-ਖਵਾਹ ਬਣੀਆਂ।ਹਿਰਦੇ ਵਿੱਚੋਂ ਨਿਕਲੀ ਹੂਕ ਵਿੱਚੋਂ ਲਿਖੇ ਸ਼ਬਦ ਕਈ ਵਾਰ ਅਜਿਹੀ ਛਾਪ ਛੱਡਦੇ ਹਨ, ਜੋ ਰਹਿੰਦੀ ਦੁਨੀਆ ਤੱਕ ਸੁਨਹਿਰੀ ਪੰਨੇ ਦੇ ਲਿਖੇ ਮਿਲਦੇ ਹਨ। ਇਸ ਪ੍ਰਸੰਗ ਵਿੱਚ ਔਰਤ ਪ੍ਰਤੀ ਸਮਾਜਿਕ ਨਜ਼ਰੀਏ ਨੂੰ ਪੇਸ਼ ਕਰਦੇ ਨਾਨਕ ਸਿੰਘ ਦੇ ਸ਼ਬਦ ਹਨ, -ਓ ਇਸਤਰੀ! ਤੂੰ ਏਡੀ ਉੱਚਤਾ, ਏਡੀ ਵਿਸ਼ਾਲਤਾ ਕਿੱਥੋਂ ਪ੍ਰਾਪਤ ਕਰ ਲਈ? ਸਹਿਨਸ਼ੀਲਤਾ ਦੇ ਸੋਮੇ ਤੇਰੇ ਅੰਦਰ ,ਮਮਤਾ ਦੀਆਂ ਕਾਂਗਾਂ ਤੇਰੇ ਵਿੱਚ,ਤਿਆਗ ਦੇ ਅਟੁੱਟ ਪਹਾੜ ਤੇਰੇ ਵਿੱਚ, ਪਿਆਰ ਦੇ ਅਥਾਹ ਸਮੁੰਦਰ ਤੇਰੇ ਵਿੱਚ, ਇਹ ਸਭ ਕੁਝ,ਹੇ ਇਸਤ੍ਰੀ! ਤੂੰ ਕਿੱਥੋਂ ਪ੍ਰਾਪਤ ਕਰ ਲਿਆ?’ ਔਰਤ ਬਾਰੇ ਬਹੁਤ ਪੜ੍ਹਿਆ, ਲਿਖਿਆ ਅਤੇ ਸੁਣਿਆ ਜਾ ਚੁੱਕਾ ਹੈ। ਵੱਖ-ਵੱਖ ਖਿੱਤਿਆਂ ਦੀਆਂ ਰੁਚੀਆਂ, ਸੰਭਾਵਨਾਵਾਂ ਅਤੇ ਦ੍ਰਿਸ਼ਟੀਕੋਣ ਵੱਖ ਵੱਖ ਹੁੰਦੇ ਹਨ। ਸਾਡੀ ਸੰਸਕ੍ਰਿਤੀ ਵਿੱਚ ਔਰਤ ਮਹਾਨ ਸੀ, ਮਹਾਨ ਹੈ, ਮਹਾਨ ਰਹੇਗੀ, ਪਰ ਇਹ ਕਥਨ ਔਰਤ ਇਮਾਨ ਇੱਜ਼ਤ ਦੇ ਚੱਕਰ ਵਿੱਚ ਫਸਕੇ ਵਜੂਦ ਗੁਆ ਦਿੰਦਾ ਹੈ।ਇਤਿਹਾਸ ਅਤੇ ਮਿਥਿਹਾਸ ਔਰਤ ਨੂੰ ਮਰਦ ਤੋਂ ਕਮਜੋਰ ਦੱਸਦਾ ਹੈ। ਇਸ ਨੂੰ ਸੀਮਤ ਦਾਇਰੇ ਵਿੱਚ ਰਹਿਣਾ ਪੈਂਦਾ ਹੈ। ਦਾਰਸ਼ਨਿਕ ਸੈਕਸ਼ਪੀਅਰ ਦਾ ਕਥਨ ਹੈ, ਕਮਜ਼ੋਰੀ ਤੇਰਾ ਨਾਂਅ ਔਰਤ ਹੈ। ਔਰਤ ਖਿਲਾਫ਼ ਲਿੰਗਕ ਅਪਰਾਧ ਭਾਰੂ ਰਹਿੰਦੇ ਹੈ। ਸੰਯੁਕਤ ਰਾਸ਼ਟਰ ਵਿੱਚ ਵੀ ਔਰਤ ਦੀ ਤ੍ਰਾਸਦੀ ਲਿਖੀ ਪਈ ਹੈ:

ਔਰਤ ਅਤੇ ਕੁੜੀਆਂ ਖਿਲਾਫ਼ ਹਿੰਸਾ ਮਹਾਂਮਾਰੀ ਹੈ, ਦੁਨੀਆ ਵਿੱਚ ਹਰ ਤਿੰਨ ਵਿੱਚੋਂ ਇੱਕ ਔਰਤ ਕੁੱਟ ਦਾ ਸ਼ਿਕਾਰ ਹੁੰਦੀ ਹੈ, ਸੰਭੋਗ ਲਈ ਮਜਬੂਰ ਕੀਤੀ ਜਾਂਦੀ ਹੈ ਜਾਂ ਜ਼ਿੰਦਗੀ ਵਿੱਚ ਉਸ ਨਾਲ ਦੁਰਵਿਹਾਰ ਕੀਤਾ ਜਾਂਦਾ ਹੈ, ਦੁਰਵਿਹਾਰੀ ਨਜ਼ਦੀਕੀ ਹੁੰਦਾ ਹੈ। ਸਮਾਜ ਦਾ ਪ੍ਰਚੱਲਤ ਕਥਨ ਹੈ ਕਿ ਔਰਤ ਨੂੰ ਘਰ ਅੰਦਰ ਮਰਦ ਪਹਿਲਾਂ ਅਤੇ ਤਸੱਲੀ ਨਾਲ ਖੁਆ ਕੇ ਆਪ ਤਸੱਲੀ ਪ੍ਰਗਟ ਕਰਦੀ ਹੈ। ਕਿੰਨਾ ਤਹਿਜ਼ੀਬ ਵਾਲਾ ਸੁਭਾਅ! ਇਹ ਸਲੀਕਾ ਔਰਤ ਪ੍ਰਤੀ ਸਾਰੀਆਂ ਧਾਰਨਾਵਾਂ ਨੂੰ ਹਜ਼ਮ ਕਰਕੇ ਇੱਕ ਨੁਕਤੇ ਵਿੱਚ ਨਿਬੇੜ ਦਿੰਦਾ ਹੈ ਜਾਂ ਕਹਿ ਲਿਆ ਜਾਵੇ ਇਸ ਨੁਕਤੇ ਵਿੱਚ ਸਮੁੰਦਰ ਹੈ, ਪਰ ਧਨ ਹੈ ਔਰਤ ਸਭ ਕੁੱਝ ਚੁੱਪ-ਚੁਪੀਤੇ ਸਹਿਣ ਕਰੀ ਜਾਂਦੀ ਹੈ। ਅੰਮ੍ਰਿਤਾ ਪ੍ਰੀਤਮ ਦਾ ਇਹ ਕਥਨ ਇਸ ਵਰਤਾਰੇ ’ਤੇ ਢੁਕਵਾਂ ਹੈ:

*ਪ੍ਰਛਾਵਿਆਂ ਨੂੰ ਪਕੜਨ ਵਾਲਿਓ, ਛਾਤੀ ਵਿੱਚ ਬਲਦੀ ਅੱਗ ਦਾ ਪ੍ਰਛਾਵਾਂ ਨਹੀਂ ਹੁੰਦਾ।*

ਮਨੁੱਖ ਜੋ ਮਰਜ਼ੀ ਦਾ ਹੋਵੇ, ਔਰਤ ਪ੍ਰਤੀ ਸੋਚ ਉਹੀ ਰੱਖਦਾ ਹੈ, ਜੋ ਹੋਣੀ ਨਹੀਂ ਚਾਹੀਦੀ। ਬਹੁਤ ਕੁਝ ਬਦਲ ਚੁੱਕਿਆ ਹੈ, ਪਰ ਔਰਤ ਪ੍ਰਤੀ ਨਜ਼ਰੀਆ ਅਤੇ ਮਨੁੱਖੀ ਸੋਚ ਘਰ ਦੀ ਸਰਦਲ ਦੇ ਬਾਹਰ ਕੁੱਤੇ ਵਾਂਗ ਬੈਠੀ ਹੈ। ਲੱਖ ਉਪਾਵਾਂ ਅਤੇ ਵਿਚਾਰਾਂ ਦੇ ਬਾਵਜੂਦ ਸਰਦਲ ਟੱਪਣ ਲਈ ਮਾਯੂਸ ਬੈਠੀ ਹੈ। ਔਰਤ ਨੂੰ ਪ੍ਰਕਿਰਤੀ ਦੀ ਕੰਨਿਆ ਸਮਝਿਆ ਜਾਂਦਾ ਹੈ, ਪਰ ਇਹ ਸਿਰਫ਼ ਸਮਝਿਆ ਹੀ ਜਾਂਦਾ ਹੈ ਮਨੁੱਖੀ ਸੋਚ ਮੂਹਰੇ ਇਹ ਵਿਚਾਰ ਗੋਡੇ ਟੇਕ ਦਿੰਦਾ ਹੈ। ਇਸ ਦਾ ਨਿਪਟਾਰਾ ਲਾਰਡ ਵਿਲੀਅਮ ਬਲੇਕ ਨੇ ਸੋਹਣੇ ਸ਼ਬਦਾਂ ਵਿੱਚ ਕੀਤਾ ਹੈ: ਜਿਹੜਾ ਵਿਅਕਤੀ ਆਪਣੀ ਸੋਚ-ਸਮਝ ਨਹੀਂ ਬਦਲ ਸਕਦਾ, ਉਹ ਖੜ੍ਹੇ ਪਾਣੀ ਵਾਂਗ ਹੈ, ਜਿਸ ਵਿੱਚ ਮਾਨਸਿਕ ਕੀੜੇ ਪੈਦਾ ਹੁੰਦੇ ਹਨ। ਇਹ ਕਥਨ ਸਿਰੇ ’ਤੇ ਗੰਢ ਮਾਰਨ ਲਈ ਕਾਫੀ ਹੈ।

ਜੀਵ ਵਿਗਿਆਨਕ, ਕੁਦਰਤੀ ਅਤੇ ਦੁਨਿਆਵੀ ਤੌਰ ’ਤੇ ਮਰਦ-ਔਰਤ ਸਿੱਕੇ ਦੇ ਦੋਵਾਂ ਪਾਸਿਆਂ ਵਾਂਗ ਹਨ। ਜੇ ਦੋਵੇਂ ਪਾਸੇ ਛੇੜਛਾੜ ਹੋਵੇ ਤਾਂ ਜੱਚਦਾ ਨਹੀਂ। ਇਸ ਪ੍ਰਤੀ ਸੀਮਤ ਦਾਇਰਾ ਲਾਜ਼ਮੀ ਹੈ। ਇਸ ਤੋਂ ਇਲਾਵਾ ਮਰਦ ਦੀ ਮਰਦਾਨਗੀ ਅਤੇ ਪ੍ਰਧਾਨਗੀ ਨੂੰ ਸੀਮਤ ਰੱਖਣ ਵਾਲੀ ਸੋਚ ਉਭਾਰਨੀ ਚਾਹੀਦੀ ਹੈ। ਇੱਥੇ ਪੈਪਸੀਕੋ ਦੇ ਮੁਖੀ ਦੀ ਮਾਂ ਦਾ ਕਥਨ ਵੀ ਦਰਜ ਕੀਤਾ ਗਿਆ ਹੈ-ਤੂੰ ਪੈਪਸੀਕੋ ਦੀ ਮੁਖੀ ਬਣ ਗਈ ਹੈਂ, ਪਰ ਘਰ ਦੇ ਬੂਹੇ ਅੰਦਰ ਪੈਰ ਧਰਦਿਆਂ ਹੀ ਤੂੰ ਇੱਕ ਪਤਨੀ, ਇੱਕ ਮਾਂ ਹੈਂ, ਜਿਸ ਦੀ ਕੋਈ ਥਾਂ ਨਹੀਂ ਲੈ ਸਕਦਾ। ਮਾਂ ਦੇ ਇਸ ਵਿਚਾਰ ਨੂੰ ਗਲਤ ਵੀ ਨਹੀਂ ਕਿਹਾ ਜਾ ਸਕਦਾ। ਜਦੋਂ ਸੱਭਿਅਤਾ ਦਾ ਵਿਕਾਸ ਹੋ ਰਿਹਾ ਸੀ ਤਾਂ ਔਰਤ ਨੂੰ ਜਿਸ ਸੀਮਤ ਦਿਸ਼ਾ ’ਚ ਰੱਖਿਆ ਸੀ, ਉੱਥੇ ਮਰਦ ਨੂੰ ਵੀ ਬਾਹਰੀ ਅਤੇ ਆਰਥਿਕ ਪ੍ਰਬੰਧਨ ਦੀ ਜ਼ਿੰਮੇਵਾਰੀ ਦਿੱਤੀ ਗਈ ਸੀ, ਇਸ ਨੂੰ ਅੱਖੋਂ-ਪਰੋਖੇ ਨਹੀਂ ਕੀਤਾ ਜਾ ਸਕਦਾ।

ਮਨੂੰ ਸਿਮਰਤੀ ਵਿੱਚ ਔਰਤ ਨੂੰ ਮਾਂ-ਪਿਓ, ਘਰ ਵਾਲੇ ਅਤੇ ਪੁੱਤਰਾਂ ਦੇ ਅਧੀਨ ਰੱਖਿਆ ਗਿਆ ਹੈ। ਇਹ ਭਾਰਤੀ ਸੰਸਕ੍ਰਿਤੀ ਦੀ ਤਰਜ਼ਮਾਨੀ ਕਰਦਾ ਹੈ। ਆਲਮੀ ਪੱਧਰ ’ਤੇ ਇਹ ਠੀਕ ਨਹੀਂ ਜਾਪਦਾ। ਔਰਤਾਂ ਦੀ ਸਰਕਾਰ ਨੇ ਹਰ ਥਾਂ ਭਾਗੀਦਾਰੀ ਅਤੇ ਰਾਖਵਾਂਕਰਨ ਕਰਕੇ ਮਰਦ ਔਰਤ ਦੀ ਬਰਾਬਰਤਾ ਵੱਲ ਤੋਰਿਆ ਕਦਮ ਹੀ ਹੈ, ਮਾਨਸਿਕਤਾ ਨੂੰ ਮੋੜਾ ਦੇਣ ਲਈ ਕਾਫੀ ਕੁਝ ਕਰਨ ਲਈ ਬਾਕੀ ਹੈ। ਮਰਦ ਦੀ ਸੌੜੀ ਸੋਚ ਜਿਸ ਨੂੰ ਸਮਾਜ ਵੀ ਮਾਨਤਾ ਦੇ ਦਿੰਦਾ ਹੈ, ਇਸ ਅੱਗੇ ਸਭ ਬੇਵੱਸ ਹੋ ਜਾਂਦਾ ਹੈ। ਆਦਮੀ ਗਾਲ੍ਹ ਔਰਤ ਨੂੰ ਮੁਖਾਤਿਬ ਹੋ ਕੇ ਕੱਢਦਾ ਹੈ, ਔਰਤ ਮਰਦ ਨੂੰ ਗਾਲ੍ਹ ਨਹੀਂ ਕੱਢਦੀ। ਸਰਦਲ ਅੰਦਰ ਜਾਣ ਲਈ ਕੋਈ ਭਵਿੱਖੀ ਸੰਕੇਤ ਨਹੀਂ ਹੈ। ਔਰਤ ਅੱਜ ਵੀ ਵਿਚਾਰੀ ਹੈ। ਸਵੇਰੇ ਤੋਂ ਆਥਣ ਤੱਕ ਟੱਬਰ ਦੀ ਜੂਠ ਮਾਂਜਦੀ ਹੋਈ ਬਾਕੀ ਮੈਂਬਰਾਂ ਦਾ ਢਿੱਡ ਭਰਦੀ ਹੈ। ਆਦਮੀ ਦੇ ਮਨ ਵਿੱਚ ਮਰਦਾਨਗੀ, ਪ੍ਰਧਾਨਗੀ ਅਤੇ ਅਣਖ ਦੀ ਉੱਪਜ ਦਾ ਕੀੜਾ, ਜੋ ਉਸ ਦੀ ਸੋਚ ਦੀ ਤਰਜ਼ਮਾਨੀ ਕਰਦਾ ਹੈ, ਇਹੀ ਔਰਤ ਪ੍ਰਤੀ ਚੰਗੀ ਸੋਚ ਨੂੰ ਅੱਗੇ ਨਹੀਂ ਤੁਰਨ ਦਿੰਦਾ। ਮਾੜੀ ਸੋਚ ਦੀ ਬੁਨਿਆਦ ਉੱਤੇ ਟਿਕਿਆ ਮਰਦ ਪ੍ਰਧਾਨ ਸਮਾਜ ਅੱਗੇ ਨਹੀਂ ਵਧ ਸਕਦਾ, ਜਦੋਂ ਤੱਕ ਇਹ ਨਹੀਂ ਸਮਝ ਲੈਂਦਾ ਚੰਗਾ-ਮਾੜਾ ਕੁਝ ਨਹੀਂ ਹੁੰਦਾ, ਕੇਵਲ ਸੋਚ ਹੀ ਚੰਗੀ-ਮਾੜੀ ਹੁੰਦੀ ਹੈ।ਆਓ, ਆਪਣੀ ਸੰਸਕ੍ਰਿਤੀ ਮੁਤਾਬਕ ਔਰਤ ਦੇ ਸਤਿਕਾਰ ਨੂੰ ਘੋਖੀਏ ਇਸ ਨਾਲ ਹਵਸ, ਹਿੰਸਾ ਅਤੇ ਦਾਜ ਦਰਿੰਦਗੀ ਨੂੰ ਮੋੜਾ ਪੈਣ ਦੀ ਗੁੰਜਾਇਸ਼ ਜ਼ਰੂਰ ਬਣੇਗੀ।

# ਸੰਪਰਕ : 98781-11445

# ਕੀ ਇਮਾਰਤ ਬਦਲਣ ਨਾਲ ਸ਼ਾਸਕਾਂ ਦੀ ਮਨੋਬਿਰਤੀ ਬਦਲ ਸਕਦੀ

ਮੂਲ : ਅਰੁਣ ਕੁਮਾਰ

ਅਨੁਵਾਦ : ਐੱਮ ਐੱਸ ਭਾਟੀਆ

‘ਸੇਵਾ ਤੀਰਥ’ ਵਿੱਚ ਜਾਣ ਨੂੰ ਬਸਤੀਵਾਦੀ ਮਾਨਸਿਕਤਾ ਦੇ ਬਦਲ ਵਜੋਂ ਪ੍ਰਚਾਰਿਆ ਜਾ ਰਿਹਾ ਹੈ, ਪਰ ਕੀ ਕਦੇ ਇੱਕ ਸ਼ਾਨਦਾਰ ਇਮਾਰਤ ਤੋਂ ਦੂਜੀ ਸ਼ਾਨਦਾਰ ਇਮਾਰਤ ਵਿੱਚ ਜਾਣ ਨਾਲ ਇਹੋ ਜਿਹਾ ਬਦਲਾਅ ਆਇਆ ਹੈ?

ਪ੍ਰਧਾਨ ਮੰਤਰੀ ਦਫ਼ਤਰ (ਪੀ ਐਮ ਓ) ਹੁਣ ਬਸਤੀਵਾਦੀ ਦੌਰ ਦੇ ਸਾਊਥ ਬਲਾਕ ਤੋਂ ਨਵੀਂ ਇਮਾਰਤ ‘ਸੇਵਾ ਤੀਰਥ’ ਵਿੱਚ ਚਲਾ ਗਿਆ ਹੈ। ਕਿਹਾ ਜਾ ਰਿਹਾ ਹੈ ਕਿ ਇਸ ਬਦਲਾਅ ਨਾਲ ਸਰਕਾਰ ਦੀ ਸੋਚ ਵਿੱਚ ਤਬਦੀਲੀ ਆਵੇਗੀ — ਸਾਮਰਾਜੀ ਰਵੱਈਏ ਤੋਂ ਇੱਕ ਨਵੇਂ ਸ਼ਾਸਨ ਮਾਡਲ ਵੱਲ, ਜਿਸ ਵਿੱਚ ਨਾਗਰਿਕ ਫੈਸਲਾ-ਲੈਣ ਦੀ ਪ੍ਰਕਿਰਿਆ ਦੇ ਕੇਂਦਰ ਵਿੱਚ ਹੋਣਗੇ। ਨਵੀਂ ਇਮਾਰਤ ਦਾ ਉਦਘਾਟਨ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਕਿਹਾ-ਇੱਥੇ ਲਏ ਜਾਣ ਵਾਲੇ ਫ਼ੈਸਲੇ 140 ਕਰੋੜ ਨਾਗਰਿਕਾਂ ਦੀਆਂ ਅਭਿਲਾਸ਼ਾਵਾਂ ਨੂੰ ਅੱਗੇ ਵਧਾਉਣ ਦਾ ਅਧਾਰ ਬਨਣਗੇ, ਨਾ ਕਿ ਕਿਸੇ ਰਾਜੇ ਦੀ ਮਰਜ਼ੀ ਦਾ ਪ੍ਰਤੀਬਿੰਬ।

ਕੀ ਸਿਰਫ਼ ਇਮਾਰਤ ਬਦਲਣ ਨਾਲ ਸ਼ਾਸਕਾਂ ਦੀ ਮਨੋਵਿਰਤੀ ਬਦਲ ਸਕਦੀ ਹੈ? ਕੀ ਉਹ ਅਚਾਨਕ 140 ਕਰੋੜ ਭਾਰਤੀਆਂ ਪ੍ਰਤੀ ਜ਼ਿੰਮੇਵਾਰ ਹੋ ਜਾਣਗੇ?

ਜਦੋਂ 2014 ਤੋਂ ਲੈ ਕੇ ਹੁਣ ਤੱਕ ਉਹ ਇਸੇ ਬਸਤੀਵਾਦੀ ਇਮਾਰਤਾਂ ਵਿੱਚੋਂ ਕੰਮ ਕਰਦੇ ਰਹੇ, ਤਾਂ ਕੀ ਉਹ ਲੋਕਾਂ ਪ੍ਰਤੀ ਜ਼ਿੰਮੇਵਾਰ ਨਹੀਂ ਸਨ? ਕੀ ਫਿਰ ਇਹੀ ਕਾਰਨ ਸੀ ਕਿ ਗਲਤ ਢੰਗ ਨਾਲ ਲਾਗੂ ਕੀਤਾ ਗਿਆ ਜੀ ਐੱਸ ਟੀ, ਵਿਨਾਸ਼ਕਾਰੀ ਨੋਟਬੰਦੀ ਅਤੇ ਅਚਾਨਕ ਲਾਕਡਾਊਨ ਵਰਗੇ ਕਦਮ ਚੁੱਕੇ ਗਏ, ਜਿਨ੍ਹਾਂ ਦਾ ਲੋਕਾਂ ਉੱਤੇ ਭਾਰੀ ਅਸਰ ਪਿਆ?

ਫਿਰ ਸਵਾਲ ਉੱਠਦਾ ਹੈ ਕਿ ਭਾਰਤ ਦਾ ਸੰਵਿਧਾਨ ਇਨ੍ਹਾਂ ਹੀ ਬਸਤੀਵਾਦੀ ਇਮਾਰਤਾਂ ਵਿੱਚ ਕਿਵੇਂ ਤਿਆਰ ਕੀਤਾ ਗਿਆ ਅਤੇ ਅਪਣਾਇਆ ਗਿਆ? ਕੀ ਇਹੀ ਮੂਲ ਦਸਤਾਵੇਜ਼ ਨਹੀਂ ਸੀ, ਜਿਸ ਨੇ ਸੱਤਾਧਾਰੀ ਪਾਰਟੀ ਨੂੰ ਸੱਤਾ ਵਿੱਚ ਆਉਣ ਦਾ ਮੌਕਾ ਦਿੱਤਾ? ਹਾਲਾਂਕਿ ਭਾਰਤ ਵਿਕਾਸ ਦੇ ਮਾਮਲੇ ਵਿੱਚ ਕਈ ਦੇਸ਼ਾਂ ਤੋਂ ਪਿੱਛੇ ਰਿਹਾ ਹੈ, ਪਰ ਪਿਛਲੇ 79 ਸਾਲਾਂ ਵਿੱਚ ਕਾਫ਼ੀ ਤਰੱਕੀ ਵੀ ਕੀਤੀ ਹੈ। ਕੀ ਇਹ ਬਸਤੀਵਾਦੀ ਇਮਾਰਤਾਂ ਉਸ ਤਰੱਕੀ ਦੇ ਰਾਹ ਵਿੱਚ ਰੁਕਾਵਟ ਸਨ?

ਕੀ ਇਮਾਰਤਾਂ ਉਨ੍ਹਾਂ ਵਿੱਚ ਕੰਮ ਕਰਨ ਵਾਲਿਆਂ ਦੀ ਸੋਚ ਨਿਰਧਾਰਤ ਕਰਦੀਆਂ ਹਨ? ਕੀ ਇਹ ਬਹੁਤ ਹੀ ਨਿਰਾਧਾਰ ਦਲੀਲ ਨਹੀਂ ਹੈ? ਕੀ ਸ਼ਾਨਦਾਰ ਇਮਾਰਤਾਂ ਵਿੱਚ ਬੈਠਣ ਵਾਲੇ ਲੋਕ ਲੋਕਾਂ ਦੀਆਂ ਜ਼ਰੂਰਤਾਂ ਪ੍ਰਤੀ ਸੰਵੇਦਨਸ਼ੀਲ ਨਹੀਂ ਹੋ ਸਕਦੇ? ਜੇ ਉਹ ਸੰਵੇਦਨਹੀਣ ਹਨ, ਤਾਂ ਕੀ ਇਮਾਰਤ ਦੀ ਵਾਸਤੂਕਲਾ ਉਨ੍ਹਾਂ ਨੂੰ ਬਿਹਤਰ ਬਣਨ ਤੋਂ ਰੋਕਦੀ ਹੈ? ਕਾਰਨ-ਪਰਿਣਾਮ ਦਾ ਰਿਸ਼ਤਾ ਕਿਧਰ ਚੱਲਦਾ ਹੈ? ਕੀ ਇਹ ਸ਼ਾਸਕਾਂ ਦੀਆਂ ਮਹੱਤਵਾਕਾਂਖਾਵਾਂ ਤੋਂ ਇਮਾਰਤਾਂ ਵੱਲ ਜਾਂਦਾ ਹੈ ਜਾਂ ਇਮਾਰਤਾਂ ਤੋਂ ਸ਼ਾਸਕਾਂ ਦੀ ਸੋਚ ਵੱਲ? ਇਸ ਦਾ ਕੀ ਕਾਰਨ ਹੈ?

**ਹੈਰਾਨ ਕਰਨ ਲਈ ਬਣੀਆਂ ਇਮਾਰਤਾਂ**

ਨਿਸਚਤ ਤੌਰ ’ਤੇ ਸਾਮਰਾਜਵਾਦੀਆਂ ਨੇ ਆਪਣੀਆਂ ਵਿਸ਼ਾਲ ਇਮਾਰਤਾਂ ਨਾਲ ਸ਼ਾਸਿਤ ਲੋਕਾਂ ਨੂੰ ਪ੍ਰਭਾਵਤ ਅਤੇ ਹੈਰਾਨ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਦੀ ਜ਼ਿੰਦਗੀ ਦੇ ਢੰਗ ਅਤੇ ਆਮ ਲੋਕਾਂ ਦੇ ਜੀਵਨ ਵਿੱਚ ਤਿੱਖੇ ਫ਼ਰਕ ਨੂੰ ਇੱਕ ਤਰ੍ਹਾਂ ਦੀ ਦਬਦਬੇ ਵਾਲੀ ਰਣਨੀਤੀ ਵਜੋਂ ਵਰਤਿਆ ਗਿਆ। ਪੁਰਾਣੇ ਰਾਜਿਆਂ ਨੇ ਵੀ ਇਹੋ ਕੀਤਾ ਸੀ। ਉਨ੍ਹਾਂ ਦੇ ਬਣਾਏ ਮੰਦਰ, ਮਸਜਿਦ ਅਤੇ ਗਿਰਜਾਘਰ ਉਸ ਵੇਲੇ ਵੀ ਹੈਰਾਨ ਕਰਨ ਵਾਲੇ ਸਨ (ਅਤੇ ਅੱਜ ਵੀ ਹਨ)। ਇਹ ਵੀ ਯੋਜਨਾਬੱਧ ਢੰਗ ਨਾਲ ਕੀਤਾ ਗਿਆ, ਤਾਂ ਜੋ ਲੋਕ ਆਪਣੇ ਦੇਵੀ-ਦੇਵਤਿਆਂ ਅਤੇ ਧਾਰਮਿਕ ਆਗੂਆਂ ਪ੍ਰਤੀ ਅਚੰਭੇ ਅਤੇ ਭੈਅ ਵਿੱਚ ਰਹਿਣ।

ਅੱਜ ਵੀ ਲੋਕ ਇਨ੍ਹਾਂ ਧਾਰਮਿਕ ਢਾਂਚਿਆਂ ਅਤੇ ਪੁਰਾਣੇ ਰਾਜੇ-ਰਾਣੀਆਂ ਦੇ ਮਹਿਲਾਂ ਨੂੰ ਦੇਖਣ ਲਈ ਜਾਂਦੇ ਹਨ। ਬੈਂਕ ਅਤੇ ਕਾਰਪੋਰੇਟ ਘਰਾਣੇ ਵੀ ਆਪਣੇ ਮੁੱਖ ਦਫ਼ਤਰ ਵਿਸ਼ਾਲ ਅਤੇ ਸ਼ਾਨਦਾਰ ਬਣਾਉਂਦੇ ਹਨ। ਤਾਕਤਵਰ ਲੋਕ ਵੱਡੇ ਕਮਰਿਆਂ ਅਤੇ ਵੱਡੀਆਂ ਮੇਜ਼ਾਂ ’ਤੇ ਬੈਠ ਕੇ ਆਪਣਾ ਦਬਦਬਾ ਦਿਖਾਉਂਦੇ ਹਨ। ਸਪੱਸ਼ਟ ਹੈ ਕਿ ਜੋ ਵੀ ਲੋਕਾਂ ਉੱਤੇ ਪ੍ਰਭਾਵ ਪਾਉਣਾ ਅਤੇ ਹਕੂਮਤ ਕਾਇਮ ਕਰਨਾ ਚਾਹੁੰਦਾ ਹੈ, ਉਹ ਵਿਸ਼ਾਲ ਇਮਾਰਤਾਂ ਬਣਾਉਂਦਾ ਹੈ।

ਸੈਲਾਨੀ ਅਜੇ ਵੀ ਇਨ੍ਹਾਂ ਧਾਰਮਿਕ ਇਮਾਰਤਾਂ ਅਤੇ ਸਾਬਕਾ ਰਾਜਿਆਂ ਅਤੇ ਰਾਣੀਆਂ ਦੇ ਮਹਿਲਾਂ ਵਿੱਚ ਇਮਾਰਤਸਾਜ਼ੀ ਦੀ ਪ੍ਰਸੰਸਾ ਕਰਨ ਲਈ ਆਉਂਦੇ ਹਨ। ਬੈਂਕਰ ਅਤੇ ਕਾਰਪੋਰੇਟ ਵੀ ਸ਼ਾਨਦਾਰ ਹੈੱਡਕੁਆਰਟਰ ਬਣਾਉਂਦੇ ਹਨ। ਸ਼ਕਤੀਸ਼ਾਲੀ ਲੋਕ ਆਪਣੇ ਮਹਿਮਾਨਾਂ ਨੂੰ ਆਪਣੀ ਸ਼ਕਤੀ ਦਾ ਪ੍ਰਦਰਸ਼ਨ ਕਰਨ ਲਈ ਵੱਡੇ ਵੱਡੇ ਮੇਜ਼ਾਂ ਵਾਲੇ ਵੱਡੇ-ਵੱਡੇ ਕਮਰਿਆਂ ਵਿੱਚ ਬੈਠਾਉਂਦੇ ਹਨ।

ਇਹ ਕੋਈ ਹੈਰਾਨੀ ਦੀ ਗੱਲ ਨਹੀਂ ਕਿ ਗਾਂਧੀ, ਲੋਕਾਂ ਦਾ ਆਦਮੀ, ਚਾਹੁੰਦਾ ਸੀ ਕਿ ਸੁਤੰਤਰ ਭਾਰਤ ਦੀ ਸਰਕਾਰ ਸਾਧਾਰਨ ਇਮਾਰਤਾਂ ਤੋਂ ਕੰਮ ਕਰੇ ਅਤੇ ਨਵੀਂ ਦਿੱਲੀ ਵਿਚਲੀਆਂ ਸ਼ਾਹੀ ਇਮਾਰਤਾਂ ’ਤੇ ਕਬਜ਼ਾ ਨਾ ਕਰੇ। ਉਹ ਚਾਹੁੰਦਾ ਸੀ ਕਿ ਮੌਜੂਦਾ ਰਾਸ਼ਟਰਪਤੀ ਭਵਨ ਨੂੰ ਇੱਕ ਹਸਪਤਾਲ ਵਿੱਚ ਬਦਲ ਦਿੱਤਾ ਜਾਵੇ। ਇਹ ਕੀਤਾ ਜਾ ਸਕਦਾ ਸੀ, ਜਦੋਂ ਕਿ ਪਹਿਲਾਂ ਵਾਲੇ ਵਾਇਸਰਾਏ ਦੇ ਨਿਵਾਸ ਨੂੰ ਦਿੱਲੀ ਯੂਨੀਵਰਸਿਟੀ ਵਿੱਚ ਬਦਲ ਦਿੱਤਾ ਗਿਆ ਸੀ।

**ਨਵੀਂਆਂ ਇਮਾਰਤਾਂ ਦੀ ਸ਼ਾਨੋ-ਸ਼ੌਕਤ**

ਕੀ ਨਵੇਂ ‘ਭਵਨ’ ਸਧਾਰਨ ਅਤੇ ਲੋਕ-ਪੱਖੀ ਹਨ? ਟੀ ਵੀ ਸਕ੍ਰੀਨਾਂ ’ਤੇ ਦਿਖਾਈਆਂ ਤਸਵੀਰਾਂ ਵਿੱਚ ‘ਸੇਵਾ ਤੀਰਥ’ ਅਤੇ ‘ਕਰਤਵਯ ਭਵਨ’ ਮਹਿਲਾਂ ਤੋਂ ਘੱਟ ਨਹੀਂ ਲੱਗਦੇ। ਫਿਰ ਇਹ ਕਿਵੇਂ ਭਾਰਤ ਦੇ ਗਰੀਬ ਅਤੇ ਵੰਚਿਤ ਲੋਕਾਂ ਦੀਆਂ ਆਸ਼ਾਵਾਂ ਦੀ ਨੁਮਾਇੰਦਗੀ ਕਰਦੇ ਹਨ? ਜੇ ਸ਼ਾਸਕਾਂ ਦੀ ਧਾਰਨਾ ਸਹੀ ਹੈ, ਤਾਂ ਇਨ੍ਹਾਂ ਇਮਾਰਤਾਂ ਵਿੱਚ ਬੈਠਣ ਵਾਲੇ ਵੀ ਉਨ੍ਹਾਂ ਦੀ ਤਰ੍ਹਾਂ ਹੀ ਗੈਰ-ਜ਼ਿੰਮੇਵਾਰ ਹੋਣਗੇ, ਜਿਵੇਂ ਬਸਤੀਵਾਦੀ ਦੌਰ ਦੀਆਂ ਇਮਾਰਤਾਂ ਵਿੱਚ ਸਨ।

ਨਵੀਆਂ ਮਹਿਲਨੁਮਾ ਇਮਾਰਤਾਂ ਬਣਾਉਣ ਦਾ ਫੈਸਲਾ ਕਰਨ ਵਾਲਿਆਂ ਦੀ ਮਨੋਬਿਰਤੀ ਵੀ ਬਸਤੀਵਾਦੀ ਮਾਲਕਾਂ ਵਾਂਗ ਹੀ ਲੱਗਦੀ ਹੈ। ਪਿਛਲੇ ਗਿਆਰਾਂ ਸਾਲਾਂ ਵਿੱਚ ਇਹ ਰੁਝਾਨ ਦਿਖਾਈ ਦਿੱਤਾ ਹੈ। ‘ਭਾਰਤ ਮੰਡਪਮ’ ਵੀ ਇੱਕ ਸ਼ਾਨਦਾਰ ਢਾਂਚਾ ਹੈ, ਜਿੱਥੇ ਆਮ ਲੋਕ ਆਸਾਨੀ ਨਾਲ ਨਹੀਂ ਜਾ ਸਕਦੇ। ਇਸ ਨੇ ਪ੍ਰਸਿੱਧ ‘ਹਾਲ ਆਫ਼ ਨੇਸ਼ਨਜ਼’ ਦੀ ਥਾਂ ਲਈ, ਜਿੱਥੇ ਹਰ ਸਾਲ ਮੇਲੇ ਲੱਗਦੇ ਸਨ ਅਤੇ ਜਿਸ ਦਾ ਪ੍ਰਤੀਕਾਤਮਕ ਮਹੱਤਵ ਸੀ, ਜੋ ਹੁਣ ਗੁਆਚ ਗਿਆ ਹੈ।

2023 ਦੇ ਜੀ-20 ਸੰਮੇਲਨ ਲਈ ਨਵੀਂ ਦਿੱਲੀ ਨੂੰ ਵਿਸ਼ਾਲ ਪੱਧਰ ’ਤੇ ਸਜਾਇਆ ਗਿਆ। ਸੰਭਵ ਹੈ ਕਿ ਇਹ ਸ਼ਾਸਕਾਂ ਦੇ ਹੀਣ-ਭਾਵ ਦਾ ਨਤੀਜਾ ਸੀ, ਕਿਉਂਕਿ ਭਾਰਤ ਜੀ 20 ਦੇਸ਼ਾਂ ਵਿੱਚ ਸਭ ਤੋਂ ਗਰੀਬ ਹੈ, ਇਸ ਲਈ ਉਹ ਦਿਖਾਉਣਾ ਚਾਹੁੰਦੇ ਸਨ ਕਿ ਭਾਰਤ ਵੀ ਅਮੀਰ ਦੇਸ਼ਾਂ ਦੀ ਤਰ੍ਹਾਂ ਸ਼ਾਨ-ਸ਼ੌਕਤ ਦਿਖਾ ਸਕਦਾ ਹੈ।

**ਦਿੱਲੀ ਵਿੱਚ ਜੀਵਨ ਦੀ ਹਕੀਕਤ**

ਕੀ ਭਾਰਤੀ ਸਭਿਆਚਾਰਕ ਜੀਵਨ ਜੀ ਰਹੇ ਹਨ? ਕੀ ਉਨ੍ਹਾਂ ਨੂੰ ਚੰਗੀ ਸਿੱਖਿਆ, ਸਿਹਤ ਸੇਵਾਵਾਂ, ਸਾਫ਼ ਪੀਣ ਵਾਲਾ ਪਾਣੀ, ਸਫ਼ਾਈ, ਢੰਗ ਦੇ ਰਸਤੇ, ਆਵਾਜਾਈ ਅਤੇ ਸੰਚਾਰ ਦੀਆਂ ਸਹੂਲਤਾਂ ਖ਼ਾਸ ਕਰਕੇ ਪਿੰਡਾਂ ਵਿੱਚ ਉਪਲੱਬਧ ਹਨ? ਲੋਕ-ਪੱਖੀ ਸਰਕਾਰ ਦੀ ਪ੍ਰਾਥਮਿਕਤਾ ਕੀ ਹੋਣੀ ਚਾਹੀਦੀ ਹੈ? ਕੀ ਹਜ਼ਾਰਾਂ ਕਰੋੜ ਰੁਪਏ ਜੋ ਇਨ੍ਹਾਂ ਵਿਸ਼ਾਲ ਪ੍ਰੋਜੈਕਟਾਂ ’ਤੇ ਖਰਚੇ ਗਏ, ਉਹ ਲੋਕਾਂ ਨੂੰ ਇੱਜ਼ਤਦਾਰ ਅਤੇ ਮਨੁੱਖੀ ਜੀਵਨ ਦੀਆਂ ਸਹੂਲਤਾਂ ਦੇਣ ’ਤੇ ਨਹੀਂ ਲਗਾਏ ਜਾ ਸਕਦੇ ਸਨ ਅਤੇ ਨਾਲ ਹੀ ਜੀ-20 ਸਮਾਰੋਹ ਵੀ ਇੱਜ਼ਤ ਨਾਲ ਕਰਵਾਇਆ ਜਾ ਸਕਦਾ ਸੀ?

ਅਜੋਕੇ ਸ਼ਾਸਕ ਪੁਰਾਣੇ ਰਾਜਿਆਂ ਅਤੇ ਸਾਮਰਾਜਵਾਦੀਆਂ ਵਾਂਗ ਲੱਗਦਾ ਹੈ ਕਿ ਭਵਿੱਖ ਲਈ ਆਪਣੀ ਛਾਪ ਛੱਡਣਾ ਚਾਹੁੰਦੇ ਹਨ। ਉਹ ਚਾਹੁੰਦੇ ਹਨ ਕਿ ਉਨ੍ਹਾਂ ਨੂੰ ਨਵੀਆਂ ਮਹਿਲਨੁਮਾ ਇਮਾਰਤਾਂ ਲਈ ਯਾਦ ਰੱਖਿਆ ਜਾਵੇ, ਨਾ ਕਿ ਲੋਕਾਂ ਦੀਆਂ ਆਸ਼ਾਵਾਂ ਲਈ, ਜਿਨ੍ਹਾਂ ਨੂੰ ਅਣਮਨੁੱਖੀ ਹਾਲਤਾਂ ਵਿੱਚ ਜਿਊਣਾ ਪੈਂਦਾ ਹੈ। ਵਿਸ਼ਾਲ ਅਤੇ ਸ਼ਾਨਦਾਰ ਇਮਾਰਤਾਂ, ਜਿੱਥੇ ਕਾਰਪੋਰੇਟ-ਕੇਂਦਰਤ ਅਤੇ ਕੁਲੀਨ ਵਰਗ ਲਈ ਨੀਤੀਆਂ ਬਣਦੀਆਂ ਹਨ, ਸ਼ਾਸਕਾਂ ਦੀ ਮਨੋਬਿਰਤੀ ਵਿੱਚ ਬਦਲਾਅ ਦੀ ਨੁਮਾਇੰਦਗੀ ਨਹੀਂ ਕਰ ਸਕਦੀਆਂ।

ਭਵਿੱਖ ਦੀਆਂ ਪੀੜ੍ਹੀਆਂ ਸ਼ਾਇਦ ਅੱਜ ਦੇ ਸ਼ਾਸਕਾਂ ’ਤੇ ਉਹੀ ਦੋਸ਼ ਲਗਾਉਣ, ਜੋ ਉਹ ਸਾਮਰਾਜਵਾਦੀਆਂ ’ਤੇ ਲਗਾਉਂਦੀਆਂ ਹਨ। ਇਮਾਰਤਾਂ ਸਿਰਫ਼ ਸ਼ਾਸਕਾਂ ਦੀ ਮਹਿਮਾ ਵਧਾਉਣ ਲਈ ਬਦਲੀਆਂ ਜਾ ਰਹੀਆਂ ਹਨ, ਲੋਕਾਂ ਨਾਲ ਇਸ ਦਾ ਘੱਟ ਸਬੰਧ ਹੈ। ਕੀ ਇਹ ਵਧੀਆ ਰਣਨੀਤੀ ਨਹੀਂ ਹੁੰਦੀ ਕਿ ਕਿਸੇ ਵੀ ਇਮਾਰਤ ਵਿੱਚੋਂ ਕੰਮ ਕਰਦੇ ਹੋਏ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦਿੱਤੀ ਜਾਵੇ, ਤਾਂ ਜੋ ਇਤਿਹਾਸ ਉਨ੍ਹਾਂ ਨੂੰ ਵਾਸਤਵ ਵਿੱਚ ਬਦਲਾਅ ਲਿਆਉਣ ਵਾਲੇ ਸ਼ਾਸਕਾਂ ਵਜੋਂ ਯਾਦ ਰੱਖੇ?

*(ਅਰੁਣ ਕੁਮਾਰ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਦੇ ਅਰਥ ਸ਼ਾਸਤਰ ਵਿਭਾਗ ਦੇ ਸੇਵਾਮੁਕਤ ਪ੍ਰੋਫੈਸਰ ਹਨ ਅਤੇ ਕਈ ਕਿਤਾਬਾਂ ਦੇ ਲੇਖਕ ਹਨ, ਜਿਨ੍ਹਾਂ ਵਿੱਚ ਇੰਡੀਅਨ ਇਕਾਨਮੀਜ਼ ਗ੍ਰੇਟੈਸਟ ਕ੍ਰਾਈਸਿਸ: ਇੰਪੈਕਟ ਆਫ਼ ਦ ਕੋਰੋਨਾ ਵਾਇਰਸ ਐਂਡ ਦ ਰੋਡ ਅਹੈੱਡ-ਪੈਂਗੁਇਨ, 2020, ਸ਼ਾਮਲ ਹਨ।)*

# ਮੇਰਾ ਸੱਥਾਂ 'ਚ ਗੱਲ ਕਰਨ ਦਾ ਅੰਦਾਜ਼ ਜਾਰੀ ਰਹੇਗਾ : ਭਗਵੰਤ ਮਾਨ

**■ ਸਾਨੂੰ ਕਰਜ਼ੇ ਹੇਠ ਦੱਬਿਆ ਪੰਜਾਬ ਮਿਲਿਆ, ਪਰ ਅਸੀਂ 35 ਪ੍ਰਤੀਸ਼ਤ ਕਰਜ਼ਾ ਮੋੜਿਆ**



**ਧੂਰੀ (ਮਨੋਹਰ ਸਿੰਘ ਸੱਗੂ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਹਲਕਾ ਧੂਰੀ ਦੇ ਪਿੰਡ ਭੁੱਲਰਹੇੜੀ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪਿੰਡ ਦੀ ਸੱਥ 'ਚ ਜੁੜੇ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਕਾਲੀਆਂ ਦੇ ਰਾਜ ਭਾਗ 'ਚ ਚਿੱਟਾ ਆਇਆ ਤੇ ਕਾਂਗਰਸ ਦੇ ਰਾਜ ਵਿੱਚ ਇਹ ਹੋਰ ਪ੍ਰਫੁੱਲਤ ਹੋਇਆ।ਭਗਵੰਤ ਮਾਨ ਨੇ ਕਿਹਾ ਕਿ ਮੇਰਾ ਸੱਥਾਂ 'ਚ ਗੱਲ ਕਰਨ ਦਾ ਅੰਦਾਜ਼ ਜਾਰੀ ਰਹੇਗਾ, ਕਿਉਂਕਿ ਮੈਂ ਲੋਕਾਂ 'ਚੋਂ ਉੱਠਿਆ ਹਾਂ ਤੇ ਲੋਕਾਂ 'ਚ ਰਹਿਣਾ ਮੇਰਾ ਫਰਜ਼ ਹੈ ਤੇ ਲੋਕਾਂ ਵੱਲੋਂ ਬਖਸ਼ਿਆ ਅਹੁਦਾ ਲੋਕਾਂ ਲਈ ਹੀ ਵਰਤਾਂਗਾ, ਲੋਕਾਂ ਉੱਪਰ ਨਹੀਂ ਵਰਤਾਂਗਾ।

ਉਨ੍ਹਾਂ ਕਿਹਾ ਕਿ ਟੈਂਟ ਲਗਾ ਕੇ ਕੀਤੇ ਜਾਣ ਵਾਲੇ ਪ੍ਰੋਗਰਾਮ ਸਰਕਾਰੀ ਮਹਿਸੂਸ ਹੁੰਦੇ ਹਨ, ਜਿੱਥੇ ਆਮ ਲੋਕਾਂ ਨੂੰ ਸਿੱਧੇ ਤੌਰ 'ਤੇ ਆਪਣੀ ਗੱਲ ਕਰਨੀ ਮੁਸ਼ਕਲ ਹੁੰਦੀ ਹੈ।ਭਗਵੰਤ ਮਾਨ ਨੇ ਪੰਜਾਬ 'ਚ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ ਬਾਰੇ ਕਿਹਾ ਕਿ ਜੇਕਰ ਲੋਕ ਦਿਲੋਂ ਪੁਲਸ ਪ੍ਰਸ਼ਾਸਨ ਨੂੰ ਸਹਿਯੋਗ ਦੇਣ ਤਾਂ ਬਹੁਤ ਛੇਤੀ ਪੰਜਾਬ ਦੇ ਮੱਥੇ ਤੋਂ ਇਹ ਦਾਗ ਲੱਥ ਸਕਦਾ ਹੈ।ਉਨ੍ਹਾਂ ਆਪਣੀ ਸਰਕਾਰ ਦੀ ਚਾਰ ਸਾਲਾਂ ਦੀ ਕਾਰਗੁਜ਼ਾਰੀ ਦੌਰਾਨ ਪੰਜਾਬ ਦੀ ਆਰਥਿਕਤਾ 'ਚ ਆਏ ਸੁਧਾਰ ਬਾਰੇ ਕਿਹਾ ਕਿ ਸਾਨੂੰ ਕਰਜ਼ੇ ਦੇ ਭਾਰ ਹੇਠ ਦੱਬਿਆ ਪੰਜਾਬ ਮਿਲਿਆ ਸੀ, ਪਰ ਅਸੀਂ 35 ਪ੍ਰਤੀਸ਼ਤ ਕਰਜ਼ਾ ਮੋੜਿਆ ਹੈ ਤੇ ਬਿਜਲੀ ਬੋਰਡ ਪੈਰਾਂ ਸਿਰ ਹੋਇਆ ਹੈ, ਜਿਸ ਦੀ ਬਦੌਲਤ ਬਿਜਲੀ ਬੋਰਡ ਹਰ ਖੇਤਰ ਨੂੰ ਪ੍ਰਤੀ ਯੂਨਿਟ ਬਿਜਲੀ ਸਸਤੀ ਦੇਣ ਦੇ ਸਮਰੱਥ ਹੋਇਆ ਤੇ ਇਹ ਪੰਜਾਬ ਦੀ ਤਰੱਕੀ ਦੀ ਤਸਵੀਰ ਹੈ।

ਉਨ੍ਹਾਂ ਕਿਹਾ ਕਿ 43 ਹਜ਼ਾਰ ਕਿਲੋਮੀਟਰ ਸੜਕਾਂ ਬਣਾਈਆਂ ਜਾ ਰਹੀਆਂ ਹਨ, ਲੋਕਾਂ ਦਾ 10 ਲੱਖ ਰੁਪਏ ਦਾ ਬੀਮਾ ਕੀਤਾ ਜਾ ਰਿਹਾ ਹੈ ਤੇ ਆਗਾਮੀ ਬੱਜਟ ਵਿੱਚ ਲੋਕ ਭਲਾਈ ਦੇ ਹੋਰ ਐਲਾਨ ਕੀਤੇ ਜਾਣਗੇ।ਭਗਵੰਤ ਮਾਨ ਨੇ ਕਿਹਾ ਕਿ ਆਪ ਸਰਕਾਰ ਨੇ ਸਿੱਖਿਆ ਤੇ ਸਿਹਤ ਸੇਵਾਵਾਂ 'ਚ ਸੁਧਾਰ ਲਿਆ ਕੇ ਜਿੱਥੇ ਸਕੂਲਾਂ ਦੀਆਂ ਆਧੁਨਿਕ ਇਮਾਰਤਾਂ ਉਸਾਰੀਆਂ, ਉੱਥੇ ਹਜ਼ਾਰਾਂ ਆਮ ਆਦਮੀ ਕਲੀਨਿਕ ਖੋਲ੍ਹ ਕੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦਾ ਕੰਮ ਕੀਤਾ।

ਉਨ੍ਹਾਂ ਕੇਂਦਰੀ ਗ੍ਰਹਿ ਮੰਤਰੀ ਵੱਲੋਂ ਪੰਜਾਬ ਅੰਦਰ ਹੋ ਰਹੇ ਧਰਮ ਪਰਿਵਰਤਨ ਬਾਰੇ ਆਖੇ ਜਾਣ ਬਾਰੇ ਕਿਹਾ ਕਿ ਧਰਮ ਦੇ ਨਾਂ 'ਤੇ ਸਭ ਤੋਂ ਵੱਧ ਵੋਟਾਂ ਭਾਜਪਾ ਲੈਂਦੀ ਹੈ ਤੇ ਅਜਿਹੀਆਂ ਗੱਲਾਂ ਕੇਂਦਰ ਕਥਿਤ ਤੌਰ 'ਤੇ ਦਲਿਤ ਵੋਟਾਂ ਲੈਣ ਦੀ ਨੀਯਤ ਨਾਲ ਆਖ ਰਿਹਾ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਚਾਹੀਦਾ ਹੈ ਕਿ ਦੇਸ਼ ਦਾ ਢਿੱਡ ਭਰਨ ਤੇ ਸਰਹੱਦਾਂ 'ਤੇ ਦੇਸ਼ ਦੀ ਰਾਖੀ ਕਰਨ 'ਚ ਅਹਿਮ ਰੋਲ ਨਿਭਾਉਣ ਵਾਲੇ ਪੰਜਾਬ ਦੀ ਖੁੱਲ੍ਹੇ ਦਿਲ ਨਾਲ ਮਦਦ ਕੀਤੀ ਜਾਵੇ।ਇਸ ਮੌਕੇ ਉਨ੍ਹਾਂ ਪਿੰਡ ਭੁੱਲਰਹੇੜੀ ਨੂੰ 52.99 ਲੱਖ, ਭੋਜੋਵਾਲੀ ਨੂੰ 52.56 ਲੱਖ, ਪਲਾਸੌਰ ਨੂੰ 44.06 ਲੱਖ, ਕੌਲਸੇੜੀ ਨੂੰ 61.96 ਲੱਖ, ਧੂਰਾ ਨੂੰ 69.76 ਲੱਖ, ਭੱਦਲਵਢ ਨੂੰ 17.25 ਲੱਖ, ਰਾਜੋਮਾਜਰਾ ਨੂੰ 53.01 ਲੱਖ, ਬਨਭੌਰੀ ਨੂੰ 60.57 ਲੱਖ, ਬਰੜਵਾਲ ਨੂੰ 25 ਲੱਖ ਤੇ ਭਸੌੜ ਨੂੰ 76.77 ਲੱਖ ਰੁਪਏ ਦੀ ਗ੍ਰਾਂਟ ਦੇ ਚੈੱਕ ਭੇਟ ਕੀਤੇ।ਇਸ ਮੌਕੇ ਪੰਜਾਬ ਫੂਡ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਜੱਸੀ ਸੇਖੋਂ, ਪੰਜਾਬ ਗਊਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ: ਅਨਵਰ ਭਸੌੜ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰਛਪਾਲ ਸਿੰਘ ਭੁੱਲਰਹੇੜੀ, ਟਰੱਕ ਯੂਨੀਅਨ ਦੇ ਗਗਨਦੀਪ ਸਿੰਘ ਜਵੰਧਾ ਤੇ ਪਿੰਡ ਦੀ ਸਰਪੰਚ ਸ੍ਰੀਮਤੀ ਜਸਵੀਰ ਸਿੰਘ ਤੇ ਆਪ ਆਗੂ ਕਰਮਜੀਤ ਸਿੰਘ ਪੰਮੀ ਆਦਿ ਮੌਜੂਦ ਸਨ।

# ਗੁਰਦੁਆਰਾ ਕਮੇਟੀ ਨੂੰ ਲੈ ਕੇ ਦੋ ਧਿਰਾਂ 'ਚ ਖੂਨੀ ਟਕਰਾਅ, ਫਾਇਰਿੰਗ 'ਚ 4 ਜ਼ਖ਼ਮੀ

**ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਸ਼ਮਿੰਦਰ ਪਾਲ/ਪੂਜਾ/ਜਸਵੰਤ ਗਿੱਲ)**



ਪਿੰਡ ਭੂੰਦੜ ਦੇ ਗੁਰਦੁਆਰਾ ਸਾਹਿਬ ਵਿਖੇ ਉਸ ਵੇਲੇ ਮਾਹੌਲ ਤਣਾਅਪੂਰਨ ਹੋ ਗਿਆ, ਜਦੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਲੈ ਕੇ ਦੋ ਧਿਰਾਂ ਵਿਚਕਾਰ ਖੂਨੀ ਟਕਰਾਅ ਹੋ ਗਿਆ।ਮੌਕੇ 'ਤੇ ਮੌਜੂਦ ਲੋਕਾਂ ਮੁਤਾਬਕ ਗੁਰੂਘਰ ਦੀ ਸੇਵਾ-ਸੰਭਾਲ ਨੂੰ ਲੈ ਕੇ ਇਹ ਵਿਵਾਦ ਕਾਫੀ ਸਮੇਂ ਤੋਂ ਚੱਲ ਰਿਹਾ ਸੀ।ਪ੍ਰਾਪਤ ਜਾਣਕਾਰੀ ਅਨੁਸਾਰ ਗੁਰਦੁਆਰਾ ਸਾਹਿਬ ਦੀ ਕਮੇਟੀ ਪਹਿਲਾਂ ਮਹਿੰਦਰ ਸਿੰਘ ਦੀ ਅਗਵਾਈ ਹੇਠ ਕੰਮ ਕਰ ਰਹੀ ਸੀ।ਇਸ ਦੌਰਾਨ ਪਿੰਡ ਦੇ ਕੁਝ ਹੋਰ ਵਿਅਕਤੀ ਗੁਰੂਘਰ ਦੀ ਸੇਵਾ-ਸੰਭਾਲ ਆਪਣੇ ਹੱਥਾਂ ਵਿੱਚ ਲੈਣਾ ਚਾਹੁੰਦੇ ਸਨ।ਦੱਸਿਆ ਜਾਂਦਾ ਹੈ ਕਿ ਅੱਜ ਇਹ ਧਿਰ ਸਰਪੰਚ ਅਮਨਦੀਪ ਸਿੰਘ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਗਈ।ਮੌਕੇ 'ਤੇ ਪਹੁੰਚਣ ਤੋਂ ਬਾਅਦ ਗੁਰਦੁਆਰਾ ਸਾਹਿਬ ਵਿੱਚ ਲੱਗੇ ਕੈਮਰੇ ਉਤਾਰ ਦਿੱਤੇ ਗਏ, ਜਿਸ ਤੋਂ ਬਾਅਦ ਦੋਨਾਂ ਧਿਰਾਂ ਵਿਚਕਾਰ ਤਣਾਅ ਵਧ ਗਿਆ।ਦੋਨਾਂ ਧਿਰਾਂ ਵਿਚਕਾਰ ਬਹਿਸ ਬਾਅਦ ਮਾਮਲਾ ਹੱਥੋਪਾਈ ਤੇ ਫਿਰ ਫਾਇਰਿੰਗ ਤੱਕ ਪਹੁੰਚ ਗਿਆ।ਦੱਸਿਆ ਜਾ ਰਿਹਾ ਹੈ ਕਿ ਇਸ ਦੌਰਾਨ ਸਾਬਕਾ ਸਰਪੰਚ ਸੁਖਦੇਵ ਸਿੰਘ ਤੇ ਉਨ੍ਹਾਂ ਦੇ ਸਾਥੀਆਂ 'ਤੇ ਗੋਲੀਆਂ ਚਲਾਈਆਂ ਗਈਆਂ।ਟਕਰਾਅ ਦੌਰਾਨ ਤਿੰਨ ਗੱਡੀਆਂ ਦੀ ਵੀ ਭੰਨਤੋੜ ਹੋਣ ਦੀ ਜਾਣਕਾਰੀ ਮਿਲੀ ਹੈ।ਉਧਰ ਮੌਕੇ 'ਤੇ ਪਹੁੰਚੇ ਥਾਣਾ ਕੋਟਭਾਈ ਦੇ ਐੱਸ.ਐੱਚ.ਓ. ਦੀਪਕ ਕੰਬੋਜ ਨੇ ਹਾਲਾਤ ਦਾ ਜਾਇਜ਼ਾ ਲਿਆ।ਉਨ੍ਹਾਂ ਦੱਸਿਆ ਕਿ ਗੁਰਦੁਆਰਾ ਸਾਹਿਬ ਦੀ ਗੋਲਕ ਖੋਲ੍ਹਣ ਨੂੰ ਲੈ ਕੇ ਦੋਨਾਂ ਧਿਰਾਂ ਵਿਚਕਾਰ ਵਿਵਾਦ ਹੋ ਗਿਆ ਸੀ।ਇਕ ਧਿਰ ਦੀ ਅਗਵਾਈ ਮਹਿੰਦਰ ਸਿੰਘ ਕਰ ਰਹੇ ਸਨ, ਜਦਕਿ ਦੂਜੀ ਧਿਰ ਦੀ ਅਗਵਾਈ ਸਰਪੰਚ ਅਮਨਦੀਪ ਸਿੰਘ ਕਰ ਰਹੇ ਸਨ।ਐੱਸ.ਐੱਚ.ਓ. ਨੇ ਦੱਸਿਆ ਕਿ ਫਾਇਰਿੰਗ ਦੌਰਾਨ ਸੁਖਦੇਵ ਸਿੰਘ ਪੁੱਤਰ ਬੋਹੜ, ਬਲਵਿੰਦਰ ਸਿੰਘ ਪੁੱਤਰ ਸਲਵਿੰਦਰ ਸਿੰਘ, ਮਹਿੰਦਰ ਸਿੰਘ ਪੁੱਤਰ ਅੰਗਰੇਜ਼ ਸਿੰਘ ਦੇ ਗੋਲੀ ਦੇ ਛਰੇ ਲੱਗੇ, ਜਦਕਿ ਦੂਜੇ ਵਿਅਕਤੀ ਦੇ ਤੇਜ਼ਧਾਰ ਹਥਿਆਰ ਨਾਲ ਵਾਰ ਕੀਤੇ ਹਨ, ਜਿਨ੍ਹਾਂ ਦਾ ਇਲਾਜ ਹਸਪਤਾਲ ਵਿੱਚ ਚੱਲ ਰਿਹਾ ਹੈ।ਪੁਲਸ ਵੱਲੋਂ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਤੇ ਹਾਲਾਤ 'ਤੇ ਨਜ਼ਰ ਰੱਖੀ ਜਾ ਰਹੀ ਹੈ।

# ਟਿੱਬੀ ਕਲਾਂ 'ਚ ਵਿਧਾਇਕ ਦਹੀਆ ਨੇ ਵਿਕਾਸ ਕਾਰਜਾਂ ਰੱਖੇ ਨੀਂਹ ਪੱਥਰ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪਿੰਡਾਂ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ ਤੇ ਇਸੇ ਕੜੀ ਤਹਿਤ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਵੱਲੋਂ 5 ਮਾਰਚ ਨੂੰ ਪਿੰਡ ਟਿੱਬੀ ਕਲਾਂ ਵਿਖੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ ਗਏ। ਇਸ ਮੌਕੇ ਪਿੰਡ ਦੇ ਸਰਪੰਚ ਜਗਜੀਤ ਸਿੰਘ (ਜੀਤਾ ਟਿੱਬੀ) ਵੱਲੋਂ ਵਿਸ਼ੇਸ਼ ਤੌਰ 'ਤੇ ਕਰਵਾਏ ਜਾਂ ਰਹੇ ਪ੍ਰਭਾਵਸ਼ਾਲੀ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਹਾਜ਼ਰ ਪਤਵੰਤਿਆਂ ਨੇ ਸ਼੍ਰੀ ਦਹੀਆ ਦੇ ਪਿੰਡ ਪਹੁੰਚਣ 'ਤੇ ਹਾਰ ਪਾ ਕੇ ਸਵਾਗਤ ਕੀਤਾ। ਇਸ ਮੌਕੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਸ੍ਰੀ ਦਹੀਆ ਨੇ ਕਿਹਾ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ।ਉਨ੍ਹਾ ਕਿਹਾ ਕਿ ਪਿੰਡਾਂ ਦੇ ਵਿਕਾਸ ਕਾਰਜਾਂ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ ਤੇ ਇਸ ਗੱਲ ਨੂੰ ਵੀ ਯਕੀਨੀ ਬਣਾਇਆ ਜਾਵੇਗਾ ਕਿ ਪਿੰਡਾਂ ਨੂੰ ਵਿਕਾਸ ਕਾਰਜਾਂ ਵਾਸਤੇ ਜਾਰੀ ਕੀਤੀ ਰਾਸ਼ੀ ਦਾ ਸਹੀ ਇਸਤੇਮਾਲ ਕੀਤਾ ਜਾਵੇ।

ਉਨ੍ਹਾ ਕਿਹਾ ਕਿ ਅੱਜ ਸਭ ਤੋਂ ਪਹਿਲਾਂ ਕਰੀਬ 2 ਕਰੋੜ 30 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਟਿੱਬੀ ਕਲਾਂ ਤੋਂ ਲੱਖਾ ਹਾਜੀ ਨੂੰ ਜਾਣ ਵਾਲੀ ਸੜਕ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ ਗਿਆ ਹੈ ਤੇ ਇਸ ਤਰ੍ਹਾਂ ਕਰੀਬ 15 ਲੱਖ ਦੀ ਲਾਗਤ ਨਾਲ ਬਣਨ ਵਾਲੀ ਪਿੰਡ ਤੋਂ ਗੁਰਦੁਆਰਾ ਸਾਹਿਬ ਨੂੰ ਜਾਣ ਵਾਲੀ ਸੜਕ ਦਾ ਨੀਂਹ ਪੱਥਰ, ਸ਼ਮਸ਼ਾਨ ਘਾਟ ਵਾਸਤੇ 14 ਲੱਖ ਤੇ ਪਿੰਡ ਵਿੱਚ 44 ਲੱਖ ਰੁਪਏ ਨਾਲ ਬਣਨ ਵਾਲੇ ਖੇਡ ਦੇ ਮੈਦਾਨ ਦਾ ਨੀਂਹ ਪੱਥਰ ਰੱਖੇ ਜਾ ਰਹੇ ਹਨ। ਉਨ੍ਹਾ ਕਿਹਾ ਕਿ ਅੱਜ ਇਸ ਪਿੰਡ ਟਿੱਬੀ ਕਲਾਂ ਵਿਖੇ ਕਰੀਬ 3 ਕਰੋੜ ਦੀ ਲਾਗਤ ਨਾਲ ਕਰਵਾਏ ਜਾਂ ਰਹੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ ਜਾਂ ਰਹੇ ਹਨ। ਇਸ ਮੌਕੇ ਉਨ੍ਹਾ ਪਿੰਡ ਦੇ ਸਰਪੰਚ ਜਗਜੀਤ ਸਿੰਘ ਜੀਤੇ ਵੱਲੋਂ ਪਿੰਡ ਵਿੱਚ ਕਰਵਾਏ ਵਿਕਾਸ ਕਾਰਜਾਂ ਦੀ ਖ਼ੂਬ ਪ੍ਰਸ਼ੰਸਾ ਕੀਤੀ। ਇਸ ਮੌਕੇ ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਦਿਲ ਸ਼ੇਰ ਸਿੰਘ ਜੋਧਪੁਰ, ਮੈਂਬਰ ਪੰਚਾਇਤ ਨਸੀਬ ਸਿੰਘ, ਪਰਮਜੀਤ ਸਿੰਘ, ਸੁਖਦੇਵ ਸਿੰਘ, ਪੂਰਨ ਸਿੰਘ, ਮੇਜਰ ਸਿੰਘ ਮੈਂਬਰ ਪੰਚਾਇਤ, ਸ਼੍ਰੀਮਤੀ ਨੀਤਾ ਤੇ ਮੈਂਬਰ ਪੰਚਾਇਤ ਸ਼੍ਰੀਮਤੀ ਅਮਨਦੀਪ ਕੌਰ, ਸੀਨੀਅਰ ਆਗੂ ਮੋਹਰ ਸਿੰਘ ਸਿੱਧੂ, ਐਮ ਐੱਲ ਏ ਦੇ ਨਿੱਜੀ ਸਕੱਤਰ ਰੋਬੀ ਸੰਧੂ ਤੇ ਡਾਕਟਰ ਪਵਨ ਕੁਮਾਰ ਸਮੇਤ ਵੱਡੀ ਗਿਣਤੀ 'ਚ ਪਿੰਡ ਵਾਸੀ, ਪਾਰਟੀ ਵਰਕਰ ਤੇ ਅਹੁਦੇਦਾਰ ਹਾਜ਼ਰ ਸਨ।

# ਭੁੱਲਰ ਪਰਵਾਰ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਚਟਾਨ ਵਾਂਗ ਖੜਾ ਰਿਹੈ : ਸੁਖਬੀਰ ਬਾਦਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਭੁੱਲਰ ਪਰਵਾਰ ਸ਼੍ਰੋਮਣੀ ਅਕਾਲੀ ਦਲ ਦਾ ਉਹ ਟਕਸਾਲੀ ਪਰਵਾਰ ਹੈ, ਜੋ ਪਾਰਟੀ ਦੀ ਮਜ਼ਬੂਤੀ ਲਈ ਹਮੇਸ਼ਾ ਚਟਾਨ ਵਾਂਗ ਖੜਾ ਰਿਹਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪਿੰਡ ਤਲਵੰਡੀ ਭੰਗੇਰੀਆਂ ਵਿਖੇ ਨਿਹਾਲ ਸਿੰਘ ਭੁੱਲਰ, ਦਿਆ ਸਿੰਘ ਭੁੱਲਰ, ਹਰਦਿਆਲ ਸਿੰਘ ਭੁੱਲਰ ਦੇ ਸਮੂਹ ਪਰਵਾਰ ਵੱਲੋਂ ਰਖਾਏ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ ਉਪਰੰਤ ਸੰਗਤਾਂ ਦੇ ਸਨਮੁਖ ਹੁੰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਭੁੱਲਰ ਪਰਿਵਾਰ ਨੇ ਪਹਿਲਾਂ ਇੱਥੇ ਤੇ ਹੁਣ ਵਿਦੇਸ਼ਾਂ ਵਿੱਚ ਜਾ ਕੇ ਵੀ ਆਪਣੇ ਮਿਹਨਤ ਤੇ ਇਮਾਨਦਾਰੀ ਦੀ ਕਿਰਤ ਕਮਾਈ ਨਾਲ ਤਰੱਕੀ ਦੀਆਂ ਬੁਲੰਦੀਆਂ ਸਰ ਕੀਤੀਆਂ ਹਨ।ਇਹੀ ਕਾਰਨ ਹੈ ਕਿ ਅੱਜ ਭੁੱਲਰ ਪਰਵਾਰ ਨਾਲ ਮੋਗਾ ਦੇ ਹੀ ਨਹੀਂ, ਬਲਕਿ ਲਾਗਲੇ ਜ਼ਿਲ੍ਹਿਆਂ ਤੋਂ ਵੀ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਦੇ ਪਿਤਾ ਸ੍. ਭਾਗ ਸਿੰਘ ਭੁੱਲਰ ਦੀ ਮਰਹੂਮ ਸ੍. ਪ੍ਰਕਾਸ਼ ਸਿੰਘ ਬਾਦਲ ਨਾਲ ਬਹੁਤ ਨੇੜਤਾ ਸੀ, ਉਸੇ 'ਤੇ ਪਹਿਰਾ ਦਿੰਦੇ ਹੋਏ ਅੱਜ ਵੀ ਇਹ ਪਰਵਾਰ ਅਕਾਲੀ ਦਲ ਨਾਲ ਚਟਾਨ ਵਾਂਗ ਖੜ੍ਹਾ ਹੈ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਸਰਦਾਰ ਤੀਰਥ ਸਿੰਘ ਮਾਹਲਾ, ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਰਣਵਿੰਦਰ ਸਿੰਘ ਪੱਪੂ ਰਾਮੂੰਵਾਲਾ, ਮੋਗਾ ਹਲਕਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ, ਸ਼ਹਿਰੀ ਪ੍ਰਧਾਨ ਖਣਮੁਖ ਭਾਰਤੀ ਪੱਤੋ, ਸੀਨੀਅਰ ਅਕਾਲੀ ਆਗੂ ਰਜਿੰਦਰ ਸਿੰਘ ਡੱਲਾ, ਹਲਕਾ ਨਿਹਾਲ ਸਿੰਘ ਵਾਲਾ ਦੇ ਇੰਚਾਰਜ ਰਾਜਵਿੰਦਰ ਸਿੰਘ ਧਰਮਕੋਟ, ਜਰਨੈਲ ਸਿੰਘ ਦੁੱਨੇਕੇ, ਭਾਜਪਾ ਆਗੂ ਸਾਬਕਾ ਵਿਧਾਇਕ ਡਾਕਟਰ ਹਰਜੋਤ ਕਮਲ, ਸ਼੍ਰੋਮਣੀ ਕਮੇਟੀ ਮੈਂਬਰ ਤਰਸੇਮ ਸਿੰਘ ਰੱਤੀਆਂ, ਐੱਸ.ਜੀ.ਪੀ.ਸੀ. ਮੈਂਬਰ ਸੁਖਹਰਪ੍ਰੀਤ ਸਿੰਘ ਰੋਡੇ, ਗੁਰਦਰਸ਼ਨ ਸਿੰਘ ਝੰਡਿਆਣਾ ਤੋਂ ਇਲਾਵਾ ਇਲਾਕੇ ਭਰ 'ਚੋਂ ਵੱਡੀ ਗਿਣਤੀ ਵਿੱਚ ਸੰਗਤਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋਈਆਂ। ਅਖੀਰ ਵਿੱਚ ਗਿਆਨੀ ਛਿੰਦਰ ਸਿੰਘ ਪ੍ਰਧਾਨ, ਨਿਹਾਲ ਸਿੰਘ ਭੁੱਲਰ, ਸਰਦਾਰ ਦਿਆ ਸਿੰਘ ਭੁੱਲਰ, ਹਰਪ੍ਰੀਤ ਸਿੰਘ ਭੁੱਲਰ, ਹਰਜੀਤ ਸਿੰਘ ਭੁੱਲਰ ਨੇ ਪਹੁੰਚੀਆਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਭਾਜਪਾ ਦੀ ਮੋਗਾ ਰੈਲੀ ਨੂੰ ਲੈ ਕੇ ਲੋਕਾਂ 'ਚ ਭਾਰੀ ਉਤਸ਼ਾਹ : ਗੁਰਬਿੰਦਰ ਭਗਤਾ

**ਬਠਿੰਡਾ (ਰਾਜੀਵ ਗੋਇਲ)**-ਭਾਜਪਾ ਵੱਲੋਂ ਮੋਗਾ ਦੇ ਕਿੱਲੀ ਚਾਹਲ ਪਿੰਡ ਵਿੱਚ 14 ਮਾਰਚ ਨੂੰ ਕੀਤੀ ਜਾ ਰਹੀ ਰੈਲੀ ਨੂੰ ਲੈ ਕੇ ਜਿੱਥੇ ਭਾਜਪਾ ਆਗੂਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ, ਉੱਥੇ ਹੀ ਆਮ ਲੋਕ ਵੀ ਇਸ ਰੈਲੀ ਨੂੰ ਲੈ ਕੇ ਪੱਬਾਂ ਭਾਰ ਹਨ ਤੇ ਇਸ ਰੈਲੀ ਵਿੱਚ ਆਪ ਮੁਹਾਰੇ ਜਾਣ ਲਈ ਕਾਹਲੇ ਪਏ ਹੋਏ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਜਪਾ ਦੇ ਸੀਨੀਅਰ ਆਗੂ ਗੁਰਬਿੰਦਰ ਭਗਤਾ ਵੱਲੋਂ ਇੱਕ ਵਿਸ਼ੇਸ਼ ਗੱਲਬਾਤ ਦੌਰਾਨ ਕੀਤਾ ਗਿਆ।ਅਸਲ ਵਿੱਚ ਸੂਬੇ ਅੰਦਰ ਫੈਲ ਰਹੇ ਕੈਮੀਕਲ ਨਸ਼ੇ ਨੂੰ ਲੈ ਕੇ ਦੇਸ਼ ਦੀ ਕੇਂਦਰੀ ਸਰਕਾਰ ਚਿੰਤਤ ਹੈ ਤੇ ਉਹ ਇਸ ਮਸਲੇ ਨੂੰ ਲੈ ਕੇ ਕੋਈ ਢੁੱਕਵਾਂ ਹੱਲ ਕੱਢਣ ਦੀ ਸੋਚ ਰਹੀ ਹੈ ਤੇ ਕਿਆਸਰਾਈਆਂ ਲਗਾਈਆਂ ਜਾ ਰਹੀਆਂ ਹਨ ਕਿ ਮੋਗਾ ਰੈਲੀ ਦੌਰਾਨ ਅਮਿਤ ਸ਼ਾਹ ਇਸ ਕੈਮੀਕਲ ਨਸ਼ੇ ਤੋਂ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਕੋਈ ਵੱਡਾ ਐਲਾਨ ਕਰ ਸਕਦੇ ਹਨ।ਸੂਬੇ ਅੰਦਰ ਵਿਗੜੀ ਕਾਨੂੰਨ ਵਿਵਸਥਾ ਨੂੰ ਲੈ ਕੇ ਵਪਾਰੀ ਵਰਗ ਵੀ ਬਹੁਤ ਚਿੰਤਤ ਹੈ, ਜਿਸ ਕਾਰਨ ਲੋਕ ਮੌਜੂਦਾ ਸਰਕਾਰ ਨੂੰ ਕੋਸਦੇ ਆਮ ਦੇਖੇ ਜਾ ਸਕਦੇ ਹਨ।ਪੰਜਾਬ ਵਿੱਚ ਆਏ ਦਿਨ ਕਤਲ ਤੇ ਫਿਰੌਤੀਆਂ ਦੀਆਂ ਘਟਨਾਵਾਂ ਨੇ ਵਪਾਰੀਆਂ ਨੂੰ ਪੰਜਾਬ ਛੱਡਣ 'ਤੇ ਸੋਚਣ ਲਈ ਮਜਬੂਰ ਕਰ ਦਿੱਤਾ ਹੈ।ਭਾਵੇਂ ਕੁਝ ਵੀ ਹੋਵੇ, ਪਰ ਆਮ ਲੋਕਾਂ ਨੂੰ ਭਾਜਪਾ ਦੀ ਮੋਗਾ ਰੈਲੀ ਤੋਂ ਵੱਡੀਆਂ ਆਸਾਂ ਹਨ।



# ਵਿਧਾਨ ਸਭਾ ਦਾ ਘਿਰਾਓ ਦੀਆਂ ਤਿਆਰੀਆਂ ਮੁਕੰਮਲ : ਸਿੱਧੂ/ਮਾਂਗਟ, ਭੁੱਟੋ, ਬਰਾੜ



**ਜ਼ੀਰਾ (ਨਰਿੰਦਰ ਅਨੇਜਾ)**-ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਸਾਂਝੀਆਂ ਤੇ ਜਾਇਜ਼ ਮੰਗਾਂ ਨੂੰ ਲੈ ਕੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ।ਹੁਣ ਪੰਜਾਬ ਵਿਧਾਨ ਸਭਾ ਦੇ ਬਜਟ ਸ਼ੈਸ਼ਨ ਦੌਰਾਨ ਵੀ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ, ਜਿਸ ਦੀ ਕੜੀ ਵਜੋਂ 8 ਮਾਰਚ ਨੂੰ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਬੈਨਰ ਹੇਠ ਰੋਸ ਮੁਜ਼ਾਹਰਾ ਮਕਰਨ ਤੋਂ ਬਾਅਦ ਪੰਜਾਬ ਵਿਧਾਨ ਸਭਾ ਵੱਲ ਮਾਰਚ ਕੀਤਾ ਜਾਵੇਗਾ।ਇਸ ਸਬੰਧੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1406/22ਬੀ ਜ਼ਿਲ੍ਹਾ ਕਮੇਟੀ ਫਿਰੋਜ਼ਪੁਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ ਰੇਲਵੇ ਯੂਨੀਅਨ ਦਫਤਰ ਫਿਰੋਜ਼ਪੁਰ ਵਿਖੇ ਹੋਈ।ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਪ.ਸ.ਸ.ਫ. ਦੇ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ, ਜ਼ਿਲ੍ਹਾ ਜਰਨਲ ਸਕੱਤਰ ਜਗਦੀਪ ਸਿੰਘ ਮਾਂਗਟ, ਸੂਬਾ ਜਰਨਲ ਸਕੱਤਰ ਬਲਵਿੰਦਰ ਸਿੰਘ ਭੁੱਟੋ, ਜ਼ਿਲ੍ਹਾ ਸੀਨੀ: ਮੀਤ ਪ੍ਰਧਾਨ ਮਹਿੰਦਰ ਸਿੰਘ ਬਰਾੜ ਨੇ ਕਿਹਾ ਕਿ ਇਨਕਲਾਬ ਦੇ ਨਾਂ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਚੋਣਾਂ ਮੌਕੇ ਪੰਜਾਬ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਵਾਅਦੇ ਹੀ ਨਹੀਂ ਕੀਤੇ ਸਨ, ਸਗੋਂ ਕੰਮਾਂ ਦੀਆਂ ਗਾਰੰਟੀਆਂ ਦਿੱਤੀਆਂ ਸਨ, ਪਰ ਹੁਣ ਤੱਕ ਮੰਗਾਂ ਮੰਨਣ ਦੀ ਬਜਾਏ ਹਰ ਵਾਰ-ਵਾਰ ਮੀਟਿੰਗਾਂ ਦੇ ਕੇ, ਵਾਰ ਵਾਰ ਮੀਟਿੰਗਾਂ ਮੁਲਤਵੀ ਕਰਨ ਦਾ ਇਤਿਹਾਸ ਰਚਿਆ ਹੈ, ਜਿਸ ਕਰਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਪੰਜਾਬ ਸਰਕਾਰ ਪ੍ਰਤੀ ਭਾਰੀ ਗੁੱਸਾ ਪਾਇਆ ਜਾ ਰਿਹਾ ਹੈ।ਇਸ ਦੀ ਕੜੀ ਵਜੋਂ ਪਹਿਲੇ ਦਿਨ 8 ਮਾਰਚ 2026 ਨੂੰ ਕੀਤੇ ਜਾਣ ਵਾਲੇ ਰੋਸ ਮੁਜ਼ਾਹਰੇ ਵਿੱਚ ਪ.ਸ.ਸ.ਫ ਫਿਰੋਜ਼ਪੁਰ ਤੋਂ ਵਰਕਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਇਸ ਮੌਕੇ ਮੀਟਿੰਗ 'ਚ ਰਾਜੀਵ ਹਾਂਡਾ ਸੀਨੀ: ਮੀਤ ਪ੍ਰਧਾਨ, ਗੁਰਮੀਤ ਸਿੰਘ ਜੰਮੂ, ਜ਼ਿਲ੍ਹਾ ਪ੍ਰੈੱਸ ਸਕੱਤਰ, ਕੁਲਵਿੰਦਰ ਸਿੰਘ ਬੱਧਣ ਬਲਾਕ ਪ੍ਰਧਾਨ ਘੱਲ ਖੁਰਦ, ਰਮੇਸ਼ ਕੁਮਾਰ ਕੰਬੋਜ਼ ਬਲਾਕ ਪ੍ਰਧਾਨ ਮੱਖੂ, ਕੌਰ ਸਿੰਘ ਬਲਾਕ ਪ੍ਰਧਾਨ ਜ਼ੀਰਾ, ਸਤਨਾਮ ਸਿੰਘ ਬਲਾਕ ਪ੍ਰਧਾਨ ਫਿਰੋਜ਼ਪੁਰ, ਧੀਰਜ ਕੁਮਾਰ ਬਲਾਕ ਮੀਤ ਪ੍ਰਧਾਨ ਫਿਰੋਜ਼ਪੁਰ, ਸੰਜੀਵ ਸ਼ਰਮਾਂ, ਸੁਲੱਖਣ ਸਿੰਘ, ਸੰਜੀਵ ਕੁਮਾਰ, ਅਮਿਤ ਅਰੋੜਾ, ਜੋਗਿੰਦਰ ਸਿੰਘ ਕੜਾਹੇਵਾਲਾ, ਮੱਖਣ ਸਿੰਘ, ਰਾਜ ਕੁਮਾਰ ਯਾਦਵ, ਹਰਪਾਲ ਸਿੰਘ ਸੰਧੂ, ਸੁਖਵਿੰਦਰ ਸਿੰਘ ਬਿੱਲਾ, ਜਗਮੀਤ ਸਿੰਘ ਪ੍ਰਧਾਨ ਸ਼ਹੀਦ ਭਗਤ ਸਿੰਘ ਕਾਲਜ ਫਿਰੋਜ਼ਪੁਰ, ਗੁਰਪ੍ਰੀਤ ਸਿੰਘ, ਬਲਵੰਤ ਸਿੰਘ ਮਿਸ਼ਰੀਵਾਲਾ, ਪੰਮਾ ਸਿੰਘ, ਬਲਵਿੰਦਰ ਸਿੰਘ ਚੱਬਾ ਆਦਿ ਹਾਜ਼ਰ ਸਨ।

# ਫਾਰਮੇਸੀ ਵਿਦਿਆਰਥੀਆਂ ਵੱਲੋਂ ਸੈਲਸ ਫਾਰਮਾਸਿਊਟੀਕਲਜ਼ ਦਾ ਦੌਰਾ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦੇ ਫਾਰਮੇਸੀ ਫੈਕਲਟੀ ਦੇ ਪਲੇਸਬੋ ਕਲੱਬ ਨੇ ਆਈ ਕਿਊ ਏ ਸੀ ਦੇ ਸਹਿਯੋਗ ਨਾਲ ਆਪਣੇ ਅਕਾਦਮਿਕ ਪਾਠਕ੍ਰਮ ਦੇ ਹਿੱਸੇ ਵਜੋਂ ਬੀ. ਫਾਰਮ 6ਵੇਂ ਤੇ 8ਵੇਂ ਸਮੈਸਟਰ ਦੇ ਵਿਦਿਆਰਥੀਆਂ ਦਾ ਇੱਕ ਦਿਨਾਂ ਉਦਯੋਗਿਕ ਦੌਰੇ ਦਾ ਆਯੋਜਨ ਕੀਤਾ।ਇਹ ਪ੍ਰੋਗਰਾਮ ਡਾ. ਸ਼ਫਕਤ ਤੇ ਡਾ. ਇਮਤਿਆਜ਼ ਦੀ ਨਿਗਰਾਨੀ ਹੇਠ ਕਰਵਾਇਆ ਗਿਆ, ਜਿਸ ਵਿੱਚ ਸਕੂਲ ਆਫ਼ ਫਾਰਮੇਸੀ ਤੇ ਸ੍. ਲਾਲ ਸਿੰਘ ਮੈਮੋਰੀਅਲ ਕਾਲਜ ਆਫ਼ ਫਾਰਮੇਸੀ ਦੇ ਫੈਕਲਟੀ ਮੈਂਬਰਾਂ ਦਾ ਸਰਗਰਮ ਸਹਿਯੋਗ ਸ਼ਾਮਲ ਸੀ।ਵਿਦਿਆਰਥੀਆਂ ਨੇ ਬੱਦੀ (ਹਿਮਾਚਲ ਪ੍ਰਦੇਸ਼) ਵਿਖੇ ਸਥਿਤ ਸੈਲਸ ਫਾਰਮਾਸਿਊਟੀਕਲਜ਼ ਦਾ ਦੌਰਾ ਕੀਤਾ, ਤਾਂ ਜੋ ਫਾਰਮਾਸਿਊਟੀਕਲ ਨਿਰਮਾਣ ਪ੍ਰਕਿਰਿਆਵਾਂ, ਗੁਣਵੱਤਾ ਨਿਯੰਤਰਣ ਪ੍ਰਣਾਲੀਆਂ ਤੇ ਉਦਯੋਗ ਵਿੱਚ ਅਪਣਾਈਆਂ ਜਾਣ ਵਾਲੀਆਂ ਰੈਗੂਲੇਟਰੀ ਪਾਲਣਾ ਅਭਿਆਸਾਂ ਦਾ ਵਿਹਾਰਕ ਅਨੁਭਵ ਪ੍ਰਾਪਤ ਕੀਤਾ ਜਾ ਸਕੇ।ਇਸ ਦੌਰੇ ਦੌਰਾਨ ਵਿਦਿਆਰਥੀਆਂ ਨੇ ਉਤਪਾਦਨ ਯੂਨਿਟ, ਗੁਣਵੱਤਾ ਨਿਯੰਤਰਣ ਪ੍ਰਯੋਗਸ਼ਾਲਾ, ਗੁਣਵੱਤਾ ਭਰੋਸਾ ਸੈਕਸ਼ਨ, ਪੈਕੇਜਿੰਗ ਯੂਨਿਟ ਤੇ ਵੇਅਰਹਾਊਸ ਸਮੇਤ ਮੁੱਖ ਵਿਭਾਗਾਂ ਦਾ ਦੌਰਾ ਕੀਤਾ। ਉਦਯੋਗ ਦੇ ਪੇਸ਼ੇਵਰਾਂ ਨੇ ਫਾਰਮਾਸਿਊਟੀਕਲ ਸੈਕਟਰ ਵਿੱਚ ਨਿਰਮਾਣ ਤਕਨੀਕਾਂ, ਪਾਲਣਾ ਮਿਆਰਾਂ ਤੇ ਕਰੀਅਰ ਦੇ ਮੌਕਿਆਂ ਬਾਰੇ ਵਿਦਿਆਰਥੀਆਂ ਨੂੰ ਦੱਸਿਆ।ਇਸ ਦੌਰੇ ਨੇ ਕੀਮਤੀ ਵਿਹਾਰਕ ਸੰਪਰਕ ਪ੍ਰਦਾਨ ਕੀਤਾ ਤੇ ਵਿਦਿਆਰਥੀਆਂ ਨੂੰ ਰੈਗੂਲੇਟਰੀ ਅਭਿਆਸਾਂ ਦੀ ਸਮਝ ਵਿੱਚ ਵਾਧਾ ਕੀਤਾ।

## ਬਲਾਕ ਸੰਮਤੀ ਸਰਹਿੰਦ ਦੀ ਚੋਣ ਦੌਰਾਨ ਭੁਪਿੰਦਰ ਕੌਰ ਚੇਅਰਮੈਨ ਤੇ ਸਤਬੀਰ ਉਪ ਚੇਅਰਮੈਨ ਬਣੇ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਬਲਾਕ ਸੰਮਤੀ ਸਰਹਿੰਦ ਵਿਖੇ ਚੇਅਰਮੈਨ ਤੇ ਉੱਪ-ਚੇਅਰਮੈਨ ਦੀ ਚੋਣ ਹੋਈ, ਜਿਸ ਵਿੱਚ ਆਮ ਆਦਮੀ ਪਾਰਟੀ ਦੀ ਉਮੀਦਵਾਰ ਭੁਪਿੰਦਰ ਕੌਰ ਨੂੰ ਚੇਅਰਮੈਨ ਤੇ ਸਤਬੀਰ ਸਿੰਘ ਜੱਲਾ ਨੂੰ ਉੱਪ-ਚੇਅਰਮੈਨ ਚੁਣਿਆ ਗਿਆ।ਇਸ ਮੌਕੇ ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਸਾਰੇ ਹੀ ਬਲਾਕ ਸੰਮਤੀ ਮੈਂਬਰਾਂ ਦਾ ਸਿਰੋਪਾਓ ਨਾਲ ਸਨਮਾਨ ਕੀਤਾ।ਇਸ ਮੌਕੇ ਵਿਧਾਇਕ ਰਾਏ ਨੇ ਸੰਬੋਧਨ ਕਰਦਿਆਂ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਵਧਾਈ ਦਿੱਤੀ।ਨਵੀਂ ਚੁਣੀ ਗਈ ਚੇਅਰਮੈਨ ਭੁਪਿੰਦਰ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸ਼ਹੀਦਾਂ ਦੀ ਪਵਿੱਤਰ ਧਰਤੀ ਫਤਿਹਗੜ੍ਹ ਸਾਹਿਬ ਵਿਖੇ ਇਲਾਕੇ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ, ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਪ੍ਰੀਤ ਕੌਰ, ਰਣਜੀਤ ਸਿੰਘ ਚੀਮਾ, ਮਨਜੀਤ ਕੌਰ, ਭਜਨ ਸਿੰਘ, ਚਰਨਜੀਤ ਕੌਰ, ਗੁਰਜੀਤ ਸਿੰਘ, ਮਨਪ੍ਰੀਤ ਸਿੰਘ, ਹਰਦੀਪ ਕੌਰ, ਹਰਮੇਸ਼ ਸਿੰਘ, ਮਨਦੀਪ ਸਿੰਘ ਪੋਲਾ, ਭੁਪਿੰਦਰ ਕੌਰ, ਗੁਰਵੀਰ ਸਿੰਘ ਜੱਲਾ, ਦਿਲਪ੍ਰੀਤ ਸਿੰਘ ਭੱਟੀ, ਰਾਜ ਦਵਿੰਦਰ ਸਿੰਘ ਖਰੇ, ਕੁਲਵਿੰਦਰ ਸਿੰਘ ਡੇਰਾ ਆਦਿ ਹਾਜ਼ਰ ਸਨ।

# ਨਵ-ਨਿਯੁਕਤ ਪ੍ਰਧਾਨ ਦੀ ਅਗਵਾਈ ਹੇਠ ਯੂਥ ਅਗਰਵਾਲ ਸਭਾ ਦੀ ਅਹਿਮ ਮੀਟਿੰਗ

**ਸਭਾ ਵੱਲੋਂ ਇਕਜੁੱਟਤਾ ਤੇ ਸਮਾਜ ਸੇਵਾ ਲਈ ਨਵੇਂ ਸੰਕਲਪ ਪ੍ਰਣ**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਯੂਥ ਅਗਰਵਾਲ ਸਭਾ ਦੀ ਇੱਕ ਮਹੱਤਵਪੂਰਨ ਮੀਟਿੰਗ ਨਵ-ਨਿਯੁਕਤ ਪ੍ਰਧਾਨ ਐਡਵੋਕੇਟ ਅਮਿਤ ਅਗਰਵਾਲ ਦੀ ਅਗਵਾਈ ਹੇਠ ਉਨ੍ਹਾਂ ਦੇ ਦਫ਼ਤਰ ਵਿਖੇ ਕੀਤੀ ਗਈ।ਇਸ ਮੌਕੇ ਸੰਸਥਾ ਦੇ ਚੇਅਰਮੈਨ ਪਵਨ ਗੋਇਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਮੀਟਿੰਗ ਵਿਚ ਸਭਾ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਦਿਆਂ ਸੰਸਥਾ ਦੀ ਭਵਿੱਖੀ ਰਣਨੀਤੀ 'ਤੇ ਵਿਚਾਰ-ਵਟਾਂਦਰਾ ਕੀਤਾ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਐਡਵੋਕੇਟ ਅਮਿਤ ਅਗਰਵਾਲ ਨੇ ਕਿਹਾ ਕਿ ਯੂਥ ਅਗਰਵਾਲ ਸਭਾ ਦਾ ਮੁੱਖ ਉਦੇਸ਼ ਸਮੂਹ ਅਗਰਵਾਲ ਭਾਈਚਾਰੇ ਨੂੰ ਇਕ ਮੰਚ 'ਤੇ ਇਕੱਠਾ ਕਰਨਾ ਹੈ।ਉਨ੍ਹਾਂ ਕਿਹਾ ਕਿ ਸੰਸਥਾ ਹਮੇਸ਼ਾ ਆਪਣੇ ਭਾਈਚਾਰੇ ਦੇ ਦੁੱਖ-ਸੁੱਖ ਵਿੱਚ ਖੜ੍ਹੀ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਪ੍ਰੰਪਰਾ ਜਾਰੀ ਰਹੇਗੀ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਹਰ ਲੋੜਵੰਦ ਅਗਰਵਾਲ ਪਰਵਾਰ ਦੀ ਮਦਦ ਕਰਨਾ ਸੰਸਥਾ ਦੀ ਪ੍ਰਥਮ ਜ਼ਿੰਮੇਵਾਰੀ ਹੈ ਤੇ ਇਸ ਮਕਸਦ ਨੂੰ ਲੈ ਕੇ ਕੋਈ ਕਸਰ ਨਹੀਂ ਛੱਡੀ ਜਾਵੇਗੀ।ਪ੍ਰਧਾਨ ਅਮਿਤ ਅਗਰਵਾਲ ਨੇ ਅੱਗੇ ਦੱਸਿਆ ਕਿ ਸੰਸਥਾ ਦੇ ਢਾਂਚੇ ਨੂੰ ਹੋਰ ਮਜ਼ਬੂਤ ਬਣਾਉਣ ਲਈ ਜਲਦ ਹੀ ਨਵੀਆਂ ਕਮੇਟੀਆਂ ਦਾ ਗਠਨ ਕੀਤਾ ਜਾਵੇਗਾ ਤੇ ਨੌਜਵਾਨ ਵਰਗ ਨੂੰ ਵੱਧ ਤੋਂ ਵੱਧ ਜੋੜਨ ਲਈ ਵਿਸ਼ੇਸ਼ ਅਭਿਆਨ ਚਲਾਇਆ ਜਾਵੇਗਾ।ਸਰਪ੍ਰਸਤ ਪਵਨ ਗੋਇਲ ਨੇ ਨਵ-ਨਿਯੁਕਤ ਪ੍ਰਧਾਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਪੂਰਾ ਭਰੋਸਾ ਹੈ ਕਿ ਐਡਵੋਕੇਟ ਅਮਿਤ ਅਗਰਵਾਲ ਦੀ ਅਗਵਾਈ ਹੇਠ ਯੂਥ ਅਗਰਵਾਲ ਸਭਾ ਨਵੀਆਂ ਉਚਾਈਆਂ ਨੂੰ ਛੂਹੇਗੀ।ਉਨ੍ਹਾਂ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਸੰਸਥਾ ਦੇ ਮਕਸਦਾਂ ਨੂੰ ਸਫਲ ਬਣਾਉਣ ਲਈ ਇਕਜੁੱਟ ਹੋ ਕੇ ਕੰਮ ਕਰਨ।ਮੀਟਿੰਗ ਦੌਰਾਨ ਇਹ ਵੀ ਫੈਸਲਾ ਕੀਤਾ ਗਿਆ ਕਿ ਯੂਥ ਅਗਰਵਾਲ ਸਭਾ ਵੱਲੋਂ ਸਮਾਜ ਸੇਵੀ ਕਾਰਜ ਲਗਾਤਾਰ ਜਾਰੀ ਰੱਖੇ ਜਾਣਗੇ।ਲੋੜਵੰਦ ਪਰਵਾਰਾਂ ਦੀ ਸਹਾਇਤਾ, ਵਿਦਿਆਰਥੀਆਂ ਨੂੰ ਸ਼ਿਕਸ਼ਾ ਸਹਾਇਤਾ, ਰਕਤਦਾਨ ਕੈਂਪ ਤੇ ਹੋਰ ਲੋਕ-ਭਲਾਈ ਦੇ ਪ੍ਰੋਗਰਾਮ ਕਰਨ 'ਤੇ ਵੀ ਵਿਚਾਰ ਕੀਤਾ ਗਿਆ।ਮੈਂਬਰਾਂ ਨੇ ਭਰੋਸਾ ਦਿਵਾਇਆ ਕਿ ਉਹ ਸੰਸਥਾ ਦੀ ਮਜ਼ਬੂਤੀ ਤੇ ਸਮਾਜ ਸੇਵਾ ਦੇ ਕਾਰਜਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣਗੇ।ਅੰਤ ਵਿੱਚ ਪ੍ਰਧਾਨ ਅਮਿਤ ਅਗਰਵਾਲ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਯੂਥ ਅਗਰਵਾਲ ਸਭਾ ਸਿਰਫ਼ ਇੱਕ ਸੰਸਥਾ ਨਹੀਂ, ਸਗੋਂ ਇੱਕ ਪਰਿਵਾਰ ਹੈ, ਜਿਸ ਦਾ ਮਕਸਦ ਭਾਈਚਾਰੇ ਦੀ ਤਰੱਕੀ ਤੇ ਏਕਤਾ ਨੂੰ ਯਕੀਨੀ ਬਣਾਉਣਾ ਹੈ।ਇਸ ਮੌਕੇ ਸੀਨੀਅਰ ਵਾਈਸ ਪ੍ਰਧਾਨ ਮਿਲਣ ਗਰਗ, ਵਾਈਸ ਪ੍ਰਧਾਨ ਐਡਵੋਕੇਟ ਰਾਮ ਬਾਂਸਲ, ਕੈਸ਼ੀਅਰ ਸਾਹਿਲ ਬਾਂਸਲ, ਸੈਕਟਰੀ ਪ੍ਰੇਮ ਬਾਂਸਲ, ਸਹਾਇਕ ਕੈਸ਼ੀਅਰ ਅਮਿਤ ਜਿੰਦਲ, ਜੋਇੰਟ ਸੈਕਟਰੀ ਬਿੱਟਾ ਜਿੰਦਲ, ਸੁਰਿੰਦਰ ਬਾਂਸਲ, ਪੰਕਜ ਗਰਗ, ਦੀਕਸ਼ਿਤ ਗਰਗ, ਵਿਵੇਕ ਨੌਹਰੀਆ ਤੇ ਅਕਸ਼ਿਤ ਗੋਇਲ ਹਾਜ਼ਰ ਸਨ।

## ਹਾਈਕੋਰਟ ਦੀ ਸੁਣਵਾਈ ਨੂੰ ਅਣਗੌਲਿਆ ਕਰਕੇ ਕੀਤੀ ਜਾ ਰਹੀ ਹੈ ਪਲਾਟਾਂ ਦੀ ਬੋਲੀ

**ਜੈਤੋ (ਸਤੀਸ਼ ਕੁਮਾਰ ਭੀਰੀ)**-ਨਗਰ ਕੌਂਸਲ ਜੈਤੋ ਵੱਲੋਂ ਆਪਹੁਦਰੀਆਂ ਕਰਨ ਨੂੰ ਤਰਜੀਹ ਦਿੰਦੇ ਹੋਏ ਮਾਨਯੋਗ ਹਾਈਕੋਰਟ ਵਿੱਚ ਚੱਲ ਰਹੀ ਸੁਣਵਾਈ ਨੂੰ ਅਣਗੌਲਿਆ ਕਰਦੇ ਹੋਏ ਪਲਾਟਾਂ ਦੀ ਬੋਲੀ ਕਰਵਾਈ ਜਾ ਰਹੀ ਹੈ।ਦੱਸਣਯੋਗ ਹੈ ਕਿ ਐਡਵੋਕੇਟ ਸਤੀਸ਼ ਕੁਮਾਰ ਵੱਲੋਂ ਨਗਰ ਕੌਂਸਲ ਜੈਤੋ ਵੱਲੋਂ ਕੀਤੀ ਧੱਕੇਸ਼ਾਹੀ ਵਿਰੁੱਧ ਇਨਸਾਫ਼ ਲੈਣ ਲਈ ਮਾਨਯੋਗ ਹਾਈਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਗਈ ਸੀ, ਜਿਸ ਦੀ ਸੁਣਵਾਈ ਦੌਰਾਨ ਅਦਾਲਤ ਵਿੱਚ ਪੇਸ਼ ਹੋਏ ਨਗਰ ਕੌਂਸਲ ਦੇ ਐਡਵੋਕੇਟ ਵੱਲੋਂ ਰੇਰੂ ਵਾਲਾ ਚੌਕ ਵਿੱਚ ਸਤੀਸ਼ ਕੁਮਾਰ ਨੂੰ ਪਲਾਟ ਦੇਣ ਦਾ ਵਾਅਦਾ ਕੀਤਾ ਗਿਆ ਸੀ, ਜਿਸ ਨੂੰ ਦਰਕਿਨਾਰ ਕਰਕੇ ਨਗਰ ਕੌਂਸਲ ਵੱਲੋਂ ਅੱਜ ਤੱਕ ਐਡਵੋਕੇਟ ਸਤੀਸ਼ ਕੁਮਾਰ ਨੂੰ ਇਨਸਾਫ਼ ਨਹੀਂ ਦਿੱਤਾ ਗਿਆ, ਜਿਸ ਸਬੰਧੀ ਮਾਨਯੋਗ ਹਾਈਕੋਰਟ ਵਿੱਚ ਸਤੀਸ਼ ਕੁਮਾਰ ਵੱਲੋਂ ਫਿਰ ਤੋਂ ਸੁਣਵਾਈ ਲਈ ਅਰਜ਼ੋਈ ਕੀਤੀ ਗਈ ਤੇ ਅਗਲੀ ਸੁਣਵਾਈ ਲਈ ਤਰੀਕ ਮਾਨਯੋਗ ਅਦਾਲਤ ਵੱਲੋਂ 24 ਮਾਰਚ ਮੁਕੱਰਰ ਕੀਤੀ ਗਈ।ਹਨੇਰ ਸਾਈਂ ਦਾ ਇਹ ਕਿ ਨਗਰ ਕੌਂਸਲ ਜੈਤੋ ਦੇ ਕਾਰਜ ਸਾਧਕ ਅਫਸਰ, ਏ ਡੀ ਸੀ ਫਰੀਦਕੋਟ, ਡਾਇਰੈਕਟਰ ਸਥਾਨਕ ਸਰਕਾਰਾਂ ਵਿਭਾਗ ਪੰਜਾਬ, ਸੈਕਟਰੀ ਸਥਾਨਕ ਸਰਕਾਰਾਂ ਵਿਭਾਗ ਪੰਜਾਬ ਤੇ ਹੋਰਾਂ ਵੱਲੋਂ ਸਰਕਾਰੀ ਦਬਾਅ ਹੇਠ ਆਪਣੇ ਆਪ ਨੂੰ ਮਾਨਯੋਗ ਹਾਈਕੋਰਟ ਤੋਂ ਵੀ ਵੱਡੀ ਤਾਕਤ ਸਮਝਿਆ ਜਾ ਰਿਹਾ ਹੈ, ਜੋ ਕਿ 24 ਮਾਰਚ ਨੂੰ ਮਾਨਯੋਗ ਹਾਈਕੋਰਟ ਵਿੱਚ ਚੱਲ ਰਹੀ ਸੁਣਵਾਈ ਨੂੰ ਉਡੀਕਣ ਤੋਂ ਪਹਿਲਾਂ ਹੀ ਆਪਣੇ ਚਹੇਤਿਆਂ ਨੂੰ ਪਲਾਟਾਂ ਦੇ ਗੱਫ਼ੇ ਵੰਡਣ ਲਈ ਉਤਾਵਲੇ ਹੋ ਰਹੇ ਹਨ।ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਅਧੀਨ ਇਹ ਪ੍ਰਸ਼ਾਸਕੀ ਲਾਣਾ, ਜੋ ਕਿ ਮਾਨਯੋਗ ਅਦਾਲਤ ਦੇ ਹੁਕਮਾਂ ਤੇ ਸੁਣਵਾਈ ਨੂੰ ਅਣਗੌਲਿਆ ਕਰ ਰਿਹਾ ਹੈ, ਉਹ ਆਮ ਲੋਕਾਂ ਦਾ ਕੀ ਹਸ਼ਰ ਕਰਦਾ ਹੋਵੇਗਾ? ਐਡਵੋਕੇਟ ਸਤੀਸ਼ ਕੁਮਾਰ ਵੱਲੋਂ ਨਗਰ ਕੌਂਸਲ ਜੈਤੋ ਵੱਲੋਂ ਕਰਵਾਈ ਜਾ ਰਹੀ ਇਸ ਬੋਲੀ ਨੂੰ ਰੋਕਣ ਲਈ ਡਾਇਰੈਕਟਰ ਸਥਾਨਕ ਸਰਕਾਰਾਂ ਵਿਭਾਗ ਤੇ ਸੈਕਟਰੀ ਸਥਾਨਕ ਸਰਕਾਰਾਂ ਵਿਭਾਗ ਪੰਜਾਬ ਨੂੰ ਈ ਮੇਲ ਰਾਹੀਂ ਸੂਚਿਤ ਕਰ ਦਿੱਤਾ ਗਿਆ ਹੈ।

# ਸੁਖਬੀਰ ਟਿਊਬਵੈੱਲ ਕੁਨੈਕਸ਼ਨ ਦੇਣ ਦੇ ਨਾਂਅ 'ਤੇ ਲੋਕਾਂ ਨੂੰ ਗੁੰਮਰਾਹ ਕਰ ਰਿਹੈ : ਰਾਏ

**■ ਵਿਧਾਇਕ ਨੇ ਮਾਲਾਹੇੜੀ 'ਚ ਕੀਤਾ ਵਿਕਾਸ ਕਾਰਜਾਂ ਦਾ ਉਦਘਾਟਨ**



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸੂਬੇ ਉੱਤੇ ਲੰਬਾ ਸਮਾਂ ਰਾਜ ਕਰਨ ਵਾਲੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਟਿਊਬਵੈੱਲਾਂ ਦੇ ਕਨੈਕਸ਼ਨ ਦੇਣ ਦੇ ਨਾਮ 'ਤੇ ਸੂਬੇ ਦੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ, ਜਦਕਿ ਦੂਜੇ ਪਾਸੇ ਮੌਜੂਦਾ ਮਾਨ ਸਰਕਾਰ ਨਹਿਰੀ ਪਾਣੀ ਨੂੰ ਵਰਤੋਂ ਯੋਗ ਬਣਾ ਕੇ ਲੋਕਾਂ ਦੇ ਖੇਤਾਂ ਤੱਕ ਪਹੁੰਚਾ ਰਹੀ ਹੈ।ਇਹ ਪ੍ਰਗਟਾਵਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਪਿੰਡ ਮਾਲਾਹੇੜੀ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਉਪਰੰਤ ਕੀਤਾ।ਉਨ੍ਹਾਂ ਕਿਹਾ ਕਿ ਮਾਨਯੋਗ ਸੁਪਰੀਮ ਕੋਰਟ ਵਿੱਚ ਇਸ ਗੱਲ ਦੀ ਸਟੇਅ ਲੱਗ ਚੁੱਕੀ ਹੈ ਕਿ ਸੂਬਾ ਪੰਜਾਬ ਬੰਜਰ ਹੋਣ ਦੀ ਕਗਾਰ 'ਤੇ ਖੜ੍ਹਾ ਹੈ।ਅਜਿਹੇ ਵਿੱਚ ਸੱਤਾ ਹਥਿਆਉਣ ਲਈ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਲੋਕਾਂ ਨੂੰ ਮੋਟਰਾਂ ਦੇ ਕਨੈਕਸ਼ਨ ਦੇਣ ਦਾ ਲੌਲੀਪੌਪ ਦੇ ਕੇ ਵੋਟਾਂ ਬਟੋਰਨ ਦੀ ਰਾਜਨੀਤੀ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਜਦੋਂ ਆਮ ਆਦਮੀ ਪਾਰਟੀ ਸੱਤਾ 'ਚ ਆਈ ਸੀ, ਉਸ ਸਮੇਂ ਅਸੀਂ ਨਹਿਰਾਂ ਦਾ ਕਰੀਬ 22 ਫੀਸਦੀ ਪਾਣੀ ਹੀ ਵਰਤ ਰਹੇ ਸੀ।ਬਾਕੀ ਪਾਣੀ ਨਹਿਰਾਂ ਦੇ ਰਸਤੇ ਬਾਹਰਲੇ ਸੂਬਿਆਂ ਨੂੰ ਜਾ ਰਿਹਾ ਸੀ।ਅਜਿਹੇ ਵਿੱਚ ਮਾਨ ਸਰਕਾਰ ਵੱਲੋਂ ਨਹਿਰਾਂ ਦਾ ਪਾਣੀ ਟੇਲਾਂ ਤੱਕ ਪਹੁੰਚਾਉਣ ਲਈ ਜਿੱਥੇ ਨਵੇਂ ਰਜਵਾਹੇ ਬਣਾਏ ਗਏ, ਉੱਥੇ ਹੀ ਅੱਜ ਅਸੀਂ ਨਹਿਰਾਂ ਦਾ 65 ਫੀਸਦੀ ਪਾਣੀ ਖੇਤੀ ਲਈ ਵਰਤ ਰਹੇ ਹਾਂ।ਆਉਣ ਵਾਲੇ ਸਮੇਂ ਵਿੱਚ ਹੋਰ ਵਧਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨਾਲ ਜੋ ਵਾਅਦੇ ਕੀਤੇ ਗਏ ਸਨ, ਉਹ ਇੱਕ ਇੱਕ ਕਰਕੇ ਪੂਰੇ ਕੀਤੇ ਗਏ ਹਨ।ਔਰਤਾਂ ਨਾਲ 1000 ਰੁਪਏ ਦੇਣ ਦਾ ਜੋ ਵਾਅਦਾ ਕੀਤਾ ਗਿਆ ਸੀ, ਉਹ ਵੀ ਕੁਝ ਦਿਨਾਂ ਵਿੱਚ ਹੀ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਅਸੀਂ ਜਿਸ ਪ੍ਰੋਗਰਾਮ ਵਿੱਚ ਉਦਘਾਟਨ ਕਰਨ ਲਈ ਆਏ ਹਾਂ, ਇਸ ਥਾਂ 'ਤੇ ਪਿਛਲੇ 70 ਸਾਲਾਂ ਤੋਂ ਕੋਈ ਰਸਤਾ ਨਹੀਂ ਬਣਿਆ ਸੀ।ਅੱਜ ਇੱਥੇ ਪਹਿਲੀ ਵਾਰ ਇੰਟਰਲੌਕ ਟਾਈਲਾਂ ਦੇ ਨਾਲ ਗਲੀਆਂ ਬਣਾਈਆਂ ਗਈਆਂ ਹਨ, ਜਿਸ ਕਾਰਨ ਪਿੰਡ ਵਿੱਚ ਖੁਸ਼ੀ ਦਾ ਮਾਹੌਲ ਹੈ ਤੇ ਲੋਕ ਆਪ ਮੁਹਾਰੇ ਪ੍ਰੋਗਰਾਮਾਂ ਵਿੱਚ ਸ਼ਾਮਲ ਹੋ ਰਹੇ ਹਨ।ਪਿੰਡ ਵਾਸੀਆਂ ਵੱਲੋਂ ਵਿਧਾਇਕ ਲਖਬੀਰ ਸਿੰਘ ਰਾਏ ਤੇ ਆਏ ਮਹਿਮਾਨਾਂ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਚਰਨ ਕੌਰ, ਮੁਖਤਿਆਰ ਸਿੰਘ, ਜਗਰੂਪ ਸਿੰਘ ਨੰਬਰਦਾਰ, ਰਜਿੰਦਰ ਕੌਰ ਬਲਾਕ ਸੰਮਤੀ ਮੈਂਬਰ, ਡਾ. ਬਲਜਿੰਦਰ ਸਿੰਘ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਮਾਨਵ ਟਿਵਾਣਾ ਆਦਿ ਹਾਜ਼ਰ ਸਨ।

# ਟੀ ਐੱਸ ਯੂ ਤੇ ਪਾਵਰਕਾਮ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਸਾਂਝੀ ਮੀਟਿੰਗ



**ਦੋਰਾਹਾ (ਹਰਮਿੰਦਰ ਸੇਠ)**-ਟੈਕਨੀਕਲ ਸਰਵਿਸਜ਼ ਯੂਨੀਅਨ ਪੰਜਾਬ ਤੇ ਕੋਆਰਡੀਨੇਸ਼ਨ ਕਮੇਟੀ ਆਫ ਪਾਵਰਕਾਮ ਐਂਡ ਟਰਾਂਸਕੋ ਆਊਟਸੋਰਸਡ ਮੁਲਾਜ਼ਮ ਜਥੇਬੰਦੀਆਂ ਦੀ ਸੂਬਾ ਪੱਧਰੀ ਸਾਂਝੀ ਕਨਵੈਨਸ਼ਨ ਦੇ ਫੈਸਲੇ ਅਨੁਸਾਰ ਡਵੀਜ਼ਨ ਦੋਰਾਹਾ ਦੇ ਕਾਮਿਆਂ ਨੇ ਸਾਂਝੀ ਮੀਟਿੰਗ ਕੀਤੀ।ਆਗੂਆਂ ਬੁੱਧ ਸਿੰਘ, ਜਗਰੂਪ ਸਿੰਘ ਨੇ ਪ੍ਰੈੱਸ ਨੂੰ ਸਾਂਝੇ ਤੌਰ 'ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਾਵਰਕਾਮ ਵਿੱਚ ਕੰਮ ਕਰਦੀਆਂ ਜਥੇਬੰਦੀਆਂ ਟੈਕਨੀਕਲ ਸਰਵਿਸਜ਼ ਯੂਨੀਅਨ ਤੇ ਪਾਵਰਕਾਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਸਾਂਝੇ ਤੌਰ 'ਤੇ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਮੀਟਿੰਗ ਵਿੱਚ ਸ਼ਮੂਲੀਅਤ ਕੀਤੀ। ਭਰਾਤਰੀ ਤੌਰ ਤੇ ਪੈਨਸ਼ਨਰ ਸਾਥੀ ਸ਼ਾਮਲ ਹੋਏ।

ਆਗੂਆਂ ਟੀ ਐੱਸ ਯੂ ਦੇ ਸਰਕਲ ਪ੍ਰਧਾਨ ਜਸਵਿੰਦਰ ਸਿੰਘ, ਪਾਵਰਕਾਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਦੇ ਪ੍ਰਧਾਨ ਜਸਵਿੰਦਰ ਸਿੰਘ ਵੱਲੋਂ ਇਹ ਦੱਸਿਆ ਗਿਆ ਕਿ ਇਹ ਮੀਟਿੰਗ ਵਿਭਾਗੀ ਮੰਗਾਂ ਤੋਂ ਅਗਾਂਹ ਸਾਮਰਾਜੀ ਦਿਸ਼ਾ ਨਿਰਦੇਸ਼ਤ ਨਿੱਜੀਕਰਨ ਦੇ ਤਬਾਹਕੁੰਨ ਹਮਲੇ ਵਿਰੁੱਧ ਬਿਜਲੀ ਐਕਟ 2003 ਤੇ ਬਿਜਲੀ ਸੋਧ ਬਿੱਲ 2025 ਵਿਰੁੱਧ ਦੇਸ਼ ਦੇ ਸਮੂਹ ਮਿਹਨਤਕਸ਼ ਲੋਕਾਂ, ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਦੇ ਸਾਂਝੇ ਹਿੱਤਾਂ ਨੂੰ ਬਚਾਉਣ ਲਈ ਵਿਸ਼ੇਸ਼ ਮਹੱਤਵ ਰੱਖਦੀ ਹੈ।ਇਸ ਲਈ ਦੇਸ਼ ਦੇ ਕੁਲ ਪੈਦਾਵਾਰੀ ਵਸੀਲੇ ਜਿਵੇਂ ਬਿਜਲੀ, ਵਿੱਦਿਆ, ਸਿਹਤ ਸੇਵਾਵਾਂ, ਰੇਲਵੇ ਤੇ ਪਾਣੀ ਦੇ ਵਸੀਲੇ ਜੋ ਮਿਹਨਤਕਸ਼ ਲੋਕਾਂ ਦੇ ਭਲੇ ਦੇ ਨਾਂਅ ਹੇਠ ਉਨ੍ਹਾਂ ਦੇ ਹੀ ਖੂਨ ਪਸੀਨੇ ਦੀ ਕਮਾਈ ਨਾਲ ਉਸਾਰੇ ਗਏ ਸਨ, ਅੱਜ ਇਨ੍ਹਾਂ ਨੂੰ ਕਾਰਪੋਰੇਟ ਘਰਾਣਿਆਂ ਹਵਾਲੇ ਕਰਕੇ ਉਨ੍ਹਾਂ ਨੂੰ ਸੇਵਾ ਦੀ ਥਾਂ ਲੋਕਾਂ ਦੀ ਅੰਨ੍ਹੀਂ ਲੁੱਟ ਕਰਕੇ ਮੁਨਾਫ਼ੇ ਕਮਾਉਣ ਦੀ ਖੁੱਲ੍ਹ ਦਿੱਤੀ ਜਾ ਰਹੀ ਹੈ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਸਾਂਝੇ ਘੋਲਾਂ ਦੀ ਉਸਾਰੀ ਲਈ ਸਬ ਡਵੀਜ਼ਨ ਪੱਧਰ 'ਤੇ ਭਰਾਤਰੀ ਜਥੇਬੰਦੀਆਂ ਨਾਲ ਸਾਂਝੀਆਂ ਮੀਟਿੰਗਾਂ ਕਰਨ ਲਈ ਸਮੂਹ ਬਿਜਲੀ ਕਾਮਿਆਂ ਤੱਕ ਸਾਂਝੀ ਮੁਹਿੰਮ ਬਣਾ ਕੇ ਪਹੁੰਚ ਕੀਤੀ ਜਾਵੇਗੀ।ਇਹ ਵੀ ਫੈਸਲਾ ਕੀਤਾ ਕਿ ਕਿਸਾਨ, ਮਜ਼ਦੂਰ, ਮੁਲਾਜ਼ਮ ਜਥੇਬੰਦੀਆਂ ਵੱਲੋਂ ਬਠਿੰਡਾ ਵਿਖੇ ਜਬਰ ਵਿਰੋਧੀ ਕੀਤੇ ਜਾ ਰਹੇ ਧਰਨੇ ਮੁਜ਼ਾਹਰੇ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

## ਬੱਕਰੀਆਂ ਚਾਰਨ ਵਾਲੇ ਕੋਮਲਦੀਪ ਸਿੰਘ ਨੇ ਮੁੜ ਰਚਿਆ ਇਤਿਹਾਸ

**ਜੇ ਆਰ ਐੱਫ ਪ੍ਰੀਖਿਆ 'ਚ ਦੇਸ਼ ਭਰ 'ਚੋਂ ਕੀਤਾ 6ਵਾਂ ਰੈਂਕ ਪ੍ਰਾਪਤ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਬੁਢਲਾਡਾ ਹਲਕੇ ਦੇ ਕਸਬਾ ਬੋਹਾ ਦੇ ਬੱਕਰੀਆਂ ਚਾਰਨ ਵਾਲੇ ਵਿਦਿਆਰਥੀ ਕੋਮਲਦੀਪ ਸਿੰਘ ਨੇ ਯੂ. ਜੀ. ਸੀ. ਨੈੱਟ ਦੀ ਪ੍ਰੀਖਿਆ ਪਾਸ ਕਰਨ ਤੋਂ ਬਾਅਦ ਇਕ ਵਾਰ ਫਿਰ ਜੇ. ਆਰ. ਐੱਫ. ਪ੍ਰੀਖਿਆ ਪਾਸ ਕਰਦਿਆਂ ਦੇਸ਼ ਭਰ 'ਚੋਂ 6ਵਾਂ ਰੈਂਕ ਪ੍ਰਾਪਤ ਕਰਕੇ ਪੰਜਾਬ ਤੇ ਪੂਰੇ ਜ਼ਿਲ੍ਹੇ ਦਾ ਨਾਂ ਚਮਕਾ ਦਿੱਤਾ ਹੈ।ਅੱਜ ਪਰਿਵਾਰ ਦੇ ਹਰ ਜੀਅ ਦੇ ਚਿਹਰੇ 'ਤੇ ਮੁਸਕਾਨ ਹੈ ਤੇ ਕਿਹਾ ਜਾ ਰਿਹਾ ਹੈ ਕਿ ਸਾਡਾ ਬੱਕਰੀਆਂ ਚਾਰਨ ਵਾਲਾ ਵੀ ਕਿਸੇ ਨਾਲੋਂ ਘੱਟ ਨਹੀਂ, ਇਹ ਸਿਰਫ ਮਾਂ ਲਖਵੀਰ ਕੌਰ ਤੇ ਪਿਤਾ ਹਰਜਿੰਦਰ ਸਿੰਘ ਦੀ ਮਿਹਨਤ ਦੀ ਜਿੱਤ ਨਹੀਂ, ਬਲਕਿ ਹਰ ਉਸ ਨੌਜਵਾਨ ਲਈ ਰਾਹ ਹੈ, ਜੋ ਸੋਚਦਾ ਹੈ ਕਿ ਹਾਲਾਤ ਮਾਰ ਪਾ ਜਾਂਦੇ ਹਨ। ਨਹੀਂ, ਉਨ੍ਹਾਂ ਨੂੰ ਜਿੱਤਿਆ ਜਾ ਸਕਦਾ ਹੈ। ਨਾਲ ਹੀ ਉਹ ਮਿਸਾਲ ਹੈ ਜੋ ਦੱਸਦੀ ਹੈ, ਹੁਨਰ ਤੇ ਮਿਹਨਤ ਦੇ ਜਜ਼ਬੇ ਨਾਲ ਹਾਲਾਤਾਂ ਨੂੰ ਵੀ ਚੁਣੌਤੀ ਦਿੱਤੀ ਜਾ ਸਕਦੀ ਹੈ।ਇਸ ਸਬੰਧੀ ਸਾਬਕਾ ਵਿਧਾਇਕ ਮੰਗਤ ਰਾਏ ਬਾਂਸਲ, ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਕੁਲਵੰਤ ਰਾਏ ਸਿੰਗਲਾ, ਠੇਕੇਦਾਰ ਗੁਰਪਾਲ ਸਿੰਘ, ਨਗਰ ਕੌਂਸਲ ਪ੍ਰਧਾਨ ਭਾਜਪਾ ਆਗੂ ਸੁਖਪਾਲ ਸਿੰਘ ਨੇ ਪਰਵਾਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਕੋਮਲਦੀਪ ਨੇ ਔਕੜਾਂ ਨੂੰ ਪਿੱਛੇ ਛੱਡ ਬੁਲੰਦੀਆਂ ਨੂੰ ਛੂਹਣ ਲਈ ਆਪਣੀ ਜ਼ਿੰਦ ਜਾਨ ਲਗਾ ਕੇ ਯੂ. ਜੀ. ਸੀ. ਨੈੱਟ ਪ੍ਰੀਖਿਆ ਤੋਂ ਬਾਅਦ ਹੁਣ ਜੇ. ਆਰ. ਐੱਫ. ਪ੍ਰੀਖਿਆ ਪਾਸ ਕਰ ਕੇ ਇਤਿਹਾਸ ਰਚ ਦਿੱਤਾ ਹੈ।

# ਦਫਤਰੀ ਕਾਮਿਆਂ ਨੇ ਹੱਕੀ ਮੰਗਾਂ ਨੂੰ ਲੈ ਕੇ ਫੂਕਿਆ ਸਰਕਾਰ ਦਾ ਪੁਤਲਾ

**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਟੇਟ ਮਨਿਸਟਰੀਅਲ ਸਰਵਿਸਿਜ਼ ਯੂਨੀਅਨ ਪੰਜਾਬ ਦੇ ਦਿੱਤੇ ਗਏ ਸੱਦੇ ਮੁਤਾਬਿਕ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ ਜ਼ਿਲ੍ਹਾ ਮੋਗਾ ਦੇ ਅਹੁਦੇਦਾਰਾਂ ਵੱਲੋਂ ਪੰਜਾਬ ਸਰਕਾਰ ਵੱਲੋਂ ਮੰਨੀਆਂ ਹੋਈਆਂ ਮੰਗਾਂ ਲਾਗੂ ਨਾ ਕਰਨ ਕਰਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਗਾ ਦੇ ਮੇਨ ਗੇਟ ਦੇ ਅੱਗੇ ਪੰਜਾਬ ਸਰਕਾਰ ਦਾ ਪੁਤਲਾ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਦੀਆਂ ਕੁੱਝ ਮੰਗਾਂ ਮੰਨ ਕੇ ਉਨ੍ਹਾਂ ਨੂੰ ਲਾਗੂ ਨਹੀਂ ਕੀਤਾ, ਜਿਸ ਕਰਕੇ ਪੰਜਾਬ ਸਰਕਾਰ ਵੱਲੋਂ ਵਾਅਦਾ ਖਿਲਾਫੀ ਕਰਨ ਕਰਕੇ ਮੁਲਾਜ਼ਮਾਂ ਵਿੱਚ ਰੋਸ ਦੀ ਲਹਿਰ ਹੈ ਤੇ ਮੁਲਾਜ਼ਮ ਦਫਤਰਾਂ ਵਿੱਚੋਂ ਬਾਹਰ ਸੜਕਾਂ 'ਤੇ ਆ ਕੇ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਏ ਹਨ। ਆਗੂਆਂ ਨੇ ਦੱਸਿਆ ਕਿ 08 ਮਾਰਚ ਨੂੰ ਸੂਬਾ ਬਾਡੀ ਦੇ ਸੱਦੇ ਮੁਤਾਬਿਕ ਬਜਟ ਸੈਸ਼ਨ ਦੌਰਾਨ ਮੋਹਾਲੀ ਵਿਖੇ ਸੂਬਾ ਪੱਧਰੀ ਰੋਸ ਰੈਲੀ ਕਰਕੇ ਵਿਧਾਨ ਸਭਾ ਦਾ ਘਿਰਾਓ ਕੀਤਾ ਜਾਵੇਗਾ, ਜਿਸਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਮੁਲਾਜ਼ਮਾਂ ਨੇ ਦੱਸਿਆ ਕਿ ਸੂਬਾ ਬਾਡੀ ਦੇ ਦੱਸੇ ਮੁਤਾਬਿਕ ਸਰਕਾਰ ਪਾਸੋਂ ਮੀਟਿੰਗ ਦਾ ਸਮਾਂ ਨਹੀਂ ਮੰਗਿਆ ਜਾਵੇਗਾ, ਮੰਗਾਂ ਨਾ ਮੰਨਣ ਤੱਕ ਮੁਲਾਜ਼ਮ ਆਪਣੇ ਅਗਲੇ ਐਕਸ਼ਨ ਸਰਕਾਰ ਦੇ ਵਿਰੁੱਧ ਉਲੀਕਦੇ ਰਹਿਣਗੇ। ਇਸ ਰੋਸ ਰੈਲੀ ਵਿੱਚ ਕੁਲਦੀਪ ਸਿੰਘ ਜ਼ਿਲ੍ਹਾ ਪ੍ਰਧਾਨ, ਸੰਦੀਪ ਕੁਮਾਰ ਜਨਰਲ ਸੱਕਤਰ, ਦਲਬੀਰ ਸਿੰਘ ਪ੍ਰਧਾਨ ਡੀ.ਸੀ. ਦਫਤਰ, ਪ੍ਰਵੀਨ ਕੁਮਾਰ ਸੁਪਰਡੈਂਟ, ਪਰਮਿੰਦਰ ਸਿੰਘ, ਮਨਿੰਦਰ ਸਿੰਘ, ਗੁਰਵਿੰਦਰ ਸਿੰਘ, ਸੁਖਰਾਜ ਕੌਰ, ਰਮਨ ਮੈਡਮ, ਖਰਾਜਦੀਪ ਜੈਦਕਾ ਸੀਨੀਅਰ ਮੀਤ ਪ੍ਰਧਾਨ, ਗਗਨਦੀਪ ਸ਼ਰਮਾ ਸੁਪਰਡੈਂਟ, ਨਿਰਮਲ ਸਿੰਘ, ਹਰਪ੍ਰੀਤ ਸਿੰਘ, ਵਾਟਰ ਸਪਲਾਈ ਵਿਭਾਗ, ਹਰਜੋਤ ਭਿੰਡਰ, ਰਮੇਸ਼ ਕੁਮਾਰ, ਰੂਪ ਸਿੰਘ ਤੇ ਬਹਾਦਰ ਸਿੰਘ ਪੀ.ਡਬਲਯੂ.ਡੀ. ਵਿਭਾਗ, ਹਰਸਰਨ ਸਿੰਘ ਕੋਆਪ੍ਰੇਟਿਵ ਵਿਭਾਗ, ਖਜ਼ਾਨਾ ਦਫਤਰ ਤੋਂ ਜਸਵਿੰਦਰ ਸਿੰਘ ਸੀਨੀਅਰ ਸਹਾਇਕ, ਸੰਦੀਪ ਕੁਮਾਰ, ਅਨਮੋਲ ਰੋਜ਼ਗਾਰ ਦਫਤਰ, ਪਰਮਪਾਲ ਸਿੰਘ ਪ੍ਰਧਾਨ ਸਿੱਖਿਆ ਵਿਭਾਗ, ਦਲਜੀਤ ਬੁੱਟਰ ਤੇ ਹੋਰ ਵਿਭਾਗਾਂ ਤੋਂ ਸਾਥੀ ਹਾਜ਼ਰ ਸਨ।



## ਪ੍ਰਦੀਪ ਕੌਰ ਤੇ ਸੋਨੀ ਵਿਰਕ ਬਲਾਕ ਸੰਮਤੀ ਸੁਨਾਮ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਬਣੇ

**ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦਿੱਤੀ ਵਧਾਈ**



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਬਲਾਕ ਸੰਮਤੀ ਸੁਨਾਮ ਦੀ ਚੋਣ ਪ੍ਰਕਿਰਿਆ ਦੌਰਾਨ ਪ੍ਰਦੀਪ ਕੌਰ ਪਤਨੀ ਗੁਰਪ੍ਰੀਤ ਸਿੰਘ ਬਿਗੜਵਾਲ ਨੂੰ ਸਰਵਸੰਮਤੀ ਨਾਲ ਚੇਅਰਮੈਨ ਤੇ ਸੰਦੀਪ ਸਿੰਘ ਸੋਨੀ ਵਿਰਕ ਲਖਮੀਰਵਾਲਾ ਨੂੰ ਵਾਈਸ ਚੇਅਰਮੈਨ ਚੁਣਿਆ ਗਿਆ।ਇਸੇ ਤਰ੍ਹਾਂ ਬਲਾਕ ਸੰਮਤੀ ਜ਼ੋਨ ਸੁਨਾਮ-2 (ਐਟ ਸੰਗਰੂਰ) ਵਿੱਚ ਨਵਦੀਪ ਕੌਰ ਪਤਨੀ ਭੁਪਿੰਦਰ ਸਿੰਘ ਸੰਘਰੇੜੀ ਨੂੰ ਚੇਅਰਮੈਨ ਤੇ ਦਵਿੰਦਰ ਸਿੰਘ ਬਲਵਾੜ ਕਲਾਂ ਨੂੰ ਵਾਈਸ ਚੇਅਰਮੈਨ ਵਜੋਂ ਚੁਣਿਆ ਗਿਆ।ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦਾ ਸਨਮਾਨ ਕੀਤਾ।ਉਨ੍ਹਾਂ ਨਵੇਂ ਚੁਣੇ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਉਹ ਪੂਰਨ ਇਮਾਨਦਾਰੀ ਨਾਲ ਕੰਮ ਕਰ ਕੇ ਸੂਬੇ ਦੇ ਵਿਕਾਸ ਵਿੱਚ ਬਣਦਾ ਯੋਗਦਾਨ ਪਾਉਣ।ਚੁਣੇ ਗਏ ਅਹੁਦੇਦਾਰਾਂ ਨੇ ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉਤਰਨ ਲਈ ਪੂਰੀ ਤਨਦੇਹੀ, ਇਮਾਨਦਾਰੀ ਤੇ ਪਾਰਦਰਸ਼ਿਤਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣਗੇ।ਇਸ ਮੌਕੇ ਬਲਾਕ ਸੰਮਤੀ ਮੈਂਬਰ, ਵੱਖ ਵੱਖ ਅਹੁਦੇਦਾਰ, ਪਤਵੰਤੇ ਤੇ ਵੱਡੀ ਗਿਣਤੀ ਆਮ ਲੋਕ ਹਾਜ਼ਰ ਸਨ।

## ਕੁਲਵੰਤ ਸਿੰਘ ਵੱਲੋਂ ਰੂਰਰ ਹੈਲਥ ਟ੍ਰੇਨਿੰਗ ਸੈਂਟਰ ਸਨੇਟਾ ਦਾ ਦੌਰਾ

**ਮੋਹਾਲੀ (ਗੁਰਜੀਤ ਬਿੱਲਾ)**- ਵਿਧਾਇਕ ਮੋਹਾਲੀ ਕੁਲਵੰਤ ਸਿੰਘ ਦੀ ਤਰਫੋਂ ਰੂਲਰ ਹੈਲਥ ਟ੍ਰੇਨਿੰਗ ਸੈਂਟਰ (ਆਰ ਐੱਚ ਟੀ ਸੀ) ਸਨੇਟਾ ਦਾ ਦੌਰਾ ਕੀਤਾ ਗਿਆ। ਇਸ ਮੌਕੇ ਤੇ ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਭਗਵੰਤ ਸਿੰਘ ਮੁੱਖ ਮੰਤਰੀ



ਪੰਜਾਬ ਦੀ ਅਗਵਾਈ ਹੇਠ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜ਼ਿੰਮੇਵਾਰੀ ਸੰਭਾਲੀ ਹੈ, ਉਸ ਤੋਂ ਕੁਝ ਦਿਨਾਂ ਦੇ ਵਿੱਚ ਹੀ ਉਹਨਾਂ ਵੱਲੋਂ ਕੀਤੇ ਗਏ ਵਾਅਦੇ ਅਤੇ ਦਿੱਤੀਆਂ ਗਈਆਂ ਗਰੰਟੀਆਂ ਦੇ ਵਿੱਚੋਂ ਪੰਜਾਬ ਦੇ ਲੋਕਾਂ ਦੀ ਸਹੂਲਤ ਦੇ ਲਈ ਬਿਜਲੀ ਦੇ 600 ਯੂਨਿਟ ਮਾਫ ਕਰਨ ਦਾ ਐਲਾਨ ਕੀਤਾ ਗਿਆ। ਅੱਜ 80% ਤੋਂ ਵੀ ਵੱਧ ਪਰਿਵਾਰ ਮੁਫਤ ਬਿਜਲੀ ਦਾ ਫਾਇਦਾ ਉਠਾ ਰਹੇ ਹਨ, ਉਹਨਾਂ ਕਿਹਾ ਕਿ ਸਰਕਾਰ ਵੱਲੋਂ ਸ਼ੁਰੂ ਤੋਂ ਹੀ ਪੰਜਾਬ ਵਿੱਚ ਬੁਨਿਆਦੀ ਸਹੂਲਤਾਂ ਜਿਵੇਂ ਸਿਹਤ ਅਤੇ ਸਿੱਖਿਆ ਦੇ ਵੱਲ ਉਚੇਚੇ ਤੌਰ ਤੇ ਧਿਆਨ ਦਿੱਤਾ ਗਿਆ ਸੀ ਅਤੇ ਦਿੱਤਾ ਜਾ ਰਿਹਾ ਹੈ।

## ਜਨਗਣਨਾ 2027 ਨੂੰ ਪੂਰੀ ਜ਼ਿੰਮੇਵਾਰੀ ਨਾਲ ਨੇਪਰੇ ਚਾੜ੍ਹਿਆ ਜਾਵੇ : ਵਧੀਕ ਡਿਪਟੀ ਕਮਿਸ਼ਨਰ

**ਐੱਸ.ਏ.ਐੱਸ. ਨਗਰ, (ਗੁਰਜੀਤ ਬਿੱਲਾ)**- ਅਗਾਮੀ ਜਨਗਣਨਾ 2027 ਦੀਆਂ ਤਿਆਰੀਆਂ ਦੇ ਤਹਿਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹਾਊਸਲਿਸਟਿੰਗ ਅਤੇ ਹਾਊਸਿੰਗ ਜਨਗਣਨਾ ਸਬੰਧੀ ਜ਼ਿਲ੍ਹਾ/ਚਾਰਜ ਅਫ਼ਸਰਾਂ ਅਤੇ ਰੈਗੂਲਰ/ਤਕਨੀਕੀ ਸਹਾਇਕਾਂ ਲਈ ਦੋ ਦਿਨਾਂ ਦੀ ਵਿਸ਼ੇਸ਼ ਟ੍ਰੇਨਿੰਗ ਸਫਲਤਾਪੂਰਵਕ ਮੁਕੰਮਲ ਹੋ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀਮਤੀ ਗੀਤਿਕਾ ਸਿੰਘ ਨੇ ਦੱਸਿਆ ਕਿ ਇਹ ਟ੍ਰੇਨਿੰਗ ਜਨਗਣਨਾ ਵਿਭਾਗ ਪੰਜਾਬ, ਚੰਡੀਗੜ੍ਹ ਦੇ ਅਧਿਕਾਰੀਆਂ ਵੱਲੋਂ ਦਿੱਤੀ ਗਈ, ਜਿਸ ਦੌਰਾਨ ਭਾਗੀਦਾਰਾਂ ਨੂੰ ਜਨਗਣਨਾ ਦੀ ਪ੍ਰਕਿਰਿਆ, ਜ਼ਿੰਮੇਵਾਰੀਆਂ ਅਤੇ ਕਾਰਜ-ਪ੍ਰਣਾਲੀ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ।

## ਹੋਲਾ ਮਹੱਲਾ ਨੂੰ ਸਮਰਪਿਤ ਕੜ੍ਹੀ ਚਾਵਲ ਦਾ ਲੰਗਰ ਲਗਾਇਆ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਹੁਕਮ ਸਿੰਘ ਬਿਲਡਿੰਗ ਬੰਗਾ ਰੋਡ ਫਗਵਾੜਾ ਦੇ ਦੁਕਾਨਦਾਰਾਂ ਵੱਲੋਂ ਬਨਾਰਸੀ ਦਾਸ ਬੰਗੜ ਦੀ ਅਗਵਾਈ ਹੇਠ ਹੋਲਾ ਮਹੱਲਾ ਦੇ ਸਬੰਧ ਵਿੱਚ ਕੜ੍ਹੀ-ਚਾਵਲ ਦਾ ਲੰਗਰ ਲਗਾਇਆ ਗਿਆ। ਜਿਸ ਦੀ ਆਰੰਭਤਾ ਚਰਨਜੀਤ ਸਿੰਘ (ਸੈਣੀ ਟਾਇਰ) ਪ੍ਰਧਾਨ ਸ੍ਰੀ ਗੁਰੂ ਤੇਗ ਬਹਾਦਰ ਮਾਰਕਿਟ ਬੰਗਾ ਰੋਡ ਫਗਵਾੜਾ ਤੇ ਸਮਾਜ ਸੇਵਕ ਪਰਮਜੀਤ ਸਿੰਘ (ਸੋਢੀ) ਸੈਣੀ ਵਲੋਂ ਸਾਂਝੇ ਤੌਰ ਤੇ ਕਰਵਾਈ ਗਈ। ਪਤਵੰਤਿਆਂ ਨੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਤਿਉਹਾਰਾਂ ਦੀ ਖੁਸ਼ੀ ਇਹੋ ਜਿਹੇ ਸੇਵਾ ਕਾਰਜ ਕਰਦੇ ਹੋਏ ਮਨਾਉਣ ਨਾਲ ਪਰਮਾਤਮਾ ਦੀ ਵਿਸ਼ੇਸ਼ ਕਿਰਪਾ ਪ੍ਰਾਪਤ ਹੁੰਦੀ ਹੈ। ਇਸ ਮੌਕੇ ਦੁਨੀਆ ਦੇ ਕਈ ਮੁਲਕਾਂ ਵਿਚਕਾਰ ਚਲ ਰਹੀਆਂ ਜੰਗਾਂ ਦੇ ਖਾਤਮੇ ਅਤੇ ਵਿਸ਼ਵ ਸ਼ਾਂਤੀ ਤੇ ਸਰਬੱਤ ਦੇ ਭਲੇ ਦੀ ਅਰਦਾਸ ਵੀ ਕੀਤੀ ਗਈ। ਲੰਗਰ ਦੀ ਸੇਵਾ ਮੇਜਰ ਬੰਗੜ, ਹੇਮਾ ਬੰਗੜ, ਪ੍ਰਿੰਸ, ਧੰਮੀ, ਮਨੀਸ਼ ਬੰਗੜ, ਬਲਜੀਤ ਸਿੰਘ ਬੱਲੀ, ਅਰਸ਼ਦੀਪ ਸੈਣੀ ਆਦਿ ਵਲੋਂ ਪੂਰੀ ਤਨਦੇਹੀ ਦੇ ਨਾਲ ਨਿਭਾਈ ਗਈ।

## ਐੱਲ ਪੀ ਯੂ ਦੇ ਸਾਬਕਾ ਵਿਦਿਆਰਥੀ ਨੇ ਮੈਨੇਜਮੈਂਟ ਕਲਾਸਰੂਮ ਤੋਂ ਸਿਲੀਕਾਨ ਵੈਲੀ ਤੱਕ ਆਪਣੀ ਪੇਸ਼ੇਵਰ ਯਾਤਰਾ ਸਾਂਝੀ ਕੀਤੀ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਇੱਕ ਪ੍ਰੇਰਨਾਦਾਇਕ ਘਰ ਵਾਪਸੀ ਦੇਖਣ ਨੂੰ ਮਿਲੀ ਜਦੋਂ ਪ੍ਰਸਿੱਧ ਸਾਬਕਾ ਵਿਦਿਆਰਥੀ ਅਨਮੋਲ ਸਿੰਘ ਨੇ ਇੱਕ ਮਨਮੋਹਕ ਯੂਥ ਟਾਕ ਦੌਰਾਨ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ, ਜਿਸ ਵਿੱਚ ਐੱਲ ਪੀ ਯੂ ਗ੍ਰੈਜੂਏਟਾਂ ਦੇ ਵਧਦੇ ਵਿਸ਼ਵ ਪੱਧਰੀ ਪ੍ਰਭਾਵ ਨੂੰ ਪ੍ਰਦਰਸ਼ਿਤ ਕੀਤਾ ਗਿਆ। ਮਿੱਤਲ ਸਕੂਲ ਆਫ਼



ਬਿਜ਼ਨਸ (ਬੈਚ 2023) ਤੋਂ ਬੀ ਬੀ ਏ ਗ੍ਰੈਜੂਏਟ, ਅਨਮੋਲ ਨੇ ਇੱਕ ਗਲੋਬਲ ਸੰਗਠਨ ਵਿੱਚ ਲਗਭਗ 1 ਕਰੋੜ ਦਾ ਅੰਤਰਰਾਸ਼ਟਰੀ ਕਰੀਅਰ ਮੀਲ ਪੱਥਰ ਪ੍ਰਾਪਤ ਕੀਤਾ ਹੈ। ਸੈਸ਼ਨ ਦੌਰਾਨ ਅਨਮੋਲ ਨੇ ਐੱਲ ਪੀ ਯੂ ਵਿਖੇ ਮੈਨੇਜਮੈਂਟ ਕਲਾਸਰੂਮ ਤੋਂ ਸਿਲੀਕਾਨ ਵੈਲੀ ਦੇ ਨਵੀਨਤਾ-ਸੰਚਾਲਿਤ ਈਕੋਸਿਸਟਮ ਤੱਕ ਆਪਣੀ ਪੇਸ਼ੇਵਰ ਯਾਤਰਾ ਸਾਂਝੀ ਕੀਤੀ। ਉਸ ਦੇ ਕਰੀਅਰ ਵਿੱਚ ਟੇਸਲਾ ਵਿੱਚ ਕੀਮਤੀ ਤਜਰਬਾ ਸ਼ਾਮਲ ਹੈ, ਜਿੱਥੇ ਉਸ ਨੇ ਮਾਡਲ 3, ਮਾਡਲ ਵਾਈ, ਅਤੇ ਆਪਟੀਮਸ ਇਨੀਸ਼ੀਏਟਿਵ ਵਰਗੇ ਪ੍ਰੋਜੈਕਟਾਂ ਨਾਲ ਸਬੰਧਤ ਉੱਨਤ ਨਿਰਮਾਣ ਅਤੇ ਗੁਣਵੱਤਾ ਕਾਰਜਾਂ ਵਿੱਚ ਯੋਗਦਾਨ ਪਾਇਆ। ਆਪਣੇ ਅੰਤਰ-ਅਨੁਸ਼ਾਸਨੀ ਕੰਮ ਨੂੰ ਵਧਾਉਂਦੇ ਹੋਏ, ਅਨਮੋਲ ਵਰਤਮਾਨ ਵਿੱਚ ਟਾਟਾ ਐਲਕਸੀ ਵਿੱਚ ਇੱਕ ਖੋਜ ਤੇ ਵਿਕਾਸ ਇੰਜੀਨੀਅਰ ਅਤੇ ਸੀਨੀਅਰ ਖੋਜ ਸਲਾਹਕਾਰ ਵਜੋਂ ਸੇਵਾ ਨਿਭਾਉਂਦੇ ਹਨ, ਜਿੱਥੇ ਉਹ ਖੋਜ, ਨਵੀਨਤਾ ਅਤੇ ਲਾਗਤ-ਕੁਸ਼ਲ ਡਿਜ਼ਾਈਨ ਦੇ ਲਾਂਘੇ 'ਤੇ ਕੰਮ ਕਰਦੇ ਹਨ। ਡਾ. ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਨੇ ਕਿਹਾ ਕਿ ਐਲਪੀਯੂ ਦੇ ਗ੍ਰੈਜੂਏਟ ਅੱਜ ਵੱਖ-ਵੱਖ ਮਹਾਂਦੀਪਾਂ ਵਿੱਚ ਮੌਜੂਦ ਹਨ, ਜੋ ਮੋਹਰੀ ਬਹੁ-ਰਾਸ਼ਟਰੀ ਅਤੇ ਫਾਰਚੂਨ 500 ਸੰਗਠਨਾਂ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੇ ਹਨ।

## ਸੰਗਤਾਂ ਭਾਰੀ ਗਿਣਤੀ 'ਚ ਦਮੜੀ ਸ਼ੋਭਾ ਯਾਤਰਾ 'ਚ ਸ਼ਾਮਲ ਹੋਣਗੀਆਂ : ਸੰਤ ਸਰਵਣ ਦਾਸ, ਸੰਤ ਸਤਵਿੰਦਰ ਹੀਰਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੀ ਅਗਵਾਈ ਹੇਠ ਸਤਿਗੁਰੂ ਰਵਿਦਾਸ ਮਹਾਰਾਜ ਅਤੇ ਸਮਾਜ ਦੇ ਮਹਾਨ ਰਹਿਬਰਾਂ ਦੀ ਕ੍ਰਾਂਤੀਕਾਰੀ ਵਿਚਾਰਧਾਰਾ ਦੇ ਪ੍ਰਚਾਰ ਤੇ ਪ੍ਰਸਾਰ ਲਈ ਸ਼ੁਰੂ ਕੀਤੀ ਮਹਾਨ ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਲਈ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਿੱਚ ਭਾਰੀ ਉਤਸ਼ਾਹ ਅਤੇ ਸ਼ਰਧਾ ਹੈ ਅਤੇ ਸੰਗਤਾਂ ਭਾਰੀ ਗਿਣਤੀ ਵਿੱਚ ਸ਼ੋਭਾ ਯਾਤਰਾ ਵਿੱਚ ਸ਼ਾਮਲ ਹੋਣਗੀਆਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ



ਆਦਿ ਧਰਮ ਸਾਧੂ ਸਮਾਜ ਦੇ ਰਾਸ਼ਟਰੀ ਪ੍ਰਧਾਨ ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ. ਮੀਤ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਅਤੇ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਨੇ ਕਿਹਾ ਕਿ ਪਿਛਲੇ ਦੋ ਦਹਾਕਿਆਂ ਤੋਂ ਕੌਮ ਦੇ ਮਹਾਨ ਵਿਦਵਾਨ ਸੰਤ ਮਹਾਂਪੁਰਸ਼ ਸੰਤ ਸਰਵਣ ਦਾਸ ਬੋਹਣ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ, ਸੰਤ ਨਿਰਮਲ ਦਾਸ ਬਾਬੇ ਜੌੜੇ ਪ੍ਰਧਾਨ, ਸੰਤ ਇੰਦਰ ਦਾਸ ਸ਼ੇਖੇ ਜਨਰਲ ਸਕੱਤਰ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ ਅਤੇ ਵੱਖ ਵੱਖ ਡੇਰਿਆਂ ਦੇ ਸੰਤਾਂ ਮਹਾਂਪੁਰਖਾਂ ਦੀ ਯੋਗ ਅਗਵਾਈ ਹੇਠ ਆਰੰਭ ਹੋਈ ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਅੱਜ ਪੂਰੇ ਵਿਸ਼ਵ ਪੱਧਰ ਤੇ ਪ੍ਰਸਿੱਧੀ ਪ੍ਰਾਪਤ ਕਰ ਚੁੱਕੀ ਹੈ। ਉਨ੍ਹਾਂ ਕਿਹਾ ਕਿ 3 ਅਪ੍ਰੈਲ ਨੂੰ ਪੰਜਾਬ ਅਤੇ 4 ਤੇ 5 ਅਪ੍ਰੈਲ ਨੂੰ ਹਰਿਦੁਆਰ ਤੱਕ ਸੰਗਤਾਂ ਦਾ ਠਾਠਾਂ ਮਾਰਦਾ ਇਕੱਠ ਵੱਖਰਾ ਅਲੌਕਿਕ ਦ੍ਰਿਸ਼ ਪੇਸ਼ ਕਰਦਾ ਹੈ। ਸੰਤ ਸਰਵਣ ਦਾਸ, ਸੰਤ ਸਤਵਿੰਦਰ ਹੀਰਾ ਨੇ ਕਿਹਾ ਕਿ ਸ਼ੋਭਾ ਯਾਤਰਾ ਦਾ ਮੁੱਖ ਮਨੋਰਥ ਸਤਿਗੁਰੂ ਰਵਿਦਾਸ ਮਹਾਰਾਜ ਦੀ ਕ੍ਰਾਂਤੀਕਾਰੀ ਬਾਣੀ ਦਾ ਪ੍ਰਚਾਰ ਤੇ ਪ੍ਰਸਾਰ ਅਤੇ ਆਦਿ ਧਰਮ ਦੇ ਮਹਾਨ ਰਹਿਬਰ ਬਾਬੂ ਮੰਗੂ ਰਾਮ ਮੁੱਗੋਵਾਲੀਆ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ, ਬਾਬੂ ਕਾਂਸ਼ੀ ਰਾਮ ਦੀ ਆਰਥਿਕ, ਸਮਾਜਕ ਅਤੇ ਰਾਜਨੀਤਕ ਪਰਿਵਰਤਨ ਦੀ ਲਹਿਰ ਨੂੰ ਜਨ ਜਨ ਤੱਕ ਪਹੁੰਚਾਉਣ ਲਈ ਬਣਦਾ ਵੱਡਾ ਯੋਗਦਾਨ ਪਾਉਣਾ ਹੈ।ਉਨ੍ਹਾਂ ਕਿਹਾ ਇਤਿਹਾਸਕ ਬੇਗਮਪੁਰਾ ਹਰਿਦੁਆਰ ਦਮੜੀ ਸ਼ੋਭਾ ਯਾਤਰਾ 3 ਅਪ੍ਰੈਲ ਨੂੰ ਰੇਲਵੇ ਸਟੇਸ਼ਨ ਜਲੰਧਰ ਤੋਂ ਆਰੰਭ ਹੋਵੇਗੀ ਅਤੇ 5 ਅਪ੍ਰੈਲ ਨੂੰ ਹਰਿਦੁਆਰ ਵਿਖੇ ਸਤਿਗੁਰੂ ਰਵਿਦਾਸ ਮਹਾਰਾਜ ਦਾ 649ਵਾਂ ਪ੍ਰਕਾਸ਼ ਪੁਰਬ ਸ਼ਰਧਾ ਪੂਰਵਕ ਮਨਾਇਆ ਜਾਵੇਗਾ।

## ਹਰਿਆਣਾ ਰਾਜ ਸਭਾ ਚੋਣ: ਤਿੰਨ ਉਮੀਦਵਾਰਾਂ ਨੇ ਭਰੀਆਂ ਨਾਮਜ਼ਦਗੀਆਂ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਰਾਜਸਭਾ ਦੇ ਦੋ ਸਾਲਾਂ ਚੋਣ ਲਈ ਨਾਮਜਦ ਰਿਟਰਨਿੰਗ ਅਫਸਰ ਸ੍ਰੀ ਪੰਕਜ ਅਗਰਵਾਲ ਨੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ 16 ਮਾਰਚ ਨੂੰ ਹੋਣ ਵਾਲੇ ਰਾਜਸਭਾ ਚੋਣ ਲਈ ਅੱਜ ਤਿੰਨ ਨਾਮਜਦਗੀ ਪੱਤਰ ਪ੍ਰਾਪਤ ਹੋਏ ਹਨ।ਸ੍ਰੀ ਅਗਰਵਾਲ ਨੇ ਦਸਿਆ ਕਿ ਭਾਰਤੀ ਜਨਤਾ ਪਾਰਟੀ ਵੱਲੋਂ ਸੰਜੈ ਭਾਟੀਆ, ਭਾਰਤੀ ਰਾਸ਼ਟਰੀ ਕਾਂਗਰਸ ਵੱਲੋਂ ਕਰਮਵੀਰ ਸਿੰਘ ਬੌਧ ਅਤੇ ਆਜਾਦ ਉਮੀਦਵਾਰ ਵਜੋ ਸਤੀਸ਼ ਨਾਂਦਲ ਨੇ ਆਪਣੇ-ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਹਨ।ਉਨ੍ਹਾਂ ਨੇ ਅੱਗੇ ਦਸਿਆ ਕਿ ਉਮੀਦਵਾਰ 9 ਮਾਰਚ ਤੱਕ ਆਪਣੀ ਨਾਮਜ਼ਦਗੀ ਵਾਪਸ ਲੈ ਸਕਦੇ ਹਨ।

## ਵਿਧਾਇਕ ਵੱਲੋਂ ਵੈਟਰਨਰੀ ਹਸਪਤਾਲ ਦੀ ਨਵੀਂ ਇਮਾਰਤ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ

**ਲਾਲੜੂ (ਕ੍ਰਿਸ਼ਨ ਗਰਗ)**- ਲਾਲੜੂ ਤੇ ਆਸ-ਪਾਸ ਦੇ ਪਿੰਡਾਂ ਦੇ ਵਸਨੀਕਾਂ ਅਤੇ ਪਸ਼ੂ ਪਾਲਕਾਂ ਨੂੰ ਵੱਡੀ ਰਾਹਤ ਦਿੰਦਿਆਂ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਲਾਲੜੂ ਸਥਿਤ ਸਿਵਲ ਵੈਟਰਨਰੀ



ਹਸਪਤਾਲ ਦੀ ਨਵੀਂ ਇਮਾਰਤ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ। ਇਹ ਪ੍ਰੋਜੈਕਟ ਲਗਭਗ 49.64 ਲੱਖ ਰੁਪਏ ਦੀ ਲਾਗਤ ਨਾਲ ਪੂਰਾ ਕੀਤਾ ਜਾਵੇਗਾ। ਇਸ ਮੌਕੇ ਸੰਬੋਧਨ ਕਰਦੇ ਹੋਏ ਵਿਧਾਇਕ ਰੰਧਾਵਾ ਨੇ ਦੱਸਿਆ ਕਿ ਮੌਜੂਦਾ ਵੈਟਰਨਰੀ ਹਸਪਤਾਲ ਦੀ ਇਮਾਰਤ 1961 ਵਿੱਚ ਬਣੀ ਸੀ ਤੇ ਕਈ ਦਹਾਕਿਆਂ ਤੋਂ ਇਲਾਕੇ ਦੀ ਸੇਵਾ ਕਰ ਰਹੀ ਸੀ। ਹੁਣ ਪਿਛਲੇ ਕੁਝ ਸਮੇਂ ਤੋਂ ਇਸ ਇਮਾਰਤ ਨੂੰ ਅਸੁਰੱਖਿਅਤ ਘੋਸ਼ਿਤ ਕਰ ਦਿੱਤਾ ਗਿਆ ਸੀ। ਵਧਦੀ ਆਬਾਦੀ ਅਤੇ ਪਸ਼ੂ ਪਾਲਕਾਂ ਦੀਆਂ ਵਧ ਰਹੀਆਂ ਲੋੜਾਂ ਨੂੰ ਦੇਖਦਿਆਂ ਨਵੀਂ ਅਤੇ ਆਧੁਨਿਕ ਇਮਾਰਤ ਦਾ ਨਿਰਮਾਣ ਕਰਨਾ ਜ਼ਰੂਰੀ ਹੋ ਗਿਆ ਸੀ। ਉਨ੍ਹਾਂ ਕਿਹਾ ਕਿ ਨਵੀਂ ਇਮਾਰਤ ਬਣਨ ਨਾਲ ਇਲਾਕੇ ਵਿੱਚ ਪਸ਼ੂ ਚਿਕਿਤਸਾ ਸੇਵਾਵਾਂ ਵਿੱਚ ਕਾਫ਼ੀ ਸੁਧਾਰ ਆਵੇਗਾ ਅਤੇ ਪਸ਼ੂਆਂ ਦੇ ਇਲਾਜ ਲਈ ਵਧੀਆ ਸੁਵਿਧਾਵਾਂ ਮਿਲਣਗੀਆਂ, ਕਿਉਂਕਿ ਪਸ਼ੂ ਪਾਲਣਾ ਪਿੰਡਾਂ ਦੇ ਪਰਿਵਾਰਾਂ ਦੀ ਰੋਜ਼ੀ-ਰੋਟੀ ਦਾ ਇੱਕ ਮਹੱਤਵਪੂਰਨ ਸਰੋਤ ਹੈ।ਸਥਾਨਕ ਵਸਨੀਕਾਂ ਅਤੇ ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਨੇ ਇਸ ਪ੍ਰੋਜੈਕਟ ਦੀ ਸ਼ੁਰੂਆਤ ਕਰਨ ਲਈ ਪੰਜਾਬ ਸਰਕਾਰ ਅਤੇ ਵਿਧਾਇਕ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਨਵੀਂ ਇਮਾਰਤ ਨਾਲ ਲਾਲੜੂ ਅਤੇ ਆਸ-ਪਾਸ ਦੇ ਪਿੰਡਾਂ ਦੇ ਪਸ਼ੂ ਪਾਲਕਾਂ ਨੂੰ ਵੱਡਾ ਲਾਭ ਹੋਵੇਗਾ। ਇਸ ਮੌਕੇ ਸੀਨੀਅਰ ਵੈਟਰਨਰੀ ਅਫ਼ਸਰ ਡਾ. ਭੁਪਿੰਦਰ ਸਿੰਘ, ਵੈਟਰਨਰੀ ਅਫ਼ਸਰ ਡਾ. ਕੁਸੁਮ ਲਤਾ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ। ਇਸ ਮੌਕੇ ਆਮ ਆਦਮੀ ਪਾਰਟੀ ਦੀ ਸਮੁੱਚੀ ਟੀਮ ਵੀ ਮੌਜੂਦ ਰਹੀ ।

## ਭ੍ਰਿਸ਼ਟਾਚਾਰ ਦੇ ਮੁੱਦਿਆਂ ਨੂੰ ਲੈ ਕੇ ਸਹਿਗਲ ਨੇ ਡਿਪਟੀ ਕਮਿਸ਼ਨਰ ਨੂੰ ਦਿੱਤਾ ਯਾਦ ਪੱਤਰ

**ਜਲੰਧਰ (ਰਾਜੇਸ਼ ਥਾਪਾ)**- ਸ਼ਹਿਰ ਦੇ ਉੱਘੇ ਸਮਾਜ ਸੇਵੀ ਅਤੇ ਸੋਸ਼ਲ ਇੰਫਲੂਐਂਸਰ ਇੰਜੀਨੀਅਰ ਮਨੋਹਰ ਲਾਲ ਸਹਿਗਲ ਵੱਲੋਂ ਜਲੰਧਰ ਦੇ ਡਿਪਟੀ ਕਮਿਸ਼ਨਰ ਨੂੰ ਇੱਕ ਯਾਦ ਪੱਤਰ ਸੌਂਪਿਆ ਗਿਆ। ਇਸ ਪੱਤਰ ਰਾਹੀਂ ਉਨ੍ਹਾਂ ਨੇ ਸ਼ਹਿਰ ਦੀਆਂ ਅਧੂਰੀਆਂ ਵਿਕਾਸ ਯੋਜਨਾਵਾਂ, ਉਦਯੋਗਿਕ ਗਿਰਾਵਟ ਅਤੇ ਜਲੰਧਰ ਇੰਪਰੂਵਮੈਂਟ ਟਰੱਸਟ ਵਿੱਚ ਹੋਏ ਕਥਿਤ ਘਪਲਿਆਂ ਵੱਲ ਪ੍ਰਸ਼ਾਸਨ ਦਾ ਧਿਆਨ ਦਿਵਾਇਆ ਹੈ। ਮੀਡੀਆ ਨਾਲ ਗੱਲਬਾਤ ਕਰਦਿਆਂ ਇੰਜੀ. ਸਹਿਗਲ ਨੇ ਕਿਹਾ ਕਿ ਉਨ੍ਹਾਂ ਨੇ ਪਹਿਲਾਂ 30 ਜਨਵਰੀ 2026 ਨੂੰ ਇੱਕ ਬੇਨਤੀ ਪੱਤਰ ਦਿੱਤਾ ਸੀ, ਜਿਸ 'ਤੇ ਹਾਲੇ ਤੱਕ ਕੋਈ ਠੋਸ ਕਾਰਵਾਈ ਨਹੀਂ ਹੋਈ। ਉਨ੍ਹਾਂ ਮੁੱਖ ਤੌਰ 'ਤੇ ਹੇਠ ਲਿਖੇ ਮੁੱਦੇ ਉਠਾਏ ਪੰਜਾਬ ਦੀ ਸ਼ਾਨ ਕਹੇ ਜਾਣ ਵਾਲੇ ਸਪੋਰਟਸ, ਲੈਦਰ ਅਤੇ ਟੈਕਸਟਾਈਲ ਉਦਯੋਗ ਦੂਜੇ ਰਾਜਾਂ ਵਿੱਚ ਜਾ ਰਹੇ ਹਨ, ਜਿਸ ਨੂੰ ਰੋਕਣ ਲਈ ਤੁਰੰਤ ਕਦਮ ਚੁੱਕਣ ਦੀ ਲੋੜ ਹੈ। ਜਲੰਧਰ ਸਿਟੀ ਰੇਲਵੇ ਸਟੇਸ਼ਨ



ਅਤੇ ਸ਼ਹਿਰ ਦੇ ਹੋਰ ਅਧੂਰੇ ਪਏ ਸਮਾਰਟ ਸਿਟੀ ਪ੍ਰੋਜੈਕਟਾਂ ਨੂੰ ਜਲਦ ਪੂਰਾ ਕੀਤਾ ਜਾਵੇ। ਖਾਸ ਕਰਕੇ ਦੁਮੋਰੀਆ ਪੁਲ ਤੋਂ 120 ਫੁੱਟ ਰੋਡ ਨੂੰ ਜੋੜਨ ਦਾ ਕੰਮ ਪਹਿਲ ਦੇ ਆਧਾਰ 'ਤੇ ਹੋਣਾ ਚਾਹੀਦਾ ਹੈ।ਸੂਰਿਆ ਇਨਕਲੇਵ ਐਕਸਟੈਨਸ਼ਨ ਅਤੇ ਬੀਬੀ ਭਾਨੀ ਕੰਪਲੈਕਸ ਵਰਗੀਆਂ ਸਕੀਮਾਂ ਵਿੱਚ ਅਲਾਟੀਆਂ ਨਾਲ ਹੋਈ ਧੋਖਾਧੜੀ ਦਾ ਮੁੱਦਾ ਚੁੱਕਦਿਆਂ ਉਨ੍ਹਾਂ ਕਿਹਾ ਕਿ ਅਦਾਲਤੀ ਫੈਸਲਿਆਂ ਦੇ ਬਾਵਜੂਦ ਲੋਕਾਂ ਦੇ ਲਗਭਗ 80 ਕਰੋੜ ਰੁਪਏ ਵਾਪਸ ਨਹੀਂ ਕੀਤੇ ਜਾ ਰਹੇ। ਪੱਟੀ-ਫਿਰੋਜ਼ਪੁਰ ਰੇਲ ਲਿੰਕ ਅਤੇ ਆਦਮਪੁਰ ਨੇੜੇ ਰੁਕੇ ਹੋਏ ਨੈਸ਼ਨਲ ਹਾਈਵੇਅ ਦੇ ਕੰਮ ਨੂੰ ਤੁਰੰਤ ਸ਼ੁਰੂ ਕਰਵਾਉਣ ਦੀ ਮੰਗ ਕੀਤੀ ਗਈ ਹੈ। ਸ਼ਹਿਰ ਦੇ ਢਾਬਿਆਂ ਅਤੇ ਰੈਸਟੋਰੈਂਟਾਂ ਵੱਲੋਂ ਸੜਕਾਂ 'ਤੇ ਲਗਾਈਆਂ ਭੱਠੀਆਂ ਕਾਰਨ ਫੈਲ ਰਹੇ ਧੂਏਂ ਤੇ ਪ੍ਰਦੂਸ਼ਣ ਬਾਰੇ ਵੀ ਪ੍ਰਸ਼ਾਸਨ ਨੂੰ ਸਖ਼ਤ ਕਾਰਵਾਈ ਕਰਨ ਦੀ ਅਪੀਲ ਕੀਤੀ ਗਈ।ਇੰਜੀ. ਸਹਿਗਲ ਨੇ ਉਮੀਦ ਜਤਾਈ ਕਿ ਪ੍ਰਸ਼ਾਸਨ ਜਲੰਧਰ ਦੀ ਭਲਾਈ ਲਈ ਇਨ੍ਹਾਂ ਗੰਭੀਰ ਮੁੱਦਿਆਂ 'ਤੇ ਜਲਦ ਕਾਰਵਾਈ ਕਰੇਗਾ। ਇਸ ਪੱਤਰ ਦੀਆਂ ਕਾਪੀਆਂ ਮੁੱਖ ਮੰਤਰੀ ਪੰਜਾਬ, ਸਥਾਨਕ ਸਰਕਾਰਾਂ ਮੰਤਰੀ ਅਤੇ ਇਲਾਕੇ ਦੇ ਸੰਸਦ ਮੈਂਬਰ ਨੂੰ ਵੀ ਭੇਜੀਆਂ ਗਈਆਂ ਹਨ।

## ਪ੍ਰੋਜੈਕਟ ਐਕਸਪੈਂਸ਼ਨ ਲਈ ਲਗਾਇਆ ਜਾਵੇਗਾ ਵੱਖ ਟੈਂਡਰ : ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਫੈਸਲਾ ਕੀਤਾ ਹੈ ਕਿ ਕਿਸੇ ਪ੍ਰੋਜੈਕਟ ਦੇ ਲਾਗੂ ਕਰਨ ਦੌਰਾਨ ਜੇਕਰ ਉਸ ਪਰਿਯੋਜਨਾ ਵਿੱਚ ਕੰਮ ਦਾ ਵਿਸਤਾਰ ਕੀਤੇ ਜਾਣ ਦੀ ਜ਼ਰੂਰਤ ਹੈ ਤਾਂ ਉਸ ਦੇ ਲਈ ਨਵਾਂ ਟੈਂਡਰ ਲਗਾਇਆ ਜਾਵੇਗਾ। ਇਸ ਨਾਲ ਏਨਹਾਂਸਮੈਂਟ ਵਰਗੀ ਸਮਸਿਆਵਾਂ ਦਾ ਹੱਲ ਯਕੀਨੀ ਹੋਵੇਗਾ। ਮੁੱਖ ਮੰਤਰੀ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਸੁਆਲਸਮੇਂ ਦੌਰਾਨ ਸਦਨ ਵਿੱਚ ਜਵਾਬ ਦੇ ਰਹੇ ਸਨ।ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮੌਜੂਦਾ ਵਿੱਚ ਅਜਿਹੀ ਸਥਿਤੀ ਹੈ ਕਿ ਕੋਈ ਪ੍ਰੋਜੈਕਟ ਚੱਲ ਰਿਹਾ ਹੈ ਤਾਂ ਵਿੱਚ ਹੀ ਐਕਸਪੈਂਸ਼ਨ ਕਰ ਦਿੰਦੇ ਹਨ ਅਤੇ ਵਾਰ-ਵਾਰ ਐਕਸਪੈਂਸ਼ਨ ਨਾਲ ਬਹੁਤ ਸਮਸਿਆ ਆਉਂਦੀ ਹੈ, ਜਿਸ ਨਾਲ ਬਜਟ ਵੱਧਣ ਅਤੇ ਏਨਹਾਂਸਮੈਂਟ ਵਰਗੀ ਮੁਸ਼ਕਲਾਂ ਉਤਪਨ ਹੁੰਦੀਆਂ ਹਨ। ਇਨ੍ਹਾਂ ਸਾਰਿਆਂ ਦੇ ਹੱਲ ਤਹਿਤ ਸਰਕਾਰ ਨੇ ਫੈਸਲਾ ਕੀਤਾ ਹੈ ਕਿ ਕਿਸੇ ਪ੍ਰੋਜੈਕਟ ਲਈ ਕੋਈ ਟੈਂਡਰ ਲੱਗਾ ਹੈ ਅਤੇ ਜੇਕਰ ਉਸ ਵਿੱਚ ਕਿਸੇ ਤਰ੍ਹਾ ਦਾ ਵਿਸਤਾਰ ਕਰਨਾ ਹੈ ਤਾਂ ਉਸ ਦੇ ਲਈ ਵੱਖ ਤੋਂ ਟੈਂਡਰ ਲਗਾਇਆ ਜਾਵੇਗਾ। ਇਸ ਸਬੰਧ ਵਿੱਚ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ ਜਾ ਚੁੱਕੇ ਹਨ।

## ਬਲਾਕ ਸੰਮਤੀ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਸਰਬਸੰਮਤੀ ਨਾਲ ਚੋਣ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਬਲਾਕ ਗੜ੍ਹਸ਼ੰਕਰ ਵਿੱਚ ਬਲਾਕ ਸੰਮਤੀ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਚੋਣ ਸਰਬਸੰਮਤੀ ਨਾਲ ਸਰਦਾਰ ਜੈ ਕ੍ਰਿਸ਼ਨ ਸਿੰਘ ਰੌੜੀ



ਡਿਪਟੀ ਸਪੀਕਰ ਪੰਜਾਬ, ਪਰਮਪ੍ਰੀਤ ਸਿੰਘ ਉੱਪ ਮੰਡਲ ਮੈਜਿਸਟ੍ਰੇਟ ਗੜ੍ਹਸ਼ੰਕਰ ਤੇ ਮਨਜਿੰਦਰ ਕੌਰ ਬੀ. ਡੀ. ਪੀ. ਓ. ਗੜ੍ਹਸ਼ੰਕਰ ਦੀ ਮੌਜੂਦਗੀ ਵਿੱਚ ਹੋਈ। ਜਿਸ ਵਿੱਚ ਡਾ. ਪਰਮਜੀਤ ਪਾਲ ਚੇਅਰਮੈਨ ਜੋਨ ਗੜ੍ਹੀ ਅਤੇ ਵਾਈਸ ਚੇਅਰਮੈਨ ਸ਼੍ਰੀਮਤੀ ਜਸਪਾਲ ਕੌਰ ਜੋਨ ਸੈਲਾ ਖੁਰਦ ਨੂੰ ਸਰਬਸੰਮਤੀ ਨਾਲ ਨਿਯੁਕਤ ਕੀਤਾ ਗਿਆ। ਇਸ ਮੌਕੇ ਡਿਪਟੀ ਸਪੀਕਰ ਰੌੜੀ ਵੱਲੋਂ ਨਵ-ਚੁਣੇ ਗਏ ਚੇਅਰਮੈਨ ਤੇ ਵਾਈਸ ਚੇਅਰਮੈਨ ਨੂੰ ਫੁੱਲ ਮਾਲਾਵਾਂ ਪਾ ਕੇ ਅਤੇ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਉਨ੍ਹਾਂ ਨੇ ਸਭ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਬਲਾਕ ਦੇ ਸਰਵਪੱਖੀ ਵਿਕਾਸ, ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਦੇ ਵਿਸਥਾਰ ਅਤੇ ਲੋਕ ਭਲਾਈ ਯੋਜਨਾਵਾਂ ਨੂੰ ਤਰਜੀਹ ਦੇਣਗੇ। ਇਸ ਮੌਕੇ ਹਲਕਾ ਸੰਗਠਨ ਇੰਚਾਰਜ ਚਰਨਜੀਤ ਸਿੰਘ ਚੰਨੀ, ਹਰਜਿੰਦਰ ਸਿੰਘ ਧੰਜਲ, ਸਰਪੰਚ ਗੁਰਲਾਲ ਸੈਲਾ, ਡਾ ਹਰਭਜਨ. ਮਹਿਮੀ , ਰਜੀਵ ਕੰਡਾਂ, ਅਮਨ ਰਾਣਾ, ਸੋਹਣ ਲਾਲ, ਗੁਲਸ਼ਨ ਦੇਵੀ, ਗੁਲਸ਼ਨ ਠਾਕੁਰ, ਰਿਕੂ ਟਿੱਬਿਆਂ, ਸੰਤੋਖ ਰਾਮ ਪਰਵੀਨ ਸੇਖੋਵਾਲ, ਬੰਦਨਾ ਕੰਡਾ ਰੋਡਮਜਾਰਾ,ਵਿਨੋਦ ਸਰਪੰਚ ਕੁਨੈਲ, ਕੁਲਦੀਪ ਸਿੰਘ, ਨਰਿੰਦਰ ਕੌਰ,ਸਤੀਸ਼ ਕੁਮਾਰ ਪੀਟਾ, ਪ੍ਰੇਮ ਕੁਮਾਰ ਬਿੰਜੋ, ਪਰਮਜੀਤ ਸਿੰਘ, ਜਸਪ੍ਰੀਤ ਕੌਰ ਅਤੇ ਪਾਰਟੀ ਵਰਕਰ ਸ਼ਾਮਿਲ ਸਨ।

## ਜਲ ਸਪਲਾਈ ਤਾਲਮੇਲ ਸੰਘਰਸ਼ ਕਮੇਟੀ ਵੱਲੋਂ ਮੀਟਿੰਗ ਦੀ ਮੰਗ



**ਨਕੋਦਰ (ਮਨਜੀਤ ਮਾਨ)**- ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਰੈਗੂਲਰ ਫੀਲਡ, ਮੁਲਾਜ਼ਮਾਂ ਤੇ ਠੇਕਾ ਕਾਮਿਆਂ ਦੀਆਂ ਜਥੇਬੰਦੀਆਂ ਤੇ ਆਧਾਰਤ ਪੀ ਡਬਲਿਊ ਡੀ ਜਲ ਸਪਲਾਈ ਤੇ ਤਾਲਮੇਲ ਸੰਘਰਸ਼ ਕਮੇਟੀ ਪੰਜਾਬ ਦੇ ਕਨਵੀਨਰ ਮਲਾਗਰ ਸਿੰਘ ਖਮਾਣੋਂ, ਮਨਜੀਤ ਸਿੰਘ ਸੰਗਤਪੁਰਾ, ਸੁਖਨੰਦਨ ਸਿੰਘ ਮਹਣੀਆ, ਸਰਬਜੀਤ ਸਿੰਘ ਭੁੱਲਰ, ਦਵਿੰਦਰ ਸਿੰਘ ਨਾਭਾ ਕੋ ਕਨਵੀਨਰ ਬਿਕਰ ਸਿੰਘ ਮਾਖਾ, ਮੁਕੇਸ਼ ਕੰਡਾ, ਨਰਿੰਦਰ ਸਿੰਘ ਹਰਪ੍ਰੀਤ ਸਿੰਘ, ਮਹਿਮਾ ਸਿੰਘ ਧਨੌਲਾ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਵਿਭਾਗ ਵਿੱਚ ਕੰਮ ਕਰਦੇ ਫੀਲਡ ਮੁਲਾਜ਼ਮਾਂ ਤੇ ਇਨਲਿਸਟਮੈਂਟ ਤੇ ਆਊਟਸੋਰਸਿੰਗ ਕਾਮਿਆਂ ਦੀਆਂ ਮੰਗਾਂ ਸਬੰਧੀ ਵਿਭਾਗੀ ਮੁਖੀ ਨੂੰ ਮੰਗ ਪੱਤਰ ਦੇ ਕੇ ਮੀਟਿੰਗ ਦੀ ਮੰਗ ਕੀਤੀ ਗਈ ਸੀ , ਪ੍ਰੰਤੂ ਦੋ ਮਹੀਨੇ ਬੀਤ ਜਾਣ ਤੇ ਵੀ ਵਿਭਾਗੀ ਮੁਖੀ ਵੱਲੋਂ ਮੰਗਾਂ ਤੇ ਵਿਚਾਰ ਵਟਾਂਦਰਾ ਕਰਨ ਹਿੱਤ ਸੰਘਰਸ਼ ਕਮੇਟੀ ਨੂੰ ਮੀਟਿੰਗ ਦਾ ਸਮਾਂ ਨਹੀਂ ਦਿੱਤਾ ਗਿਆ, ਜਿਸ ਸਬੰਧੀ ਵਿਭਾਗੀ ਮੁਖੀ ਨੂੰ ਚਿਤਾਵਨੀ ਪੱਤਰ ਜਾਰੀ ਕਰਦਿਆਂ ਦੱਸਿਆ ਕਿ ਜੇਕਰ ਵਿਭਾਗੀ ਮੁਖੀ ਵੱਲੋਂ ਮੀਟਿੰਗ ਦਾ ਸਮਾਂ ਨਾ ਦਿੱਤਾ ਤਾਂ ਸੰਘਰਸ਼ ਕਮੇਟੀ ਵਿਭਾਗੀ ਮੁਖੀ ਵਿਰੁੱਧ ਸੰਘਰਸ਼ ਦਾ ਐਲਾਨ ਕਰੇਗੀ। ਉਹਨਾਂ ਦੱਸਿਆ ਕਿ ਸੰਘਰਸ਼ ਕਮੇਟੀ ਦੀਆਂ ਕੁਝ ਮੰਗਾਂ ਸਬੰਧੀ ਡਿਪਟੀ ਡਾਇਰੈਕਟਰ ਪ੍ਰਸ਼ਾਸਨ ਨਾਲ ਮੀਟਿੰਗ ਹੋ ਚੁੱਕੀ ਹੈ ਪ੍ਰੰਤੂ ਜੋ ਉਹਨਾਂ ਦੇ ਪੱਧਰ ਦੀਆਂ ਮੰਗਾਂ ਸਨ ਉਹਨਾਂ ਦਾ ਨਿਪਟਾਰਾ ਹੋ ਚੁੱਕਿਆ ਹੈ ਅਤੇ ਜੋ ਵਿਭਾਗੀ ਮੁਖੀ ਦੇ ਅਧਿਕਾਰ ਖੇਤਰ ਦੀਆਂ ਮੰਗਾਂ ਹਨ ਉਹ ਮੰਗਾਂ ਲੰਟਕ ਰਹੀਆਂ ਹਨ। ਇਹਨਾਂ ਮੰਗਾਂ ਸਬੰਧੀ ਵਿਭਾਗ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਨੂੰ ਮੰਗ ਪੱਤਰ ਦੇ ਕੇ ਜਾਣੂ ਕਰਾਇਆ ਗਿਆ ਸੀ ਉਹਨਾਂ ਵੱਲੋਂ ਭਰੋਸਾ ਦਿੱਤਾ ਗਿਆ ਸੀ ਕਿ ਛੇਤੀ ਹੀ ਸੰਘਰਸ਼ ਕਮੇਟੀ ਨਾਲ ਪੈਨਲ ਮੀਟਿੰਗ ਕੀਤੀ ਜਾਵੇਗੀ। ਇਹਨਾਂ ਦੱਸਿਆ ਕਿ ਜੇਕਰ ਮਾਰਚ ਦੇ ਅੰਤ ਤੱਕ ਮੀਟਿੰਗ ਦਾ ਸਮਾਂ ਨਾ ਦਿੱਤਾ ਤਾਂ ਅਪ੍ਰੈਲ ਦੇ ਪਹਿਲੇ ਹਫਤੇ ਸੰਘਰਸ਼ ਕਮੇਟੀ ਮੀਟਿੰਗ ਕਰਕੇ ਅਗਲੇ ਸੰਘਰਸ਼ਾਂ ਦਾ ਐਲਾਨ ਕਰੇਗੀ।

## ਬਲਾਕ ਸੰਮਤੀ ਆਦਮਪੁਰ ਦੇ ਦਲਜੀਤ ਚੇਅਰਮੈਨ ਤੇ ਕਮਲਜੀਤ ਵਾਈਸ ਚੇਅਰਮੈਨ ਬਣੇ

**ਆਦਮਪੁਰ (ਪਰਮਜੀਤ ਸਿੰਘ)**- ਹਲਕਾ ਆਦਮਪੁਰ ਵਿੱਚ 'ਆਪ' ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ ਜਦੋਂ ਪੰਚਾਇਤ ਸਮਿਤੀ ਆਦਮਪੁਰ ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੋਵਾਂ ਅਹੁਦਿਆਂ



ਤੇ 'ਆਪ' ਦਾ ਕਬਜ਼ਾ ਹੋ ਗਿਆ। ਇਸ ਦੌਰਾਨ ਦਲਜੀਤ ਸਿੰਘ ਮਿਨਹਾਸ ਚੇਅਰਮੈਨ ਅਤੇ ਕਮਲਜੀਤ ਸਾਲਾਲਾ ਵਾਈਸ ਚੇਅਰਮੈਨ ਚੁਣੇ ਗਏ। 'ਆਪ' ਕੋਲ ਬਹੁਮਤ ਹੋਣ ਦੇ ਚਲਦਿਆਂ ਇਹ ਦੋਵੇਂ ਅਹੁਦੇਦਾਰ ਸਰਬਸੰਮਤੀ ਨਾਲ ਚੁਣੇ ਗਏ ਹਨ। ਇਸ ਵਿਚ ਆਦਮਪੁਰ ਤੋਂ ਆਪ ਦੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਦਾ ਬਹੁਤ ਹੀ ਵੱਡਾ ਸਹਿਯੋਗ ਸੀ। ਕਿਉਂਕਿ ਜਿੱਥੇ ਦਲਜੀਤ ਸਿੰਘ ਮਿਨਹਾਸ ਉਨ੍ਹਾਂ ਦੇ ਬਹੁਤ ਹੀ ਨਜ਼ਦੀਕੀ ਮੰਨੇ ਜਾਂਦੇ ਹਨ, ਉੱਥੇ ਹੀ ਕਮਲਜੀਤ ਸਿੰਘ ਸਲਾਲਾ ਵੀ ਆਮ ਆਦਮੀ ਪਾਰਟੀ ਦੇ ਪੁਰਾਣੇ ਵਰਕਰ ਹਨ। ਇਸ ਮੌਕੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂ ਨੇ ਕਿਹਾ ਕਿ ਅਸੀਂ ਸਮੂਹ ਇਲਾਕਾ ਨਿਵਾਸੀਆਂ ਵੋਟਰਾਂ ਅਤੇ ਸਪੋਰਟਰਾਂ ਦਾ ਧੰਨਵਾਦ ਕਰਦੇ ਹਾਂ ਜਿਨਾਂ ਨੇ ਆਦਮਪੁਰ ਬਲਾਕ ਸੰਮਤੀ ਦੀਆ 27 ਸੀਟਾਂ ਵਿੱਚੋਂ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ 18 ਸੀਟਾਂ ਤੇ ਭਾਰੀ ਬਹੁਮਤ ਨਾਲ ਜਤਾਇਆ ਸੀ। ਜਿਸ ਕਰਕੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੀ ਚੋਣ ਸਰਬ-ਸੰਮਤੀ ਨਾਲ ਹੋ ਗਈ ਹੈ। ਇਸ ਮੌਕੇ ਜੋਤੀ ਬਾਲਾ, ਕਮਲੇਸ਼ ਰਾਣੀ, ਹਰਜਿੰਦਰ ਕੌਰ, ਸਤਨਾਮ ਸਿੰਘ, ਵਿਨੋਦ ਕੁਮਾਰ, ਪ੍ਰਤਾਪ ਸਿੰਘ, ਜਗਜੀਤ ਸਿੰਘ ਜੱਗੀ, ਮੋਹਣ ਲਾਲ, ਲਖਵੀਰ ਸਿੰਘ, ਰਣਜੀਤ ਕੌਰ, ਸ਼ਸ਼ੀਕਾਂਤ, ਬਲਵਿੰਦਰ ਕੌਰ, ਕੁਲਵੀਰ ਕੌਰ, ਰਸ਼ਪਾਲ ਸਿੰਘ, ਜੀਵਨ ਜੱਸੀ, ਹਰਵਿੰਦਰ ਕੁਮਾਰ ਬੱਸ, ਸੁਦਾਗਰ ਸਿੰਘ ਸਾਰੇ ਸੰਮਤੀ ਮੈਂਬਰ, ਪਰਮਜੀਤ ਸਿੰਘ ਪੰਮਾ ਸੰਗਠਨ ਇੰਚਾਰਜ, ਲਖਵੀਰ ਸਿੰਘ ਹਜਾਰਾ ਜ਼ਿਲ੍ਹਾ ਪਰਿਸ਼ਦ ਮੈਂਬਰ ਪਤਾਰਾ, ਜਸ ਦਿਆਲ ਸਿੰਘ ਜਸ ਜਿਲ੍ਹਾ ਪਰਿਸ਼ਦ ਮੈਂਬਰ ਬਹਿਰਾਮ ਸ਼ਰਿਸ਼ਤਾ, ਸਰਬਜੀਤ ਸਾਥੀ ਜਿਲ੍ਹਾ ਪਰਿਸ਼ਦ ਮੈਂਬਰ ਜੰਡੂ ਸਿੰਘਾ, ਹਰਕੀਤ ਸਿੰਘ ਨਿੱਝਰ ਕੋਆਰਡੀਨੇਟਰ ਕਿਸਾਨ ਵਿੰਗ ਹਲਕਾ ਆਦਮਪੁਰ, ਸੁਖਵੀਰ ਕੁਮਾਰ ਕੋਆਰਡੀਨੇਟਰ ਐਸਸੀ ਵਿੰਗ ਅਲਾਵਲਪੁਰ, ਹਰਜੀਤ ਸਿੰਘ ਪਰਹਾਰ ਲੁਟੇਰਾ ਖੁਰਦ, ਤਰਸੇਮ ਸਿੰਘ ਚੁਖਿਆਰਾ, ਬਲਵਿੰਦਰ ਸਿੰਘ ਸਰਪੰਚ ਪਤਿਆਲ, ਜੋਗੀ ਗਾਂਧੀ, ਚਰਨਜੀਤ ਸਿੰਘ ਸ਼ੇਰੀ ਲੰਬਰਦਾਰ, ਪਰਜਿੰਦਰ ਸਿੰਘ, ਮੰਗੀ ਸਲਾਲਾ, ਸੁਖਵਿੰਦਰ ਸਿੰਘ ਸਰਪੰਚ ਫਤਿਹਪੁਰ, ਡਾਕਟਰ ਨਿਰਮਲ ਕੌਲ ਸਰਪੰਚ ਹਰੀਪੁਰ, ਅਸ਼ੋਕ ਕੁਮਾਰ ਸਰਪੰਚ ਕਪੂਰ ਪਿੰਡ, ਬਲਜੀਤ ਸਿੰਘ ਰਸਤਗੋ ਮਨਜੀਤ ਸਿੰਘ ਸਰਪੰਚ ਕੰਦੋਲਾ, ਬਲਜੀਤ ਸਿੰਘ ਲੰਬੜਦਾਰ ਪਧਿਆਣਾ, ਲਖਵੀਰ ਸਿੰਘ ਸਾਰੋਬਾਦ, ਤਰਲੋਚਨ ਸਿੰਘ ਸਰਪੰਚ, ਰਣਜੀਤ ਸਿੰਘ ਬੈਂਸ, ਕੈਪਟਨ ਸੁਰਿੰਦਰ ਸਿੰਘ ਸੋਢੀ, ਕਰਨਜੀਤ ਸਿੰਘ ਹੈਪੀ, ਮੰਗਾ ਰਾਮ ਐਸ.ਸੀ ਵਿੰਗ, ਤਲਵਿੰਦਰ ਸਿੰਘ, ਜਸਵੀਰ ਸਿੰਘ ਸਰਪੰਚ ਮਨਸੂਰਪੁਰ, ਜਗਜੀਤ ਸਿੰਘ ਮਾਣਕ ਰਾਈ ਸੁਖਵਿੰਦਰ ਸਿੰਘ ਸਰਪੰਚ, ਮਨਜਿੰਦਰ ਸਿੰਘ, ਰਮਨਦੀਪ ਕੌਰ ਵਡਾਲਾ, ਹਰਜੀਤ ਸਿੰਘ ਘੁੜਿਆਲ, ਅਮਰਜੀਤ ਸਿੰਘ ਸਰਪੰਚ ਲੜੋਆ ਤੇ ਹੋਰ ਹਾਜ਼ਰ ਸਨ।

## ਹੋਲਾ ਮਹੱਲਾ ਵੇਟ ਲਿਫਟਿੰਗ ਮੁਕਾਬਲੇ ਸਮਾਪਤ

**ਬੰਗਾ (ਅਵਤਾਰ ਕਲੇਰ)**- ਨੌਂਵੇਂ ਪਾਤਸ਼ਾਹ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਚਰਨਾਂ ਦੀ ਛੋਹ ਪ੍ਰਾਪਤ ਇਤਿਹਾਸਿਕ ਗੁਰਦੁਆਰਾ ਗੁਰਪਲਾਹ ਪੰਜ ਟਾਹਲੀਆਂ ਸਾਹਿਬ ਚੱਕ ਗੁਰੂ, ਭਰੋਮਜਾਰਾ





ਰਾਣੂੰਆਂ ਤੇ ਸਰਹਾਲਾ ਰਾਣੂੰਆ ਹੋਲਾ-ਮਹੱਲਾ ਵੇਟ ਲਿਫਟਿੰਗ ਕਮੇਟੀ ਵੱਲੋਂ ਐਨ ਆਰ ਆਈ ਤੇ ਸਮੂਹ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ 47ਵੇਂ ਹੋਲਾ ਮਹੱਲਾ ਵੇਟ ਲਿਫਟਿੰਗ ਮੁਕਾਬਲੇ ਸਰਕਾਰੀ ਡਿਸਪੈਂਸਰੀ ਸਰਹਾਲਾ ਰਾਣੂੰਆਂ ਵਿਖੇ ਕਰਵਾਏ ਗਏ। ਉਦਘਾਟਨ ਮੁੱਖ ਸੇਵਾਦਾਰ ਬਾਬਾ ਸਾਹਿਬ ਸਿੰਘ ਗੁਰਦੁਆਰਾ ਗੁਰਪਲਾਹ ਪੰਜ ਟਾਲੀਆਂ ਸਾਹਿਬ ਵੱਲੋਂ ਕੀਤਾ ਗਿਆ। ਇਸ ਸਬੰਧੀ ਮਨਜੀਤ ਸਿੰਘ ਡੀ ਐੱਸ ਪੀ ਤੇ ਪ੍ਰਿੰਸੀਪਲ ਰੋਸ਼ਨ ਲਾਲ ਨੰਬਰਦਾਰ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ 79 ਕਿ. ਗ੍ਰਾ ਭਾਰ ਵਰਗ 'ਚ ਮਨਿੰਦਰ ਸਿੰਘ ਨੇ 150 ਕਿ. ਗ੍ਰਾ ਭਾਰ ਚੁੱਕ ਕੇ ਪਹਿਲਾ, ਅਨੁਜ ਚੌਧਰੀ ਨੇ 137 ਕਿ. ਗ੍ਰਾ ਨਾਲ ਦੂਜਾ ਅਤੇ ਨਵਦੀਪ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 88 ਕਿ. ਗ੍ਰਾ ਭਾਰ ਵਰਗ 'ਚ ਬੰਟੀ ਬਰਨਾਲਾ ਨੇ 141 ਕਿ. ਗ੍ਰਾ ਭਾਰ ਚੁੱਕ ਕੇ ਪਹਿਲਾ, ਬਗਦੇਵ ਗੁਰੂ ਨੇ 140 ਕਿ. ਗ੍ਰਾ ਨਾਲ ਦੂਜਾ ਅਤੇ ਪਿਯੂਸ਼ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ।94 ਕਿ. ਗ੍ਰਾ ਭਾਰ ਵਰਗ 'ਚ ਅਭਿਜੀਤ ਪਾਂਡੇ ਨੇ 170 ਕਿ. ਗ੍ਰਾ ਭਾਰ ਚੁੱਕ ਕੇ ਪਹਿਲਾ, ਵਿਸ਼ਵਜੀਤ ਸਿੰਘ ਨੇ 148 ਕਿ. ਗ੍ਰਾ ਨਾਲ ਦੂਜਾ ਅਤੇ ਚੰਦਰਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 110 ਕਿ. ਗ੍ਰਾ ਭਾਰ ਵਰਗ 'ਚ ਗੁਰਸੇਵਕ ਸਿੰਘ ਨੇ 180 ਕਿ. ਗ੍ਰਾ ਭਾਰ ਚੁੱਕ ਕੇ ਪਹਿਲਾ,ਐੱਲ ਪ੍ਰਸ਼ਾਤ ਕੁਮਾਰ ਨੇ 168 ਕਿ. ਗ੍ਰਾ ਭਾਰ ਨਾਲ ਦੂਜਾ ਅਤੇ ਚੇਤਨ ਬੜ੍ਹਾ ਪਿੰਡ ਨੇ ਤੀਜਾ ਸਥਾਨ ਪ੍ਰਾਪਤ ਕੀਤਾ।+110 ਕਿਲੋ ਗ੍ਰਾਮ ਤੱਕ ਭਾਰ ਵਰਗ 'ਚ ਗਗਨਦੀਪ ਗਿੱਲ ਨੇ 204 ਕਿ. ਗ੍ਰਾ ਭਾਰ ਚੁੱਕ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਗਗਨਦੀਪ ਗਿੱਲ ਨੂੰ ਪ੍ਰਬੰਧਕਾਂ ਵਲੋਂ ਸਟਰੌਂਗ ਮੈਨ ਐਲਾਨਿਆ ਗਿਆ ਤੇ 21000/- ਰੁਪਏ ਦਾ ਨਕਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਜੇਤੂ ਖਿਡਾਰੀਆਂ ਨੂੰ ਦਿਲ ਖਿੱਚਵੇਂ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਉਹਨਾਂ ਦੱਸਿਆ ਕਿ ਮੁਕਾਬਲੇ ਚ ਭਾਗ ਲੈਣ ਵਾਲੇ ਹਰ ਖਿਡਾਰੀ ਨੂੰ ਪ੍ਰਬੰਧਕਾਂ ਵੱਲੋਂ 500 ਰੁਪਏ ਨਕਦ ਇਨਾਮ ਦਿੱਤਾ ਗਿਆ। ਲਿਫਟਿੰਗ ਮੁਕਾਬਲਿਆ ਵਿੱਚ ਲੜਕੀਆਂ ਦੀਆਂ ਸ਼ੋਅ ਲਿਫਟਾਂ ਲਗਾਈਆਂ ਗਈਆਂ।

## ਟਰੰਪ ਤੇ ਨੇਤਨਯਾਹੂ ਦਾ ਪੁਤਲਾ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ

**ਨੰਗਲ (ਸੁਰਜੀਤ ਸਿੰਘ ਢੇਰ)**- ਇੱਥੇ ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਦੇ ਵਰਕਰਾਂ ਨੇ ਅਮਰੀਕਾ ਵੱਲੋਂ ਇਜ਼ਰਾਇਲ ਨਾਲ ਮਿਲ ਕੇ ਇਰਾਨੀ ਲੋਕਾਂ ਤੇ ਕੀਤੇ ਜਾ ਰਹੇ ਹਮਲੇ ਦੇ ਖਿਲਾਫ ਟਰੰਪ ਤੇ ਨੇਤਨਯਾਹੂ ਦਾ ਪੁਤਲਾ ਫੂਕ ਕੇ ਰੋਸ ਦਾ ਪ੍ਰਗਟਾਵਾ





ਕੀਤਾ। ਇਸ ਮੌਕੇ ਤੇ ਸੀ ਪੀ ਆਈ ਐੱਮ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਤਹਿਸੀਲ ਸਕੱਤਰ ਸਤਨਾਮ ਸਿੰਘ ਨੇ ਕਿਹਾ ਅਮਰੀਕਾ ਤੇ ਇਜ਼ਰਾਇਲ ਦੀ ਫੌਜੀ ਹਕੂਮਤ ਇਰਾਨ ਨੂੰ ਤਬਾਹ ਕਰਨ ਉੱਤੇ ਲੱਗੀ ਹੋਈ ਹੈ। ਉਥੋਂ ਦੇ ਰਾਸ਼ਟਰਪਤੀ ਆਇਤਉਲਾ ਅਲੀ ਖਾਮੇਨੇਈ ਸਮੇਤ ਸੈਂਕੜੇ ਬੱਚੀਆਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਜਿਸ ਦੀ ਘੋਰ ਨਿੰਦਿਆ ਕੀਤੀ ਗਈ। ਇਸ ਮੌਕੇ ਤੇ ਆਗੂਆਂ ਨੇ ਕਿਹਾ ਇਹ ਜੰਗ ਦੀ ਸਭ ਤੋਂ ਵੱਧ ਪੀੜਾਂ ਔਰਤਾਂ ਦੇ ਬੱਚਿਆਂ ਨੂੰ ਸਹਿਣੀ ਪੈ ਰਹੀਆਂ ਹੈ। ਜੰਗ ਕਿਸੇ ਮਸਲੇ ਦਾ ਹੱਲ ਨਹੀਂ ਹੈ। ਅਮਰੀਕਾ ਦਾ ਰਾਸ਼ਟਰਪਤੀ ਡੋਨਾਲਡ ਟਰੰਪ ਦੁਨੀਆਂ ਦੇ ਕੁਦਰਤੀ ਸਾਧਨਾ ਉੱਤੇ ਕਬਜ਼ਾ ਕਰਨਾ ਚਾਹੁੰਦਾ ਹੈ। ਕੇਂਦਰ ਦੀ ਮੋਦੀ ਸਰਕਾਰ ਵੱਲੋਂ ਇਰਾਨ ਦੇ ਲੋਕਾਂ ਲਈ ਕੋਈ ਵੀ ਹਾ ਦਾ ਨਾਹਰਾ ਨਾ ਮਾਰਨ ਦੀ ਵੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਆਗੂਆਂ ਨੇ ਕਿਹਾ ਕਿ ਇਰਾਨ ਨਾਲ ਹਮੇਸ਼ਾ ਭਾਰਤ ਦੇ ਚੰਗੇ ਸੰਬੰਧ ਰਹੇ ਅਤੇ ਇਰਾਨ ਨੇ ਹਮੇਸ਼ਾ ਹੀ ਭਾਰਤ ਦੀ ਮਦੱਦ ਕੀਤੀ।ਪਰ ਮੋਦੀ ਆਪਣੀਆਂ ਨਕਾਮੀਆਂ ਨੂੰ ਛੁਪਾਉਣ ਲਈ ਅਮਰੀਕਾ ਖਿਲਾਫ ਨਹੀਂ ਬੋਲਦਾ। ਅੱਜ ਦੇ ਇਸ ਇਕੱਠ ਵਿੱਚ ਇਰਾਨ ਦੇ ਲੋਕਾਂ ਨਾਲ ਇੱਕਮੁੱਠਤਾ ਦਾ ਪ੍ਰਗਟਾਵਾ ਕੀਤਾ ਗਿਆ। ਸਥਾਨਕ ਬੱਸ ਸਟੈਂਡ ਦੇ ਨੇੜੇ ਡੋਨਾਲਡ ਟਰੰਪ ਅਤੇ ਨੇਤਨਯਾਹੂ ਦਾ ਪੁਤਲਾ ਫੂਕ ਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਅੱਜ ਇਸ ਮੌਕੇ ਤੇ ਤਹਿਸੀਲ ਕਮੇਟੀ ਮੈਂਬਰ ਸੁਖਦੇਵ ਸਿੰਘ,ਅਸ਼ੋਕ ਕੁਮਾਰ,ਭਗਤੂ, ਮਹਿੰਦਰ ਸਿੰਘ ਦੜੌਲੀ ਸਮੇਤ ਹੋਰ ਸਾਥੀ ਵੀ ਹਾਜ਼ਰ ਸਨ।

## ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ ਪੰਜ-ਪੰਜ ਲੱਖ ਰੁਪਏ ਦੇ ਚੈੱਕ ਦਿੱਤੇ

**ਪੋਜੇਵਾਲ/ਬਲਾਚੌਰ (ਰਾਮ ਲਾਲ / ਜਸਵਿੰਦਰ ਬੈਂਸ)** - ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਵਲੋਂ ਪਿੰਡ ਗੁਲਪੁਰ, ਘਮੋਰ, ਨਾਨੋਵਾਲ ਕੰਡੀ, ਜੀਤਪੁਰ ਅਤੇ ਲੰਬੂਆ ਦੀ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਪੰਜ ਪੰਜ ਲੱਖ ਰੁਪਏ ਦਾ ਚੈਕ ਭੇਟ ਕੀਤਾ।ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਸੰਤੋਸ਼ ਕਟਾਰੀਆ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਮੁੱਚੇ ਵਿਕਾਸ ਅਤੇ ਲੋਕ-ਭਲਾਈ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਅੱਗੇ ਵਧਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਰਕਮ ਪਿੰਡ ਦੇ ਸਰਬਪੱਖੀ ਵਿਕਾਸ ਲਈ ਵਰਤੀ ਜਾ ਸਕਦੀ ਹੈ। ਉਨ੍ਹਾਂ ਨੇ ਪੰਚਾਇਤ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਇਹ ਫੰਡ ਪੂਰੀ ਪਾਰਦਰਸ਼ਤਾ, ਇਮਾਨਦਾਰੀ ਅਤੇ ਲੋਕ-ਭਾਗੀਦਾਰੀ ਨਾਲ ਖਰਚ ਕੀਤੇ ਜਾਣ।ਹਲਕਾ ਵਿਧਾਇਕ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਨੂੰ ਆਤਮਨਿਰਭਰ ਅਤੇ ਮਾਡਲ ਪਿੰਡਾਂ ਵਜੋਂ ਵਿਕਸਿਤ ਕਰਨ ਦੇ ਮਕਸਦ ਨਾਲ ਕੰਮ ਕਰ ਰਹੀ ਹੈ।ਇਸ ਮੌਕੇ ਸੀਨੀਅਰ ਆਮ ਆਦਮੀ ਪਾਰਟੀ ਆਗੂ ਅਸ਼ੋਕ ਕਟਾਰੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮਨੋਰਥ



ਪਿੰਡਾਂ ਦੀ ਸਿਆਸਤ ਵਿੱਚੋਂ ਕੜਵਾਹਟ ਖਤਮ ਕਰਕੇ ਵਿਕਾਸ ਦੀ ਨਵੀਂ ਇਬਾਰਤ ਲਿਖਣਾ ਹੈ। ਸਰਬਸੰਮਤੀ ਨਾਲ ਪੰਚਾਇਤਾਂ ਚੁਣ ਕੇ ਪਿੰਡ ਵਾਸੀਆਂ ਨੇ ਸਾਬਤ ਕਰ ਦਿੱਤਾ ਹੈ ਕਿ ਉਹ ਧੜੇਬੰਦੀ ਤੋਂ ਉੱਪਰ ਉੱਠ ਕੇ ਸਿਰਫ ਤਰੱਕੀ ਚਾਹੁੰਦੇ ਹਨ। ਇਸ ਮੌਕੇ ਪਿੰਡ ਗੁਲਪੁਰ ਤੋਂ ਸਰਪੰਚ ਕਸ਼ਮੀਰ ਸਿੰਘ ਖਾਲਸਾ, ਗੁਰਬਿੰਦਰ ਸਿੰਘ, ਪਰਮਜੀਤ ਕੌਰ, ਜਸਵਿੰਦਰ ਕੌਰ, ਮਹਿੰਦਰ ਕੌਰ ਸਾਰੇ ਪੰਚ, ਅਮਰਜੀਤ ਸਿੰਘ ਸਾਬਕਾ ਸਰਪੰਚ, ਮਾ. ਮੋਹਣ ਸਿੰਘ, ਝਲਮਣ ਸਿੰਘ, ਸਤਨਾਮ ਸਿੰਘ, ਬਲਦੇਵ ਸਿੰਘ, ਕਰਨੈਲ ਸਿੰਘ ਛੋਕਰ, ਉਮਰਾਓ ਸਿੰਘ, ਮੱਖਣ ਸਿੰਘ ਭਾਲੜੂ, ਜੋਗਾ ਸਿੰਘ, ਸੋਮ ਨਾਥ ਥਾਣੇਦਾਰ, ਯੁਧਵੀਰ ਸਿੰਘ ਅਤੇ ਮਾਸਟਰ ਹਰਜਿੰਦਰ ਸਿੰਘ ਨੰਬਰਦਾਰ ਅਤੇ ਪਿੰਡ ਨਾਨੋਵਾਲ ਸਰਪੰਚ ਕਮਲਜੀਤ ਕੌਰ, ਸੋਹਨ ਲਾਲ, ਓਮ ਪ੍ਰਕਾਸ਼, ਤਰਸੇਮ ਭਾਟੀਆ, ਬਿੰਦਰ ਭਾਟੀਆ, ਅਮਰਨਾਥ, ਮਦਨ ਲਾਲ, ਰਾਮਸਰਨ, ਨੀਰਜ ਕੁਮਾਰ, ਚਰਨਦਾਸ, ਜਸਵਿੰਦਰ ਲੰਬੜ, ਜਗਨ ਨਾਥ, ਮੋਹਨ ਲਾਲ ਭਾਟੀਆ, ਸ਼ਕਤੀ ਭਾਟੀਆ, ਪੰਮਾ ਭਾਟੀਆ ਅਤੇ ਪਿੰਡ ਲੰਬੂਆ ਤੋਂ ਸਰਪੰਚ ਹਰਮੇਸ਼ ਲਾਲ, ਪੰਚ ਪ੍ਰੋਸ਼ਤਮ ਲਾਲ, ਚਰਨਦਾਸ, ਭੀਮ ਸੈਨ, ਕੁਸ਼ੱਲਿਆ ਦੇਵੀ, ਭਜਨੋ ਦੇਵੀ ਅਤੇ ਅਸ਼ਵਨੀ ਕੁਮਾਰ, ਕਿਸ਼ਨਾ ਦੇਵੀ, ਕਮਲਜੀਤ ਬਾਬਾ, ਦਵਿੰਦਰ ਸਹਿਬਾਜ਼ਪੁਰ, ਬੀਰੂ ਰਾਮ ਸਾਬਕਾ ਸਰਪੰਚ ,ਨਿਊ ਮਸ਼ੋਟ, ਬੁੱਧ ਰਾਮ, ਜਸਵੰਤ ਰਾਏ, ਬਿਸ਼ਬਰ ਚੌਧਰੀ ਅਤੇ ਪਿੰਡ ਜੀਤਪੁਰ ਤੋਂ ਸਰਪੰਚ ਮਿੰਦੋ ਦੇਵੀ ਪਤਨੀ ਸੋਹਣ ਲਾਲ,ਪੰਚ ਸੰਤੋਸ਼ ਦੇਵੀ,ਨੇਹਾ ਦੇਵੀ, ਰੇਖਾ,ਰਵੀ ਕੁਮਾਰ, ਬਿੰਦਰ ਦੇਵੀ, ਹੁਸਨ ਲਾਲ, ਹਰਮੇਸ਼ ਲਾਲ,ਬਾਬੂ ਦੇਵ ਰਾਜ, ਖੁਸ਼ੀ ਰਾਮ ਚੌਹਾਨ,ਜਗਨ ਚੌਹਾਨ, ਭਜਨ ਲਾਲ,ਗੁਰਮੇਲ ਚੰਦ, ਲਬੜਦਾਰ ਰਾਮ ਪ੍ਰਕਾਸ਼ ਪਰੇਮ ਚੰਦ, ਸੁਭਾਸ਼ ਚੰਦ,ਰਾਮ ਕ੍ਰਿਸ਼ਨ ਚੌਹਾਨ, ਲਾਲ ਚੰਦ ਫੌਜੀ, ਰਾਮ ਕਿਸ਼ਨ ਬਜਾੜ, ਰਾਕੇਸ਼ ਕੁਮਾਰ ਬਜਾੜ, ਸ਼ਾਮ ਲਾਲ ਬਾਜਾੜ ਅਤੇ ਪਿੰਡ ਘਮੋਰ ਤੋਂ ਸਰਪੰਚ ਕੁਲਵਿੰਦਰ ਸਿੰਘ ਅਤੇ ਸਮੂਹ ਪੰਚ ਅਤੇ ਪਿੰਡ ਦੇ ਹੋਰ ਪਤਵੰਤੇ ਸੱਜਣ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਤਹਿਸੀਲ ਹੁਸ਼ਿਆਰਪੁਰ ਦੀ ਮੀਟਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ, ਤਹਿਸੀਲ ਹੁਸ਼ਿਆਰਪੁਰ ਦੀ ਇਕ ਜਰੂਰੀ ਮੀਟਿੰਗ ਮਿੰਨੀ ਸਕੱਤਰੇਤ, ਹੁਸ਼ਿਆਰਪੁਰ ਵਿਖੇ ਪੈਨਸ਼ਨਰਜ਼ ਇਨਫਰਮੇਸ਼ਨ ਸੈਂਟਰ ਵਿੱਚ ਤਹਿਸੀਲ ਪ੍ਰਧਾਨ ਸ਼ਮਸ਼ੇਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਹੋਈ। ਤਹਿਸੀਲ ਹੁਸ਼ਿਆਰਪੁਰ ਨਾਲ ਸਬੰਧਤ ਆਗੂਆਂ ਤੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਇਸ ਮੀਟਿੰਗ ਵਿੱਚ ਹਿੱਸਾ ਲਿਆ। ਇਸ ਮੀਟਿੰਗ ਦੌਰਾਨ ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਆਲ ਇੰਡੀਆ ਪੈਨਸ਼ਨਰਜ਼ ਫੈਡਰੇਸ਼ਨ ਦੇ ਸਕੱਤਰ ਮਨਜੀਤ ਸਿੰਘ ਸੈਣੀ, ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਅਤੇ ਕਨਫੈਡਰੇਸ਼ਨ ਦੇ ਸੂਬਾਈ ਜਨਰਲ ਸਕੱਤਰ ਕੁਲਵਰਨ ਸਿੰਘ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਰਿਲੀਜ਼ ਕਰਦਿਆਂ ਜ਼ਿਲ੍ਹਾ ਪ੍ਰੈਸ ਸਕੱਤਰ ਬਲਵੀਰ ਸਿੰਘ ਸੈਣੀ ਨੇ ਦੱਸਿਆ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਨਿਪਟਾਰਾ ਨਾ ਕਰਨ ਕਰਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਰੋਸ



ਦਿਨੋ ਦਿਨ ਵਧਣ ਕਾਰਨ ਮੁਲਾਜ਼ਮ ਤੇ ਪੈਸ਼ਨਰਜ਼ ਸਾਂਝਾ ਫਰੰਟ ਵੱਲੋਂ ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ 8 ਮਾਰਚ ਤੋਂ ਲੈ ਕੇ 11 ਮਾਰਚ ਤੱਕ ਲਗਾਤਾਰ 4 ਦਿਨ ਚੰਡੀਗੜ੍ਹ ਰੈਲੀ ਕਰਨ ਉਪਰੰਤ ਵਿਧਾਨ ਸਭਾ ਵੱਲ ਰੋਸ ਮਾਰਚ ਕਰਨ ਦਾ ਫੈਸਲਾ ਕੀਤਾ ਗਿਆ ਹੈ। ਮੀਟਿੰਗ ਦੌਰਾਨ ਸਰਕਾਰ ਵੱਲੋਂ ਜਥੇਬੰਦੀਆਂ ਨੂੰ ਬਾਰ ਬਾਰ ਮੀਟਿੰਗਾਂ ਦੇ ਕੇ ਮੁਲਤਵੀ ਕਰਨ ਅਤੇ ਲੰਮੇ ਸਮੇਂ ਤੋਂ ਲਕਦੀਆਂ ਮੰਗਾਂ ਪ੍ਰਤੀ ਸਰਕਾਰ ਦੇ ਨਾਹ ਪੱਖੀ ਵਤੀਰੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਆਗੂਆਂ ਨੇ ਚਿਤਾਵਨੀ ਦਿੰਦਿਆਂ ਮੰਗ ਕੀਤੀ ਕਿ ਜੇਕਰ ਬਜਟ ਸੈਸ਼ਨ ਤੋਂ ਪਹਿਲਾਂ ਪਹਿਲਾਂ ਭਖਦੀਆਂ ਮੰਗਾਂ ਬਾਰੇ ਕੋਈ ਸਾਰਥਿਕ ਫੈਸਲੇ ਨਾ ਕੀਤੇ ਗਏ ਤਾਂ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝੇ ਫਰੰਟ ਵੱਲੋਂ ਬੱਜਟ ਸੈਸ਼ਨ ਦੌਰਾਨ ਹਰ ਰੋਜ਼ ਵਿਸ਼ਾਲ ਰੈਲੀ ਕਰਕੇ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਨੂੰ ਤੇਜ ਕਰਕੇ ਰੋਹ ਦਾ ਪ੍ਰਗਟਾਵਾ ਕੀਤਾ ਜਾਵੇਗਾ। ਇਸ ਮੌਕੇ ਸ਼ਮਸ਼ੇਰ ਸਿੰਘ ਧਾਮੀ ਪ੍ਰਧਾਨ, ਸੂਰਜ ਪ੍ਰਕਾਸ਼ ਆਨੰਦ ਜਿਲ੍ਹਾ ਮੀਤ ਪ੍ਰਧਾਨ, ਸੁਦੇਸ਼ ਕੁਮਾਰ ਜਿਲ੍ਹਾ ਵਿੱਤ ਸਕੱਤਰ, ਮਹਿੰਦਰ ਕੁਮਾਰ ਮਹਿਤਾ ਜਨਰਲ ਸਕੱਤਰ, ਦਿਨੇਸ਼ ਪਠਾਨੀਆ ਵਿੱਤ ਸਕੱਤਰ, ਸੁਖਦੇਵ ਸਿੰਘ ਢਿੱਲੋਂ, ਮਨਜੀਤ ਸਿੰਘ ਬਾਜਵਾ, ਸੁਰਿੰਦਰ ਕੁਮਾਰ ਸੈਣੀ, ਓਮ ਸਿੰਘ ਸਟਿਆਣਾ ਆਦਿ ਮੈਂਬਰ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ।

## ਭਾਈਚਾਰਕ ਸਾਂਝ ਤੇ ਹਿੰਦੂ-ਸਿੱਖ ਏਕਤਾ ਦਾ ਪ੍ਰਤੀਕ ਹੈ ਅਰੋੜਾ ਮਹਾਂ ਸਭਾ : ਸੇਤੀਆ, ਅਰੋੜਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪਿਆਰ ਤੇ ਸਤਿਕਾਰ ਨਾਲ ਕਈ ਵਾਰ ਅਜਿਹੇ ਵੱਡੇ ਮਸਲੇ ਹੱਲ ਹੋ ਜਾਂਦੇ ਹਨ ਜਿਨ੍ਹਾਂ ਨੂੰ ਅਸੀਂ ਵੱਡੇ ਵੱਡੇ



ਲੜਾਈ ਝਗੜਿਆਂ ਨਾਲ ਵੀ ਹੱਲ ਨਹੀਂ ਕਰ ਸਕਦੇ। ਹਿੰਦੂ ਸਿੱਖ ਏਕਤਾ ਭਾਈਚਾਰੇ ਸਾਂਝ ਨੂੰ ਹੋਰ ਪ੍ਰਫੁੱਲਤ ਕਰਨ ਲਈ ਅਰੋੜਾ ਮਹਾਸਭਾ ਟਾਂਡਾ ਵੱਲੋਂ ਚੇਅਰਮੈਨ ਸੁਖਵਿੰਦਰ ਸਿੰਘ ਅਰੋੜਾ ਦੀ ਸਰਪ੍ਰਸਤੀ ਹੇਠ ਇੱਕ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸਭਾ ਦੇ ਪੰਜਾਬ ਪ੍ਰਧਾਨ ਕਮਲਜੀਤ ਸੇਤੀਆ, ਜ਼ਿਲ੍ਹਾ ਪ੍ਰਧਾਨ ਰਮੇਸ਼ ਅਰੋੜਾ ਅਤੇ ਸਰ ਮਾਰਸ਼ਲ ਗਰੁੱਪ ਆਫ਼ ਸਕੂਲ ਦੇ ਚੇਅਰਮੈਨ ਰਜਿੰਦਰ ਸਿੰਘ ਮਾਰਸ਼ਲ ਨੇ ਮੁਖ ਮਹਿਮਾਨਾ ਵਜੋਂ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਸਮਾਰੋਹ 'ਚ ਹਾਜ਼ਰ ਹੋਏ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਕਮਲਜੀਤ ਸੇਤੀਆ ਨੇ ਕਿਹਾ ਕਿ ਅਰੋੜਾ ਮਹਾਸਭਾ ਟਾਂਡਾ ਵੱਲੋਂ ਜੋ 10 ਬੱਚਿਆਂ ਨੂੰ ਫਰੀ ਸਿੱਖਿਆ ਦੇਣ ਦਾ ਪ੍ਰਬੰਧ ਕੀਤਾ ਗਿਆ ਹੈ, ਉਸ ਨਾਲ ਸਮਾਜ ਦੇ ਗਰੀਬ ਵਰਗ ਨੂੰ ਵੱਡੀ ਰਾਹਤ ਤੇ ਸਮਾਜਿਕ ਸੰਸਥਾਵਾਂ ਨੂੰ ਪ੍ਰੇਰਨਾ ਮਿਲੇਗੀ।ਅਰੋੜਾ ਮਹਾਸਭਾ ਟਾਂਡਾ ਦੇ ਚੇਅਰਮੈਨ ਸੁਖਵਿੰਦਰ ਸਿੰਘ ਅਰੋੜਾ ਅਤੇ ਰਜਿੰਦਰ ਮਾਰਸ਼ਲ ਨੇ ਕਿਹਾ ਕਿ ਅਰੋੜਾ ਮਹਾਸਭਾ ਟਾਂਡਾ ਵੱਲੋਂ ਬੀਤੇ ਸਮੇਂ ਦੌਰਾਨ ਜਿੱਥੇ ਹੜ੍ਹ ਪੀੜਤਾਂ ਦੀ ਮਦਦ ਲਈ ਅੱਗੇ ਵਧ ਕੇ ਕੰਮ ਕੀਤਾ ਗਿਆ ਸੀ ਉੱਥੇ ਅੱਖਾਂ ਦਾ ਫਰੀ ਆਪਰੇਸ਼ਨ ਕੈਂਪ ਲਗਾ ਕੇ ਲੋੜਵੰਦ ਵਿਅਕਤੀਆਂ ਦੀਆਂ ਅੱਖਾਂ ਵਿੱਚ ਫਰੀ ਲੈਂਜ ਪਵਾਏ ਗਏ ਅਤੇ ਹੁਣ ਅਰੋੜਾ ਮਹਾਸਭਾ ਟਾਂਡਾ ਵੱਲੋਂ 10 ਬੱਚਿਆਂ ਨੂੰ ਫਰੀ ਸਿੱਖਿਆ ਦੇਣ ਲਈ ਉਪਰਾਲਾ ਕੀਤਾ ਜਾ ਰਿਹਾ ਹੈ।ਇਸ ਮੌਕੇ ਅਰੋੜਾ ਮਹਾਸਭਾ ਟਾਂਡਾ ਵੱਲੋਂ ਪੰਜਾਬ ਪ੍ਰਧਾਨ ਕਮਲਜੀਤ ਸੇਤੀਆ ਤੇ ਉਨ੍ਹਾਂ ਨਾਲ ਆਏ ਸਮੂਹ ਅਹੁਦੇਦਾਰਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਤੇ ਭਾਰਤ ਭੂਸ਼ਣ ਮਦਾਨ, ਗੁਰਬਚਨ ਸਿੰਘ ਅਰੋੜਾ, ਮਹਿੰਦਰਪਾਲ ਮਦਾਨ, ਬੱਬੂ ਸੰਧਾਵਾਲੀਆ, ਸੇਵਾ ਸਿੰਘ, ਆਤਮਜੀਤ ਸਿੰਘ ਸੋਡੀ, ਹਰਪ੍ਰੀਤ ਸਿੰਘ ਤੇ ਹੋਰ ਬੁੱਧੀਜੀਵੀ ਹਾਜ਼ਰ ਸਨ।

## ਆਂਗਣਵਾੜੀ ਕੇਂਦਰਾਂ 'ਚ 15 ਤੱਕ ਮਨਾਇਆ ਜਾ ਰਿਹੈ ਸਵੱਛਤਾ ਪੰਦਰਵਾੜਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਪੰਜਾਬ ਸਮਾਜਿਕ ਸੁਰੱਖਿਆ ਤੇ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਨਿਰਦੇਸ਼ਾਂ ਅਨੁਸਾਰ ਸੂਬੇ ਭਰ ਦੇ ਆਂਗਣਵਾੜੀ ਕੇਂਦਰਾਂ ਵਿੱਚ 15 ਮਾਰਚ





ਤੱਕ ਸਵੱਛਤਾ ਪੰਦਰਵਾੜਾ ਮਨਾਇਆ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ, ਜ਼ਿਲ੍ਹਾ ਪ੍ਰੋਗਰਾਮ ਅਫਸਰ ਗਗਨਦੀਪ ਸਿੰਘ ਨੇ ਦੱਸਿਆ ਕਿ ਸਵੱਛਤਾ ਪੰਦਰਵਾੜੇ ਦੇ ਹਿੱਸੇ ਵਜੋਂ 15 ਮਾਰਚ ਤੱਕ ਜ਼ਿਲ੍ਹੇ ਭਰ ਦੇ ਵੱਖ-ਵੱਖ ਆਂਗਣਵਾੜੀ ਕੇਂਦਰਾਂ ਵਿੱਚ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਪੰਦਰਵਾੜੇ ਦਾ ਮੁੱਖ ਉਦੇਸ਼ ਬੱਚਿਆਂ, ਮਾਪਿਆਂ ਤੇ ਆਮ ਲੋਕਾਂ ਵਿੱਚ ਸਵੱਛਤਾ ਅਤੇ ਸਫਾਈ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਵੱਛਤਾ ਸਿਰਫ਼ ਇੱਕ ਦਿਨ ਦੀ ਮੁਹਿੰਮ ਨਹੀਂ ਹੈ, ਸਗੋਂ ਇਸਨੂੰ ਰੋਜ਼ਾਨਾ ਦੀ ਆਦਤ ਬਣਾਉਣ ਦੀ ਲੋੜ ਹੈ। ਇਸ ਸਮੇਂ ਦੌਰਾਨ ਜ਼ਿਲ੍ਹੇ ਭਰ ਦੇ ਸਾਰੇ ਆਂਗਣਵਾੜੀ ਕੇਂਦਰਾਂ ਵਿੱਚ ਵਿਸ਼ੇਸ਼ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਬੱਚਿਆਂ ਨੂੰ ਹੱਥ ਧੋਣ, ਸਾਫ਼ ਕੱਪੜੇ ਪਹਿਨਣ ਅਤੇ ਆਪਣੇ ਆਲੇ-ਦੁਆਲੇ ਨੂੰ ਸਾਫ਼ ਰੱਖਣ ਦੇ ਸਹੀ ਢੰਗ ਬਾਰੇ ਸਿੱਖਿਆ ਦਿੱਤੀ ਜਾ ਰਹੀ ਹੈ।ਜ਼ਿਲ੍ਹਾ ਪ੍ਰੋਗਰਾਮ ਅਫਸਰ ਨੇ ਕਿਹਾ ਕਿ ਸੀ.ਡੀ.ਪੀ.ਓ ਅਤੇ ਆਂਗਣਵਾੜੀ ਵਰਕਰਾਂ ਨੂੰ ਮੁਹਿੰਮ ਦੀਆਂ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣਾ ਚਾਹੀਦਾ ਹੈ।

# ਈਰਾਨ 'ਤੇ ਹਮਲਾ ਤੀਜੇ ਵਿਸ਼ਵ ਯੁੱਧ ਦਾ ਕਾਰਨ ਬਣ ਸਕਦਾ : ਪਾਸਲਾ

**ਜਲੰਧਰ (ਨ ਜ ਸ)**- ਅਮਰੀਕਾ-ਇਜ਼ਰਾਈਲ ਵੱਲੋਂ ਧੌਂਸਵਾਦੀ ਤੇ ਪਸਾਰਵਾਦੀ ਨੀਤੀ ਅਧੀਨ ਇਰਾਨ 'ਤੇ ਕੀਤਾ ਗਿਆ ਵਹਿਸ਼ੀ ਹਮਲਾ ਮਿਡਲ ਈਸਟ ਤੇ ਏਸ਼ੀਆਈ ਖਿੱਤੇ ਨੂੰ ਜੰਗ ਦੀ ਭੱਠੀ 'ਚ ਝੋਕ ਦੇਣ ਦੇ ਨਾਲ ਹੀ ਤੀਜਾ ਸੰਸਾਰ ਯੁੱਧ ਛਿੜਨ ਦਾ ਕਾਰਨ ਵੀ ਬਣ ਸਕਦਾ ਹੈ। ਈਰਾਨ ਦੇ ਤੇਲ ਭੰਡਾਰ ਤੇ ਖਿੱਤੇ ਦੇ ਬਾਕੀ ਦੇਸ਼ਾਂ ਦੇ ਕੁਦਰਤੀ ਤੇ ਮਾਨਵੀ ਵਸੀਲੇ ਹਥਿਆਉਣ ਲਈ ਕੀਤੇ ਗਏ ਇਸ ਹੱਲੇ ਦਾ ਸੰਸਾਰ ਭਰ ਦੇ ਨਿਆਂ ਪਸੰਦ ਲੋਕਾਂ ਵੱਲੋਂ ਡੱਟਵਾਂ ਵਿਰੋਧ ਕੀਤਾ ਜਾਣਾ ਚਾਹੀਦਾ ਹੈ। ਅਮਰੀਕਾ ਦੀ ਉਕਤ ਅਮਾਨਵੀ ਕਰਤੂਤ ਦੀ ਡੱਟਵੀਂ ਨਿਖੇਧੀ ਕਰਨ ਦੀ ਥਾਂ, ਮੋਦੀ ਸਰਕਾਰ ਵਲੋਂ ਆਰ ਐੱਸ ਐੱਸ ਦਾ ਫਿਰਕੂ ਏਜੰਡਾ ਵਧਾਉਣ ਲਈ ਇਸ ਪ੍ਰਤੀ ਧਾਰੀ ਸ਼ਰਮਨਾਕ ਚੁੱਪੀ ਨੇ ਨਾ ਕੇਵਲ ਦੇਸ਼ ਦੀ ਗੁਟ ਨਿਰਲੇਪਤਾ ਵਾਲੀ ਵਿਦੇਸ਼ ਨੀਤੀ ਦੇ ਤੱਪੜ ਰੋਲ ਦਿੱਤੇ ਹਨ, ਬਲਕਿ ਇਸ ਪਹੁੰਚ ਨੇ ਪੂਰੇ ਵਿਸ਼ਵ ਦੀਆਂ ਨਜ਼ਰਾਂ 'ਚ ਭਾਰਤ ਦੇ ਸਨਮਾਨ ਨੂੰ ਵੀ ਭਾਰੀ ਸੱਟ ਮਾਰੀ ਹੈ।" ਇਹ ਸ਼ਬਦ, ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੀ ਰਾਜ ਕਮੇਟੀ ਦੇ ਸਕੱਤਰੇਤ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਹੇ ਹਨ।



ਪਾਸਲਾ ਨੇ ਕਿਹਾ ਕਿ "ਅਮਰੀਕਾ ਵੱਲੋਂ ਭਾਰਤ ਸਰਕਾਰ ਦੇ ਸੱਦੇ 'ਤੇ ਸਾਂਝੀਆਂ ਜੰਗੀ ਮਸ਼ਕਾਂ 'ਚ ਭਾਗ ਲੈਣ ਵਾਸਤੇ ਪਹੁੰਚੇ ਇਰਾਨੀ ਨੇਵੀ ਦੇ ਸਮੁੰਦਰੀ ਜਹਾਜ਼ 'ਤੇ ਹਮਲਾ ਕਰਕੇ ਉਸ ਨੂੰ ਹਿੰਦ ਮਹਾਂ ਸਾਗਰ 'ਚ ਤਬਾਹ ਕੀਤਾ ਗਿਆ ਹੈ ਤੇ 90 ਦੇ ਕਰੀਬ ਇਰਾਨ ਦੇ ਨੇਵੀ ਜਵਾਨਾਂ ਨੂੰ ਮਾਰ ਮੁਕਾਇਆ ਹੈ। ਉਨ੍ਹਾ ਕਿਹਾ ਕਿ, ਟਰੰਪ ਤੇ ਇਸ ਦੇ ਜੋਟੀਦਾਰਾਂ ਦੇ ਤਬਾਹਕੁੰਨ ਮਨਸੂਬੇ ਫੇਲ੍ਹ ਕਰਨ ਤੇ ਮੋਦੀ ਸਰਕਾਰ ਦੇ ਕਾਇਰਾਨਾ ਸਮਰਪਣ ਨੂੰ ਬੇਪਰਦ ਕਰਨ ਲਈ ਪਾਰਟੀ ਆਜ਼ਾਦਾਨਾ ਤੌਰ 'ਤੇ ਅਤੇ ਅਮਨ ਪਸੰਦ ਧਿਰਾਂ ਨਾਲ ਮਿਲ ਕੇ ਦੇਸ਼ ਭਰ 'ਚ ਸਾਮਰਾਜ ਭਜਾਓ, ਮਾਨਵਤਾ ਬਚਾਓ, ਮੋਦੀ ਹਟਾਓ ਦੇਸ਼ ਬਚਾਓ" ਦੀ ਜ਼ੋਰਦਾਰ ਮੁਹਿੰਮ ਵਿੱਢੇਗੀ। ਇਸ ਦੀ ਸ਼ੁਰੂਆਤ 23 ਮਾਰਚ ਨੂੰ ਖਟਕੜ ਕਲਾਂ ਵਿਖੇ ਸ਼ਹੀਦ-ਇ-ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਵਿਸ਼ਾਲ ਰਾਜਸੀ ਕਾਨਫਰੰਸ ਨਾਲ ਕੀਤੀ ਜਾਵੇਗੀ ਤੇ 29 ਮਾਰਚ ਨੂੰ ਮਾਝੇ ਦੇ ਕਸਬੇ ਜੰਡਿਆਲਾ ਗੁਰੂ ਵਿਖੇ ਵਿਸ਼ਾਲ ਲੋਕ ਇਕੱਠ ਕੀਤਾ ਜਾਵੇਗਾ।

# ਫਰੀ ਮੈਡੀਕਲ ਕੈਂਪ ਲਗਾਇਆ

**ਬੰਗਾ (ਅਵਤਾਰ ਕਲੇਰ)**- ਗੁਰਦੁਆਰਾ ਬਾਬਾ ਮੀਹਾਂ ਸਾਧ ਜੀ ਪਿੰਡ ਥਾਂਦੀਆਂ ਵਿਖੇ ਐਨ ਆਰ ਆਈ, ਸਮੂਹ ਨਗਰ ਨਿਵਾਸੀਆਂ ਵੱਲੋਂ ਗੁਰੂ ਨਾਨਕ ਮਿਸ਼ਨ



ਹਸਪਤਾਲ ਢਾਹਾਂ-ਕਲੇਰਾਂ ਸਹਿਯੋਗ ਨਾਲ ਸੱਤਵਾਂ ਫਰੀ ਅੱਖਾਂ ਦਾ ਅਤੇ ਜਨਰਲ ਮੈਡੀਕਲ ਚੈੱਕਅੱਪ ਲਗਾਇਆ ਗਿਆ। ਕੈਂਪ ਦਾ 365 ਮਰੀਜ਼ਾਂ ਨੇ ਲਾਭ ਪ੍ਰਾਪਤ ਕੀਤਾ। ਇਸ ਮੌਕੇ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਲੋਂ ਸਾਰਿਆਂ ਦੇ ਸਹਿਯੋਗ ਨਾਲ ਮੁਫ਼ਤ ਮੈਡੀਕਲ ਕੈਂਪ ਲਗਾਏ ਜਾਂਦੇ ਹਨ। ਉਹਨਾਂ ਨੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਮਿਲਦੀਆਂ ਸਹੂਲਤਾਂ ਬਾਰੇ ਵੀ ਜਾਣਕਾਰੀ ਵੀ ਪ੍ਰਦਾਨ ਕੀਤੀ। ਕੁਲਵੀਰ ਸਿੰਘ ਥਾਂਦੀ ਕੈਨੇਡਾ ਨੇ ਪਿੰਡ ਥਾਂਦੀਆਂ ਵਿਖੇ ਮੈਡੀਕਲ ਕੈਂਪ ਲਗਾਉਣ ਲਈ ਗੁਰਦੁਆਰਾ ਬਾਬਾ ਮੀਹਾਂ ਸਾਧ ਜੀ ਪ੍ਰਬੰਧਕ ਕਮੇਟੀ, ਸਮੂਹ ਐਨ ਆਰ ਆਈ ਵੀਰਾਂ, ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਦਲਵੀਰ ਸਿੰਘ ਥਾਂਦੀ ਕੈਨੇਡਾ, ਬਾਬਾ ਹਰਮਿੰਦਰ ਸਿੰਘ ਲੱਕੀ ਝੰਡਾ ਜੀ ਵਾਲੇ ਅਤੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦਾ ਕੈਂਪ ਨੂੰ ਸਫਲ ਕਰਨ ਲਈ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ। ਕੈਂਪ ਵਿਚ ਅੱਖਾਂ ਦੀਆਂ ਬਿਮਾਰੀਆਂ ਦੇ ਅਪਰੇਸ਼ਨਾਂ ਦੇ ਮਾਹਿਰ ਡਾ. ਤੁਸ਼ਾਰ ਅਗਰਵਾਲ, ਮੈਡੀਕਲ ਅਫਸਰ ਡਾ. ਕੁਲਦੀਪ ਸਿੰਘ ਅਤੇ ਉਪਟੋਮੀਟਰਸ ਦਲਜੀਤ ਕੌਰ ਨੇ ਕੈਂਪ ਵਿਚ ਆਏ ਮਰੀਜ਼ਾਂ ਦਾ ਮੁਫ਼ਤ ਚੈੱਕਅੱਪ ਕੀਤਾ। ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਪ੍ਰਦਾਨ ਕੀਤੀਆਂ ਅਤੇ ਸ਼ੂਗਰ ਟੈਸਟ ਫਰੀ ਕੀਤੇ ਗਏ। ਅੱਖਾਂ ਦੇ ਅਪਰੇਸ਼ਨਾਂ ਲਈ 37 ਮਰੀਜ਼ ਚੁਣੇ ਗਏ ਜਿਹਨਾਂ ਦੇ ਅਪਰੇਸ਼ਨ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਕੀਤੇ ਗਏ।ਇਸ ਕੈਂਪ ਵਿਚ ਮਰੀਜ਼ਾਂ ਦੀ ਸੇਵਾ ਸੰਭਾਲ ਲਈ ਜਗਜੀਤ ਸਿੰਘ ਸੋਢੀ, ਕੁਲਵੀਰ ਸਿੰਘ ਥਾਂਦੀ ਕੈਨੇਡਾ, ਬਾਬਾ ਹਰਮਿੰਦਰ ਸਿੰਘ ਲੱਕੀ ਝੰਡਾ ਜੀ ਵਾਲੇ, ਦਵਿੰਦਰ ਸਿੰਘ ਥਾਂਦੀ ਪ੍ਰਧਾਨ, ਮਾਸਟਰ ਮਦਨ ਲਾਲ, ਸਰਪੰਚ ਬਿੰਦਰ ਦੇਵੀ, ਗੁਰਪ੍ਰੀਤ ਸਿੰਘ, ਸੁਖਜਿੰਦਰ ਸਿੰਘ ਅਟਵਾਲ ਕਨੈਡਾ, ਅਜਮੇਰ ਸਿੰਘ ਥਾਂਦੀ ਅਮਰੀਕਾ, ਗੁਰਮੁੱਖ ਸਿੰਘ ਅਟਵਾਲ ਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ। ਕੈਂਪ ਪ੍ਰਬੰਧਕਾਂ ਵੱਲੋਂ ਇਕੱਤਰ ਇਲਾਕਾ ਨਿਵਾਸੀਆਂ ਨੂੰ ਵਾਤਾਵਰਨ ਨੂੰ ਸਾਫ਼ ਸੁਥਰਾ ਰੱਖਣ ਪੌਦੇ ਵੀ ਵੰਡੇ ਗਏ।

## ਐੱਨ ਐੱਸ ਐੱਸ ਕੈਂਪ ਲਗਾਇਆ

**ਮੋਹਾਲੀ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਦੇ ਐੱਨ ਐੱਸ ਐੱਸ ਵਿਭਾਗ ਵੱਲੋਂ ਯੁਵਾ ਮਾਮਲੇ ਤੇ ਖੇਡ ਮੰਤਰਾਲੇ, ਨਵੀਂ ਦਿੱਲੀ ਦੀ ਅਗਵਾਈ ਹੇਠ ਸੱਤ ਦਿਨਾਂ ਦਾ ਵਿਸ਼ੇਸ਼ ਐੱਨ ਐੱਸ ਐੱਸ ਕੈਂਪ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਐੱਨ ਐੱਸ ਐੱਸ ਵਲੰਟੀਅਰਾਂ ਨੇ ਉਤਸ਼ਾਹ ਨਾਲ ਭਾਗ ਲਿਆ। ਡਾਇਰੈਕਟਰ ਐੱਨ ਐੱਸ ਐੱਸ ਪ੍ਰੋਫੈਸਰ (ਮੇਜਰ) ਏ.ਐਸ. ਚਾਹਲ ਨੇ ਦੱਸਿਆ ਕਿ ਕੈਂਪ ਦਾ ਉਦਘਾਟਨ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ



ਕੁਮਾਰ ਵੱਲੋਂ ਕੀਤਾ ਗਿਆ। ਇਸ ਮੌਕੇ ਰਜਿਸਟਰਾਰ ਡਾ. ਐਨ.ਕੇ. ਯਾਦਵ ਵੀ ਮੌਜੂਦ ਸਨ। ਵਲੰਟੀਅਰਾਂ ਨੂੰ ਸੰਬੋਧਨ ਕਰਦਿਆਂ ਪ੍ਰੋ. (ਡਾ.) ਸੰਜੇ ਕੁਮਾਰ ਨੇ ਕਿਹਾ ਕਿ ਇੱਕ ਪ੍ਰਗਤੀਸ਼ੀਲ ਅਤੇ ਜ਼ਿੰਮੇਵਾਰ ਸਮਾਜ ਦੇ ਨਿਰਮਾਣ ਲਈ ਅਨੁਸ਼ਾਸਨ, ਲੀਡਰਸ਼ਿਪ ਅਤੇ ਸਮਾਜਿਕ ਜ਼ਿੰਮੇਵਾਰੀ ਬਹੁਤ ਮਹੱਤਵਪੂਰਨ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਮਾਜ ਸੇਵਾ ਅਤੇ ਰਾਸ਼ਟਰ ਨਿਰਮਾਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ।ਹਫ਼ਤਾ ਭਰ ਚੱਲੇ ਇਸ ਕੈਂਪ ਦੌਰਾਨ ਵਲੰਟੀਅਰਾਂ ਦੇ ਸਰਵਪੱਖੀ ਵਿਕਾਸ ਲਈ ਵਿਦਿਅਕ, ਸਮਾਜਿਕ ਅਤੇ ਸੱਭਿਆਚਾਰਕ ਗਤੀਵਿਧੀਆਂ ਕਰਵਾਈਆਂ ਗਈਆਂ। ਪਹਿਲੇ ਦਿਨ ਦੀ ਸ਼ੁਰੂਆਤ ਦੰਦਾਂ ਦੀ ਸਿਹਤ ਅਤੇ ਪੋਸ਼ਣ ਬਾਰੇ ਜਾਗਰੂਕਤਾ ਲੈਕਚਰਾਂ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ।

## ਵਿਧਾਇਕ ਨੇ ਛੇ ਨਵੀਆਂ ਬਣੀਆਂ ਗਲੀਆਂ ਪਿੰਡ ਵਾਸੀਆਂ ਨੂੰ ਕੀਤੀਆਂ ਸਮਰਪਿਤ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਜ਼ਮੀਨੀ ਪੱਧਰ 'ਤੇ ਵਿਕਾਸ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਫੁਗਲਾਣਾ ਪਿੰਡ ਵਿੱਚ ਛੇ ਨਵੀਆਂ ਬਣੀਆਂ ਗਲੀਆਂ ਦਾ ਉਦਘਾਟਨ ਕੀਤਾ। ਲਗਭਗ 15 ਲੱਖ ਰੁਪਏ ਦੀ ਲਾਗਤ ਨਾਲ ਬਣੀਆਂ ਇਨ੍ਹਾਂ ਗਲੀਆਂ ਨੇ ਪਿੰਡ ਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ



ਪੂਰਾ ਕੀਤਾ। ਇਸ ਦੇ ਨਾਲ ਹੀ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਇਕ ਪਹਿਲ ਕਰਦਿਆਂ, ਵਿਧਾਇਕ ਨੇ ਉਹਨਾਂ ਕੁੜੀਆਂ/ ਮਹਿਲਾਵਾਂ ਨੂੰ ਸਿਲਾਈ ਮਸ਼ੀਨਾਂ ਤੇ ਸਰਟੀਫਿਕੇਟ ਵੀ ਵੰਡੇ ਜਿਨ੍ਹਾਂ ਨੇ ਸਿਲਾਈ ਸਿਖਲਾਈ ਸਫਲਤਾਪੂਰਵਕ ਪੂਰੀ ਕੀਤੀ। ਇਹ ਸਿਖਲਾਈ ਫਾਦਰ ਥਾਮਸ ਦੁਆਰਾ ਚਲਾਈ ਜਾ ਰਹੀ ਕਾਰਮੇਲਾਈਟ ਸੋਸ਼ਲ ਸਰਵਿਸਿਜ਼ ਸੰਸਥਾ ਦੀ ਅਗਵਾਈ ਹੇਠ ਕਰਵਾਈ ਗਈ ਸੀ। ਇਸ ਪਹਿਲ ਦਾ ਉਦੇਸ਼ ਸਥਾਨਕ ਔਰਤਾਂ ਨੂੰ ਸਸ਼ਕਤ ਬਣਾਉਣਾ ਤੇ ਆਰਥਿਕ ਰੂਪ 'ਚ ਮਜ਼ਬੂਤ ਕਰਨਾ ਹੈ। ਉਨ੍ਹਾਂ ਇਕੱਠ ਨੂੰ ਦੱਸਿਆ ਕਿ ਕਮਿਊਨਿਟੀ ਹਾਲ ਦੇ ਨਵੀਨੀਕਰਨ ਲਈ 5 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ।

## ਮੁੱਖ ਮੰਤਰੀ ਨਾਲ ਮਿਲੇ ਸਿੰਗਾਪੁਰ ਇੰਡੀਆ ਬਿਜ਼ਨੈਸ ਫਾਰਮ ਦੇ ਚੇਅਰਮੈਨ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਸ਼ੁਕਰਵਾਰ ਨੂੰ ਸਿੰਗਾਪੁਰ ਇੰਡੀਆ ਬਿਜਨੈਸ ਫੋਰਮ ਦੇ ਚੇਅਰਮੈਨ ਪ੍ਰਸੂਨ ਮੁਖਰਜੀ ਨੇ ਮੁਲਾਕਾਤ ਕੀਤੀ। ਇਸ ਦੌਰਾਨ ਹਰਿਆਣਾ ਵਿੱਚ ਉਦਯੋਗਿਕ ਨਿਵੇਸ਼, ਵਪਾਰਕ ਸਹਿਯੋਗ ਅਤੇ ਸਿੰਗਾਪੁਰ ਦੀ ਕੰਪਨੀਆਂ ਲਈ ਉਪਲਬਧ ਮੌਕਿਆਂ ਨੂੰ ਲੈ ਕੇ ਵਿਸਤਾਰ ਨਾਲ ਚਰਚਾ ਹੋਈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸਿੰਗਾਪੁਰ ਇੰਡੀਆ ਬਿਜਨੈਸ ਫੋਰਮ ਅਤੇ ਸਿੰਗਾਪੁਰ ਦੇ ਨਿਵੇਸ਼ਕਾਂ ਨੂੰ ਹਰਿਆਣਾ ਵਿੱਚ ਨਿਵੇਸ਼ ਕਰਨ ਲਈ ਸੱਦਾ ਦਿੱਤਾ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਸਰਕਾਰ ਸੂਬੇ ਵਿੱਚ ਉਦਯੋਗਾਂ ਨੂੰ ਪ੍ਰੋਤਸਾਹਨ ਦੇਣ ਅਤੇ ਨਿਵੇਸ਼ਕਾਂ ਨੂੰ ਅਨੁਕੂਲ ਮਾਹੌਲ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਸਰਕਾਰ ਪਾਰਦਰਸ਼ੀ ਨੀਤੀਆਂ, ਸਰਲ ਪ੍ਰਕ੍ਰਿਆਵਾਂ ਅਤੇ ਬਿਹਤਰ ਬੁਨਿਆਦੀ ਢਾਂਚੇ ਰਾਹੀਂ ਨਿਵੇਸ਼ ਨੂੰ ਪ੍ਰੋਤਸਾਹਿਤ ਕਰ ਰਹੀ ਹੈ।

# ਲੋਕਲ ਟੋਲ ਪਲਾਜ਼ਾ ਤੇ ਵੈੱਲਫ਼ੇਅਰ ਸੋਸਾਇਟੀ ਦਾ ਗਠਨ



**ਬਲਾਚੌਰ (ਜਸਵਿੰਦਰ ਬੈਂਸ)** ਬੱਛੂਆਂ ਟੋਲ ਪਲਾਜ਼ਾ ਦੇ ਸਮੂਹ ਵਰਕਰਾਂ ਵੱਲੋਂ ਆਪਣੇ ਹੱਕਾਂ ਦੀ ਰਾਖੀ ਲਈ ਇੱਕਜੁੱਟ ਹੁੰਦਿਆਂ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੌਕੇ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਵਰਕਰਾਂ ਦੀ ਭਲਾਈ ਲਈ ਇੱਕ ਨਵੀਂ ਸੁਸਾਇਟੀ ਤਿਆਰ ਕੀਤੀ ਜਾਵੇ, ਜਿਸ ਦਾ ਨਾਮ 'ਲੋਕਲ ਟੋਲ ਪਲਾਜ਼ਾ ਅਤੇ ਵੈਲਫ਼ੇਅਰ ਸੋਸਾਇਟੀ, ਬੱਛੂਆਂ' ਰੱਖਿਆ ਗਿਆ ਹੈ। ਇਸ ਨਵੀਂ ਗਠਿਤ ਸੁਸਾਇਟੀ ਵਿੱਚ ਨਿਰਮਲ ਸਿੰਘ ਨਿੰਮਾ ਨੂੰ ਚੇਅਰਮੈਨ ਤੇ ਹਰਪ੍ਰੀਤ ਸਿੰਘ ਨੂੰ ਯੂਨੀਅਨ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਨਵੇਂ ਬਣੇ ਚੇਅਰਮੈਨ ਨਿਰਮਲ ਸਿੰਘ ਨਿੰਮਾ ਨੇ ਕਿਹਾ ਕਿ ਇਸ ਯੂਨੀਅਨ ਨੂੰ ਜਲਦ ਹੀ ਰਜਿਸਟਰਡ ਕਰਵਾਇਆ ਜਾਵੇਗਾ ਤਾਂ ਜੋ ਕਾਨੂੰਨੀ ਤੌਰ 'ਤੇ ਵਰਕਰਾਂ ਦੇ ਹੱਕਾਂ ਦੀ ਲੜਾਈ ਲੜੀ ਜਾ ਸਕੇ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਇਹ ਯੂਨੀਅਨ ਹਰ ਵਰਕਰ ਦੀ ਮੁਸ਼ਕਿਲ ਦਾ ਨਿਪਟਾਰਾ ਕਰਨ ਤੇ ਉਨ੍ਹਾਂ ਦੇ ਹੱਕਾਂ ਦੀ ਰਾਖੀ ਲਈ ਹਮੇਸ਼ਾ ਤਤਪਰ ਰਹੇਗੀ। ?ਇਸ ਮੌਕੇ ਮਨਪ੍ਰੀਤ ਕੌਰ, ਰਾਜਵਿੰਦਰ ਕੌਰ, ਮਨਪ੍ਰੀਤ ਕੌਰ, ਬਲਜਿੰਦਰ,ਕੌਰ, ਕੋਮਲ, ਗੁਰਸ਼ਰਨਦੀਪ ਕੌਰ, ਸੰਦੀਪ ਕੌਰ, ਗੁਰਪ੍ਰੀਤ ਕੌਰ, ਦਲਜੀਤ ਕੌਰ, ਬਲਜਿੰਦਰ ਕੌਰ, ਕੋਮਲ, ਗੁਰਸ਼ਰਨਦੀਪ ਕੌਰ, ਸੰਦੀਪ ਕੌਰ, ਗੁਰਪ੍ਰੀਤ ਕੌਰ ਦਲਜੀਤ ਕੌਰ ਰਾਜਵਿੰਦਰ ਕੌਰ, ਹਰਜੀਤ ਸਿੰਘ ਬਿੱਲਾ, ਦੀਦਾਰ ਸਿੰਘ, ਇਕਬਾਲ ਸਿੰਘ, ਪ੍ਰਦੀਪ ਕੁਮਾਰ, ਅਸ਼ਵਨੀ ਕੁਮਾਰ, ਰੋਹਿਤ, ਪਰਮਿੰਦਰ ਪੰਮਾ, ਰੋਹਿਤ ਗੁਜਰ, ਦਿਲਾਵਰ, ਗੁਰਚਰਨ ਗੁਜਰ, ਸੰਜੇ, ਗੌਰਵ, ਕਮਲਪ੍ਰੀਤ ਸਿੰਘ, ਸੰਜੀਵ ਕੁਮਾਰ, ਹਰਪ੍ਰੀਤ ਸਿੰਘ ਰੋਪੜ, ਮਦਨ ਮੋਹਨ ਰੋਪੜ, ਬਰਿੰਦਰ ਸਿੰਘ ਤੋਂ ਇਲਾਵਾ ਵਿਸ਼ੇਸ਼ ਤੌਰ 'ਤੇ ਗੁਰਪ੍ਰੀਤ ਬੁੱਗੀ ਅਤੇ ਜੱਸਾ ਮੰਡ ਵੀ ਮੌਜੂਦ ਸਨ।

# ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਠੇਕਿਆਂ ਦੀ ਨਿਲਾਮੀ 11 ਨੂੰ

**ਜਲੰਧਰ (ਸੁਰਿੰਦਰ ਕੁਮਾਰ)**- ਜਲੰਧਰ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਜਲੰਧਰ ਵਿਖੇ ਬਣੀਆਂ 7 ਕੰਟੀਨਾਂ ਡੀ.ਏ.ਸੀ., ਸਾਈਕਲ ਸਟੈਂਡ, ਇੱਕ ਕੰਟੀਨ ਟਾਈਪ 1 ਸੇਵਾ ਕੇਂਦਰ (ਡੀ.ਏ.ਸੀ.) ਅਤੇ ਪੋਲੋਰਾਈਡ/ ਡਿਜੀਟਲ ਕੈਮਰੇ ਰਾਹੀਂ ਫੋਟੋ ਖਿੱਚਣ ਦੇ ਠੇਕਿਆਂ ਦੀ ਨਿਲਾਮੀ 11 ਮਾਰਚ ਨੂੰ ਸਵੇਰੇ 11 ਵਜੇ ਸਹਾਇਕ ਕਮਿਸ਼ਨਰ (ਜਨਰਲ) ਜਲੰਧਰ ਦੀ ਪ੍ਰਧਾਨਗੀ ਹੇਠ ਉਨ੍ਹਾਂ ਦੇ ਦਫ਼ਤਰ ਵਿਖੇ ਹੋਵੇਗੀ।ਇਸ ਸਬੰਧੀ ਦਫ਼ਤਰ ਦੇ ਬੁਲਾਰੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਬੋਲੀਕਾਰ ਨੂੰ ਬੋਲੀ ਵਿਚ ਸ਼ਾਮਲ ਹੋਣ ਲਈ ਆਪਣੀ ਦਰਖਾਸਤ ਅਤੇ ਸਕਿਓਰਿਟੀ ਰਕਮ ਦਾ ਬੈਂਕ ਡ੍ਰਾਫ਼ਟ, ਜੋ ਕਿ ਡੀ.ਸੀ.-ਕਮ-ਚੇਅਰਮੈਨ ਓ ਐਂਡ ਐਮ ਸੁਸਾਇਟੀ ਜਲੰਧਰ ਦੇ ਪੱਖ ਵਿਚ ਹੋਵੇ, ਦਫ਼ਤਰ ਡਿਪਟੀ ਕਮਿਸ਼ਨਰ ਜਲੰਧਰ, (ਨਜ਼ਾਰਤ ਸ਼ਾਖਾ) ਕਮਰਾ ਨੰ. 123, ਪਹਿਲੀ ਮੰਜ਼ਿਲ ਡੀ.ਏ.ਸੀ. ਵਿਖੇ ਬੋਲੀ ਦੀ ਮਿਤੀ ਤੋਂ ਇੱਕ ਦਿਨ ਪਹਿਲਾਂ ਜਮ੍ਹਾ ਕਰਵਾਉਣਾ ਹੋਵੇਗਾ। ਜੋ ਬਾਅਦ ਵਿਚ ਸਫ਼ਲ ਬੋਲੀਕਾਰ ਵਲੋਂ ਠੇਕੇ ਦੀ ਅੱਧੀ ਰਕਮ ਜਮ੍ਹਾ ਕਰਵਾਉਣ ਉਪਰੰਤ ਬਾਕੀ ਸਾਰਿਆਂ ਨੂੰ ਵਾਪਸ ਕਰ ਦਿੱਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਪੋਲੋਰਾਈਡ/ ਡਿਜੀਟਲ ਫੋਟੋਗ੍ਰਾਫੀ ਦੇ ਠੇਕੇ ਦੀ ਰਾਖਵੀਂ ਬੋਲੀ 27,60,000 ਰੁਪਏ ਅਤੇ ਸਕਿਓਰਿਟੀ ਦੀ ਰਕਮ 1,00,000 ਰੁਪਏ ਰੱਖੀ ਗਈ ਹੈ। ਇਸੇ ਤਰ੍ਹਾਂ ਕੰਟੀਨ (ਡੀ.ਏ.ਸੀ.) ਦੇ ਠੇਕੇ ਦੀ ਰਾਖਵੀਂ ਬੋਲੀ 16,67,200 ਰੁਪਏ ਅਤੇ ਸਕਿਓਰਿਟੀ ਦੀ ਰਕਮ 1,00,000 ਰੁਪਏ, ਸਾਈਕਲ ਸਟੈਂਡ ਦੇ ਠੇਕੇ ਦੀ ਰਾਖਵੀਂ ਬੋਲੀ 33,85,091 ਰੁਪਏ ਅਤੇ ਸਕਿਓਰਿਟੀ ਦੀ ਰਕਮ 2,00,000 ਰੁਪਏ ਹੈ। ਇਸ ਤੋਂ ਇਲਾਵਾ ਕੰਟੀਨ (ਡੀ.ਏ.ਸੀ. ਵਿਖੇ ਟਾਈਪ 1 ਸੇਵਾ ਕੇਂਦਰ) ਦੇ ਠੇਕੇ ਦੀ ਰਾਖਵੀਂ ਬੋਲੀ 2,40,000 ਰੁਪਏ ਅਤੇ ਸਕਿਓਰਿਟੀ ਦੀ ਰਕਮ 50,000 ਰੁਪਏ ਹੈ।ਉਨ੍ਹਾਂ ਦੱਸਿਆ ਕਿ ਬੋਲੀ ਦੀ ਦਰਖਾਸਤ ਦੇਣ ਵਾਲੇ ਨੂੰ ਉਕਤ ਬੋਲੀ ਵਿਚ ਹਾਜ਼ਰ ਹੋ ਕੇ ਬੋਲੀ ਦੇਣਾ ਲਾਜ਼ਮੀ ਹੋਵੇਗਾ, ਬੋਲੀ ਨਾ ਦੇਣ ਦੀ ਸੂਰਤ ਵਿਚ ਸਕਿਓਰਿਟੀ ਦੀ ਰਕਮ ਜ਼ਬਤ ਕਰ ਲਈ ਜਾਵੇਗੀ। ਕੰਟੀਨ ਖੋਲ੍ਹਣ ਦਾ ਸਮਾਂ ਸਵੇਰੇ 9 ਤੋਂ ਸ਼ਾਮ 6 ਵਜੇ ਤੱਕ ਦਾ ਹੋਵੇਗਾ ਅਤੇ ਜੇਕਰ ਅਧਿਕਾਰੀਆਂ ਵੱਲੋਂ ਕੋਈ ਅਚਨਚੇਤ ਮੀਟਿੰਗ ਸ਼ਨੀਵਾਰ ਜਾਂ ਐਤਵਾਰ ਅਤੇ ਜਾਂ ਕਿਸੇ ਸਰਕਾਰੀ ਛੁੱਟੀ ਵਾਲੇ ਦਿਨ ਰੱਖੀ ਜਾਂਦੀ ਹੈ ਤਾਂ ਕੰਟੀਨ ਖੋਲ੍ਹਣ ਲਈ ਪਾਬੰਦ ਰਹੇਗਾ।ਸਫ਼ਲ ਬੋਲੀਕਾਰ ਨੂੰ ਠੇਕੇ ਦੀ ਬਣਦੀ ਕੁੱਲ ਰਕਮ ਦਾ ਹਿੱਸਾ ਬੋਲੀ ਵਾਲੇ ਦਿਨ ਤੋਂ 2 ਦਿਨ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣਾ ਹੋਵੇਗਾ ਅਤੇ ਬਾਕੀ ਬਚਦੀ ਰਕਮ 6 ਮਹੀਨਾਵਾਰ ਕਿਸ਼ਤਾਂ ਵਿਚ ਜਮ੍ਹਾ ਕਰਵਾਉਣੀ ਹੋਵੇਗੀ। ਸਫ਼ਲ ਬੋਲੀਕਾਰ ਆਪਣੀ ਸੁਵਿਧਾ ਮੁਤਾਬਿਕ ਯਕ-ਮੁਸ਼ਤ ਰਕਮ ਐਡਵਾਂਸ ਦੇ ਰੂਪ ਵਿਚ ਜਮ੍ਹਾ ਕਰਵਾ ਸਕਦਾ ਹੈ।ਠੇਕੇ ਦੀ ਮਿਆਦ 1 ਅਪ੍ਰੈਲ 2026 ਤੋਂ 31 ਮਾਰਚ 2027 ਤੱਕ ਹੋਵੇਗੀ ਅਤੇ 31 ਮਾਰਚ 2027 ਸ਼ਾਮ 5 ਵਜੇ ਤੋਂ ਬਾਅਦ ਠੇਕੇਦਾਰ ਨੂੰ ਆਪਣਾ ਸਾਮਾਨ ਡੀ.ਏ.ਸੀ. ਵਿਚ ਰੱਖਣ ਦਾ ਕੋਈ ਅਖਤਿਆਰ ਨਹੀਂ ਹੋਵੇਗਾ।

## ਮਨੀ ਕੁਮਾਰ, ਹਨੀ ਸੈਣੀ ਕਾਂਗਰਸ ਨੂੰ ਅਲਵਿਦਾ ਕਹਿ ਕੇ ਬਸਪਾ 'ਚ ਸ਼ਾਮਲ

**ਪੋਜੇਵਾਲ (ਰਾਮ ਲਾਲ)** ਬਹੁਜਨ ਸਮਾਜ ਪਾਰਟੀ ਵਲੋ ਪੰਜਾਬ ਬਚਾਓ ਮੁਹਿੰਮ ਤਹਿਤ ਪਿੰਡ ਪਿੰਡ ਜਾ ਕੇ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਬਹੁਤ ਸਾਰੇ ਲੋਕ ਦੂਸਰੀਆਂ ਪਾਰਟੀਆਂ ਛੱਡ



ਬਹੁਜਨ ਸਮਾਜ ਪਾਰਟੀ ਵਿੱਚ ਸ਼ਾਮਿਲ ਹੋ ਰਹੇ। ਇਸੇ ਲੜੀ ਦੇ ਤਹਿਤ ਬਹੁਜਨ ਸਮਾਜ ਪਾਰਟੀ ਦੇ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਆਪਣੇ ਸਾਥੀਆ ਸਮੇਤ ਕੰਗਨਾ ਬੇਟ ਪਿੰਡ ਵਿੱਚ ਮੀਟਿੰਗ ਕੀਤੀ ।ਪਾਰਟੀ ਦੀਆਂ ਹੋਰ ਗਤੀਵਿਧੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਤੋਂ ਬਾਅਦ ਮਨੀ ਕੁਮਾਰ ਰੂਣੋ ਅਤੇ ਹਨੀ ਸੈਣੀ ਕੰਗਨਾ ਬੇਟ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਆਪਣੇ ਸਾਥੀਆ ਸਮੇਤ ਬਹੁਜਨ ਸਮਾਜ ਪਾਰਟੀ ਦਾ ਪੱਲਾ ਫੜਿਆ।ਇਸ ਸਮੇਂ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ, ਪ੍ਰਧਾਨ ਡਾਕਟਰ ਚਰਨਜੀਤ ਸੁਮਨ, ਦਿਲਬਾਗ ਮਹਿੰਦੀਪੁਰ ਜਨਰਲ ਸਕੱਤਰ ਪੰਜਾਬ , ਸ਼ਿੰਗਾਰਾ ਜੱਟਪੁਰ, ਵਿਜੈ ਮੇਨਕਾ , ਪਰਸ ਰਾਮ ਮਜਾਰੀ, ਗੁਰਚਰਨ ਟੌਸਾ, ਮੱਖਣ ਚਾਹਲ, ਸੁਰਿੰਦਰ ਸ਼ੀਹਮਾਰ ਪ੍ਰਧਾਨ, ਮਾਸਟਰ ਬਖਸ਼ੀ ਰਾਮ, ਗੁਰਵਿੰਦਰ ਗਿਫਟੀ ਬਲਾਕ ਸੰਮਤੀ ਮੈਂਬਰ ਆਦਿ ਹਾਜ਼ਰ ਸਨ।

# ਜਥੇਦਾਰ ਅਮਰੀਕ ਸਿੰਘ ਦਦਿਆਲ ਨਮਿਤ ਸ਼ਰਧਾਂਜਲੀ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜਥੇਦਾਰ ਅਮਰੀਕ ਸਿੰਘ ਦਦਿਆਲ ਸਰਪ੍ਰਸਤ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ ) ਜੋ ਕਿ ਪਿਛਲੇ ਦਿਨੀਂ ਅਕਾਲ ਪੁਰਖ ਦੇ ਭਾਣੇ ਵਿੱਚ ਸਦੀਵੀ ਵਿਛੋੜਾ ਦੇ ਗਏ ਸਨ ਉਨ੍ਹਾਂ ਦੇ ਨਮਿੱਤ ਘਰ 'ਚ ਸਹਿਜ ਪਾਠ ਦੇ ਭੋਗ ਪਾਉਣ ਤੋਂ ਉਪਰੰਤ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਅੰਤਿਮ ਅਰਦਾਸ ਹੋਈ। ਇਸ ਸਮੇਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਸਾਬਕਾ ਕੀਰਤਨੀ ਜਥੇ ਨੇ ਗੁਰਬਾਣੀ ਦੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਸਮੇਂ ਵਿਸ਼ੇਸ਼ ਤੌਰ 'ਤੇ ਪਹੁੰਚੇ ਸਿਮਰਨਜੀਤ ਸਿੰਘ ਮਾਨ ਦੇ ਸਪੁੱਤਰ ਇਮਾਨ ਸਿੰਘ ਮਾਨ ਕਾਰਜਕਾਰੀ ਪ੍ਰਧਾਨ ਸ਼੍ਰੋਮਣੀ ਅਕਾਲ ਦਲ ਅੰਮ੍ਰਿਤਸਰ ਤੇ ਪਰਮਜੀਤ ਸਿੰਘ ਮੰਡ ਕਾਰਜਕਾਰੀ ਪ੍ਰਧਾਨ ਦਲ ਖਾਲਸਾ ਨੇ ਜਥੇਦਾਰ ਅਮਰੀਕ ਸਿੰਘ ਦਦਿਆਲ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਕਿਹਾ ਕਿ ਸਿੱਖ ਕੌਮ ਪਰਵਾਰ ਵੱਲੋਂ ਕੀਤੀ ਹੋਈ ਕੁਰਬਾਨੀ ਨੂੰ ਕਦੇ ਵੀ ਨਹੀਂ ਭੁਲਾ ਸਕਦੀ। ਇਸ ਸਮੇਂ ਇਮਾਨ ਸਿੰਘ ਮਾਨ, ਪਰਮਜੀਤ ਸਿੰਘ ਮੰਡ, ਸੰਤ ਚਰਨਜੀਤ ਸਿੰਘ ਜੱਸੋਵਾਲ, ਗੁਰਦੀਪ ਸਿੰਘ ਖੁਣ ਖੁਣ, ਗੁਰਨਾਮ ਸਿੰਘ ਸਿੰਗੜੀਵਾਲਾ, ਗੁਰਦੀਪ ਸਿੰਘ ਕਾਲਕੱਟ, ਪਰਮਜੀਤ ਸਿੰਘ ਮੇਗੋਵਾਲ ਦੁਆਬਾ ਆਦਿ ਨੇ ਜਥੇਦਾਰ ਅਮਰੀਕ ਸਿੰਘ ਦਦਿਆਲ ਦੇ ਸਪੁੱਤਰ ਰਸ਼ਪਾਲ ਸਿੰਘ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਨਾਲ ਸਨਮਾਨਤ ਕੀਤਾ। ਇਸ ਸਮੇਂ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਨੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਸਮੇਂ ਲਖਬੀਰ ਸਿੰਘ ਪੱਟੀ, ਇੰਦਰਪਾਲ ਸਿੰਘ ਮਹਿੰਗਰੋਵਾਲ, ਜਗਦੀਸ਼ ਸਿੰਘ ਚੱਬੇਵਾਲ, ਹਰਭਜਨ ਸਿੰਘ ਭਰੋਵਾਲ, ਲੰਬੜਦਾਰ ਖੁਸ਼ਵੰਤ ਸਿੰਘ, ਹਰਵਿੰਦਰ ਸਿੰਘ ਹਰਮੋਏ, ਗੁਰਨਾਮ ਸਿੰਘ ਮੂਨਕ, ਪ੍ਰਿੰਸੀਪਲ ਸਰਬਜੀਤ ਸਿੰਘ ਡਾਂਨਸੀਵਾਲ, ਗੁਰਮੁਖ ਸਿੰਘ ਜੀਵਨਪੁਰ ਜੱਟਾਂ, ਕਸ਼ਮੀਰ ਸਿੰਘ ਬੱਠਲਾ, ਲੰਬੜਦਾਰ ਦਿਲਾਵਰ ਸਿੰਘ, ਜਸਵੀਰ ਸਿੰਘ ਕੁਕੜਾ, ਨਰਿੰਦਰ ਸਿੰਘ ਜੀਵਨਪੁਰ ਜੱਟਾਂ ਆਦਿ ਹਾਜ਼ਰ ਸਨ।



# 10 ਨੂੰ ਬਰਨਾਲਾ 'ਚ ਕਿਸਾਨ ਕਰਨਗੇ ਵਿਸ਼ਾਲ ਮਹਾਂ ਰੈਲੀ

**ਜਲੰਧਰ**- ਜਮਹੂਰੀ ਕਿਸਾਨ ਸਭਾ ਪੰਜਾਬ ਦੀ ਸੂਬਾ ਕਮੇਟੀ ਦੀ ਮੀਟਿੰਗ ਡਾ. ਸਤਨਾਮ ਸਿੰਘ ਅਜਨਾਲਾ ਦੀ ਪ੍ਰਧਾਨਗੀ ਹੇਠ ਸਭਾ ਦੇ ਦਫ਼ਤਰ ਸ਼ਹੀਦ ਸਰਵਣ ਸਿੰਘ ਚੀਮਾ ਭਵਨ ਗੜ੍ਹਾ, ਜਲੰਧਰ ਵਿਖੇ ਹੋਈ। ਮੀਟਿੰਗ ਵਿੱਚ ਸਰਬ ਸੰਮਤੀ ਨਾਲ ਮਤਾ ਪਾਸ ਕਰਕੇ ਈਰਾਨ ਉੱਪਰ ਅਮਰੀਕਾ ਅਤੇ ਉਸ ਦੇ ਜੋਟੀਦਾਰਾਂ ਵੱਲੋਂ ਕੀਤੇ ਹਮਲੇ ਦੀ ਸਖ਼ਤ ਨਿੰਦਾ ਕੀਤੀ। ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਇਜ਼ਰਾਈਲ ਦੇ ਮੁਖੀ ਨਾਲ ਮੇਲਜੋਲ ਕਰਨਾ ਅਤੇ ਜੰਗ ਪ੍ਰਤੀ ਧਾਰੀ ਸਾਜ਼ਸ਼ੀ ਚੁੱਪ ਦੀ ਨਿਖੇਧੀ ਵੀ ਕੀਤੀ। ਇਸ ਮੌਕੇ ਸਭਾ ਦੇ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਅਤੇ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਆਖਿਆ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਅਤੇ ਮੁਕਤ ਵਪਾਰ, ਮਨਰੇਗਾ ਕਾਨੂੰਨ ਦੇ ਬਦਲਾਅ, ਬਿਜਲੀ ਸੋਧ ਬਿੱਲ, ਬੀਜ ਬਿੱਲ, ਚਾਰ ਲੇਬਰ ਕਾਨੂੰਨ ਲਾਗੂ ਕਰਨ ਦੇ ਵਿਰੋਧ ਵਿੱਚ 10 ਮਾਰਚ ਨੂੰ ਬਰਨਾਲਾ ਸ਼ਹਿਰ ਵਿੱਚ ਵਿਸ਼ਾਲ ਮਹਾਂ ਰੈਲੀ ਕੀਤੀ ਜਾਵੇਗੀ। ਜਿਸ ਵਿੱਚ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਹਜ਼ਾਰਾਂ ਮੈਂਬਰ ਸ਼ਮੂਲੀਅਤ ਕਰਨਗੇ।ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਸੂਬਾ ਪ੍ਰੈਸ ਸਕੱਤਰ ਹਰਨੇਕ ਸਿੰਘ ਗੁੱਜਰਵਾਲ ਨੇ ਆਖਿਆ ਕਿ ਇਸ ਮਹਾਂ ਰੈਲੀ ਲਈ ਲੋਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਰੈਲੀ ਕਿਸਾਨਾਂ ਦੀਆਂ ਮੰਗਾਂ ਮੁਸ਼ਕਲਾਂ ਦੇ ਹੱਲ ਵਿੱਚ ਮੀਲ ਪੱਥਰ ਸਾਬਤ ਹੋਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਘਵੀਰ ਸਿੰਘ ਬੈਨੀਪਾਲ, ਮੋਹਣ ਸਿੰਘ ਧਮਾਣਾ, ਹਰਜੀਤ ਸਿੰਘ ਕਾਹਲੋਂ, ਮੇਜਰ ਸਿੰਘ ਖੁਰਲਾਪੁਰ, ਕੁਲਦੀਪ ਸਿੰਘ ਫਿਲੌਰ, ਅਮਰੀਕ ਸਿੰਘ ਮਾਨਸਾ, ਸ਼ਮਸ਼ੇਰ ਸਿੰਘ, ਰਾਮ ਸਿੰਘ ਕੈਮਵਾਲਾ, ਸੰਤੋਖ ਸਿੰਘ ਬਿਲਗਾ, ਮਨੋਹਰ ਸਿੰਘ ਗਿੱਲ, ਧਰਮਪਾਲ, ਮਲਕੀਤ ਸਿੰਘ ਨਿਆਲ, ਦਲਜੀਤ ਸਿੰਘ, ਮੁਖ਼ਤਿਆਰ ਸਿੰਘ ਮੱਲਾ, ਸਵਰਨ ਸਿੰਘ, ਦਰਸ਼ਨ ਸਿੰਘ ਬੇਲੂਮਾਜਰਾ, ਊਧਮ ਸਿੰਘ ਸੰਤੋਖਪੁਰਾ ਆਦਿ ਹਾਜ਼ਰ ਸਨ।

# ਪੈਨਸ਼ਨਰ ਭਲਕ ਦੀ ਮੋਹਾਲੀ ਰੈਲੀ 'ਚ ਵੱਡੀ ਗਿਣਤੀ 'ਚ ਹਿੱਸਾ ਲੈਣਗੇ : ਪਿਆਰਾ ਸਿੰਘ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਸਟੇਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਜਲੰਧਰ ਦੀ ਮੀਟਿੰਗ ਦਫ਼ਤਰ ਵਿਰਸਾ ਵਿਹਾਰ ਜਲੰਧਰ ਵਿਖੇ ਪ੍ਰਧਾਨ ਪਿਆਰਾ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਜਿਸ ਵਿੱਚ 8 ਮਾਰਚ ਰੈਲੀ ਤੇ ਮਾਰਚ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕੀਤੀ ਜਾਵੇਗੀ। ਐਸੋਸੀਏਸ਼ਨ ਦੇ ਜਨਰਲ ਸਕੱਤਰ ਮਾਸਟਰ ਮਨੋਹਰ ਲਾਲ ਅਨੁਸਾਰ 8 ਮਾਰਚ ਦੀ ਮੋਹਾਲੀ ਰੈਲੀ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋ ਕੇ ਕਰਨਗੇ। ਪੰਜਾਬ



ਸਰਕਾਰ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦਾ 16 ਪ੍ਰਤੀਸ਼ਤ ਡੀ ਏ ਅਤੇ ਪਿਛਲੇ ਡੀ ਏ ਦੇ ਬਕਾਏ ਨਹੀਂ ਦੇ ਰਹੀ।ਪੇ ਕਮਿਸ਼ਨ ਵਲੋਂ ਕੀਤੀ ਗਈ ਸਿਫਾਰਸ਼ ਅਨੁਸਾਰ 2.59 ਦਾ ਗੁਣਾਂਕ ਪੈਨਸ਼ਨਰਾਂ ਨੂੰ ਨਹੀਂ ਦੇ ਰਹੀ। ਪੈਨਸ਼ਨਰਾਂ ਨੂੰ ਬਜਟ ਸੈਸ਼ਨ ਦੇ ਦੌਰਾਨ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਮੋਹਾਲੀ ਵਿੱਚ ਰੈਲੀ ਕਰਕੇ ਵਿਧਾਨ ਸਭਾ ਵੱਲ ਕੀਤੇ ਜਾਣ ਵਾਲੇ ਮਾਰਚ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਸ਼ਾਮਲ ਸਮੂਹ ਮੈਂਬਰਾਂ ਵਲੋਂ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ 8 ਮਾਰਚ ਦੀ ਮੋਹਾਲੀ ਦੇ ਹੱਕ ਵਿੱਚ ਦਿੱਤੇ ਕੋਰਟਾਂ ਦੇ ਫੈਸਲੇ ਲਾਗੂ ਨਹੀਂ ਕਰ ਰਹੀ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜੋਗਿੰਦਰ ਸਿੰਘ ਬਿਜਲੀ ਬੋਰਡ, ਪ੍ਰੇਮ ਸਾਗਰ, ਜੋਗਿੰਦਰ ਸਿੰਘ ਮਕਸੂਦਾਂ, ਰਾਜਿੰਦਰ ਸਿੰਘ ਬੇਦੀ, ਜਸਪਾਲ ਸਿੰਘ ਕਰਤਾਰਪੁਰ, ਕਸ਼ਮੀਰ ਸਿੰਘ ਬੱਲ, ਰਾਕੇਸ਼ ਭੱਟੀ, ਸੰਤੋਖ ਸਿੰਘ , ਕੁਲਵੰਤ ਸਿੰਘ ਐੱਸ ਡੀ ਓ ਆਦਿ ਸ਼ਾਮਲ ਸਨ।

## ਸਿਵਲ ਸਰਜਨ ਵਲੋਂ ਮਾਪਿਆਂ ਨੂੰ ਕੁੜੀਆਂ ਦਾ ਟੀਕਾਕਰਨ ਕਰਵਾਉਣ ਦੀ ਅਪੀਲ

**ਮੋਹਾਲੀ, (ਗੁਰਜੀਤ ਬਿੱਲਾ)** ਬੱਚੇਦਾਨੀ ਦੇ ਮੂੰਹ ਦੇ ਕੈਂਸਰ (ਸਰਵਾਈਕਲ ਕੈਂਸਰ ) ਤੋਂ ਰੋਕਥਾਮ ਲਈ ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਐੱਚ ਪੀ ਵੀ ਟੀਕਾਕਰਨ ਦੀ ਸ਼ੁਰੂਆਤ ਹੋ ਗਈ ਹੈ। ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਗਿਰੀਸ਼ ਡੋਗਰਾ ਨੇ ਦਸਿਆ ਕਿ ਇਹ ਟੀਕਾ 14 ਤੋਂ 15 ਸਾਲ ਤਕ ਦੀਆਂ ਕੁੜੀਆਂ ਨੂੰ ਲਗਾਇਆ ਜਾ ਰਿਹਾ ਹੈ ਯਾਨੀ ਜਿਨ੍ਹਾਂ ਦਾ 14ਵਾਂ ਜਨਮ ਦਿਨ ਲੰਘ ਚੁੱਕਾ ਹੈ ਅਤੇ 15ਵਾਂ ਹਾਲੇ ਆਉਣਾ ਹੈ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਭਾਰਤ ਅਤੇ ਪੰਜਾਬ ਸਰਕਾਰ ਵਲੋਂ ਇਸ ਦਵਾਈ ਦੀ ਸ਼ੁਰੂਆਤ ਕੀਤੀ ਗਈ ਸੀ। ਇਹ ਟੀਕਾ ਪ੍ਰਾਈਵੇਟ ਹਸਪਤਾਲਾਂ ਵਿੱਚ ਮਹਿੰਗੀ ਕੀਮਤ ਵਿਚ ਉਪਲਬਧ ਹੈ ਜਦਕਿ ਸਰਕਾਰੀ ਹਸਪਤਾਲਾਂ ਵਿੱਚ ਬਿਲਕੁਲ ਮੁਫ਼ਤ ਲੱਗੇਗਾ।ਐੱਚ ਪੀ ਵੀ ਮੁਹਿੰਮ 90 ਦਿਨਾਂ ਤਕ ਚਲੇਗੀ ਤੇ ਲਾਭਪਾਤਰੀ ਵੱਲੋਂ ਆਪਣਾ ਆਧਾਰ ਕਾਰਡ ਨਾਲ ਲੈ ਕੇ ਜਾਣਾ ਜ਼ਰੂਰੀ ਹੈ।

## ਡਿਪਟੀ ਕਮਿਸ਼ਨਰ ਵੱਲੋਂ ਖਟਕੜ ਕਲਾਂ ਦਾ ਦੌਰਾ

**ਬੰਗਾ, (ਮਨੋਜ ਲਾਡੀ)** ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ 23 ਮਾਰਚ ਨੂੰ ਰਾਜ ਸਰਕਾਰ ਵੱਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸ਼ਹੀਦੀ ਦਿਵਸ 'ਤੇ ਖਟਕੜ ਕਲਾਂ ਵਿਖੇ ਮਨਾਏ ਜਾਣ ਵਾਲੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਸਬੰਧੀ ਦੌਰਾ ਕੀਤਾ ਗਿਆ। ਇਸ ਮੌਕੇ 'ਤੇ ਉਨ੍ਹਾਂ ਨਾਲ ਐੱਸ ਐੱਸ ਪੀ ਤੁਸ਼ਾਰ ਗੁਪਤਾ, ਵਧੀਕ ਡਿਪਟੀ ਕਮਿਸ਼ਨਰ (ਜ) ਬਲਬੀਰ ਰਾਜ ਸਿੰਘ, ਐਸ.ਡੀ.ਐਮ. ਵਿਪਨ ਭੰਡਾਰੀ, ਸਹਾਇਕ ਕਮਿਸ਼ਨਰ ਜਨਰਲ ਜਗਦੀਪ ਸਿੰਘ ਤੋਂ ਇਲਾਵਾ ਹੋਰ ਵੀ



ਹਾਜ਼ਰ ਸਨ। ਇਸ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਹੈਲੀਪੈਡ ਅਤੇ ਸਮਾਗਮ ਵਾਲੇ ਸਥਾਨ ਦਾ ਨਿਰੀਖਣ ਕੀਤਾ ਗਿਆ ਅਤੇ ਅਧਿਕਾਰੀਆਂ ਨੂੰ ਢੁੱਕਵੇਂ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ ਗਏ। ਉਨ੍ਹਾਂ ਸੁਰੱਖਿਆ, ਪਾਰਕਿੰਗ, ਬੈਰੀਕੇਡਿੰਗ, ਪੰਡਾਲ, ਸਟੇਜ, ਆਰਜ਼ੀ ਵਾਸ਼ਰੂਮ, ਸਾਫ-ਸਫਾਈ, ਡਾਕਟਰੀ ਸਹਾਇਤਾ, ਸਜਾਵਟ, ਸਾਊਂਡ ਸਿਸਟਮ, ਪੀਣ ਵਾਲੇ ਪਾਣੀ, ਫਾਇਰ ਬ੍ਰਿਗੇਡ, ਨਿਰਵਿਘਨ ਬਿਜਲੀ ਸਪਲਾਈ, ਰਿਫਰੈਸ਼ਮੈਂਟ, ਪ੍ਰਚਾਰ-ਪ੍ਰਸਾਰ ਅਤੇ ਹੋਰਨਾਂ ਪ੍ਰਬੰਧਾਂ ਸਬੰਧੀ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ।ਇਸ ਮੌਕੇ 'ਤੇ ਐਸ.ਐਸ.ਪੀ. ਤੁਸ਼ਾਰ ਗੁਪਤਾ ਵੱਲੋਂ ਸਮਾਗਮ ਦੇ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਸਮੀਖਿਆ ਕੀਤੀ ਗਈ।

# ਅੱਜ 9 ਘੰਟੇ ਬਿਜਲੀ ਸਪਲਾਈ ਬੰਦ ਰਹੇਗੀ

**ਬਲਾਚੌਰ (ਜਸਵਿੰਦਰ ਬੈਂਸ)**- ਪਾਵਰਕੌਮ ਸਬ-ਡਿਵੀਜ਼ਨ ਨੰਬਰ 1 ਅਤੇ 2 ਬਲਾਚੌਰ ਅਧੀਨ ਪੈਂਦੇ ਬਿਜਲੀ ਖਪਤਕਾਰਾਂ ਲਈ ਜ਼ਰੂਰੀ ਸੂਚਨਾ ਹੈ। ਬਿਜਲੀ ਦੀਆਂ ਲਾਈਨਾਂ ਅਤੇ ਬਿਜਲੀ ਉਪਕਰਨਾਂ ਦੀ ਜ਼ਰੂਰੀ ਮੁਰੰਮਤ ਦੇ ਚੱਲਦਿਆਂ ਇਲਾਕੇ ਦੇ ਕਈ ਮੁੱਖ ਸਬ-ਸਟੇਸ਼ਨਾਂ ਤੋਂ ਜਾਣਕਾਰੀ ਦਿੰਦਿਆਂ ਸਬ-ਡਿਵੀਜ਼ਨ ਅਫ਼ਸਰ ਜਸਵਿੰਦਰ ਪਾਲ ਨੇ ਦੱਸਿਆ ਕਿ: 66 ਕੇਵੀ ਸਬ-ਸਟੇਸ਼ਨ ਬਲਾਚੌਰ,66 ਕੇਵੀ ਸਬ-ਸਟੇਸ਼ਨ ਕਾਠਗੜ੍ਹ,66 ਕੇਵੀ ਸਬ-ਸਟੇਸ਼ਨ ਕਰਾਵਰ, 66 ਕੇਵੀ ਸਬ-ਸਟੇਸ਼ਨ ਭੱਦੀ ਇਨ੍ਹਾਂ ਸਾਰੇ ਸਬ-ਸਟੇਸ਼ਨਾਂ ਤੋਂ ਚੱਲਣ ਵਾਲੇ ਸਮੂਹ ਪਿੰਡਾਂ ਅਤੇ ਸ਼ਹਿਰੀ ਇਲਾਕਿਆਂ ਦੀ ਬਿਜਲੀ ਸਪਲਾਈ 7 ਮਾਰਚ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਬੰਦ ਰਹੇਗੀ।ਅਧਿਕਾਰੀਆਂ ਨੇ ਸਪੱਸ਼ਟ ਕੀਤਾ ਹੈ ਕਿ ਚੱਲ ਰਹੇ ਤਕਨੀਕੀ ਕੰਮਾਂ ਨੂੰ ਮੁਕੰਮਲ ਕਰਨ ਲਈ ਇਸ ਸਮੇਂ ਨੂੰ ਘਟਾਇਆ ਜਾ ਵਧਾਇਆ ਵੀ ਜਾ ਸਕਦਾ ਹੈ। ਇਸ ਤੋਂ ਇਲਾਵਾ, ਜੇਕਰ ਮੌਸਮ ਵਿੱਚ ਕੋਈ ਖ਼ਰਾਬੀ ਜਾਂ ਤਬਦੀਲੀ ਆਉਂਦੀ ਹੈ, ਤਾਂ ਮੁਰੰਮਤ ਦਾ ਕੰਮ ਅਤੇ ਬਿਜਲੀ ਕੱਟ ਦਾ ਸਮਾਂ ਬਦਲਿਆ ਵੀ ਜਾ ਸਕਦਾ ਹੈ।

# ਸਾਂਝੀਵਾਲਤਾ ਦਾ ਸੰਦੇਸ਼ ਲੈ ਕੇ ਆਏ ਜਥੇ ਦਾ ਮੋਰਿੰਡਾ ਪੁੱਜਣ 'ਤੇ ਸਵਾਗਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਮੱਧ ਪ੍ਰਦੇਸ਼ ਤੋਂ ਸਾਂਝੀਵਾਲਤਾ ਦਾ ਸੰਦੇਸ਼ ਲੈ ਕੇ ਪੁੱਜੇ ਜੱਥੇ ਦਾ ਇਤਿਹਾਸਕ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਵਿਖੇ ਪੁੱਜਣ ਤੇ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰੈੱਸ ਨਾਲ ਗੱਲਬਾਤ



ਕਰਦਿਆਂ ਜੱਥੇ ਦੇ ਮੁਖੀ ਜੱਥੇਦਾਰ ਪ੍ਰੇਮ ਸਿੰਘ ਖੰਡਵਾ ਨੇ ਦੱਸਿਆ ਕਿ ਕੁਝ ਸਮਾਜ ਵਿਰੋਧੀ ਅਨਸਰਾਂ ਵੱਲੋਂ ਦੇਸ਼ ਅੰਦਰ ਫੈਲਾਈ ਜਾ ਰਹੀ ਨਫ਼ਰਤ, ਫਿਰਕਾਪ੍ਰਸਤੀ ਨੂੰ ਮੁੱਖ ਰੱਖਦਿਆਂ ਮੱਧ ਪ੍ਰਦੇਸ਼ ਦੇ 101 ਸਿੰਘਾਂ ਅਤੇ ਸਿੰਘਣੀਆਂ ਦੇ ਜਥੇ ਵਲੋਂ ਵੱਖ ਵੱਖ ਰਾਜਾਂ ਅਤੇ ਗੁਰਧਾਮਾਂ ਦਾ ਦੌਰਾ ਕਰਕੇ ਗੁਰੂ ਸਾਹਿਬਾਨ ਵਲੋਂ ਦਰਸਾਏ ਮਾਰਗ ਸਰਬ ਸਾਂਝੀਵਾਲਤਾ ਦਾ ਸੰਦੇਸ਼ ਦਿੱਤਾ ਜਾ ਰਿਹਾ ਹੈ। ਜੱਥੇਦਾਰ ਪ੍ਰੇਮ ਸਿੰਘ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਫਿਰਕਾਪ੍ਰਸਤੀ, ਜਾਤ, ਪਾਤ ਅਤੇ ਇਲਾਕਾਵਾਦ ਤੋਂ ਉਪਰ ਉਠ ਕੇ ਜਨਤਾ ਦੀ ਸੇਵਾ ਨੂੰ ਸਮਰਪਿਤ ਹੋਣ ਤਾਂ ਜੋ ਦੇਸ਼ ਅਤੇ ਸਮਾਜ ਵਿਰੋਧੀ ਅਨਸਰਾਂ ਦੇ ਮਨਸੂਬੇ ਪੂਰੇ ਨਾ ਹੋ ਸਕਨ। ਇਸ ਮੌਕੇ ਉਹਨਾਂ ਗੁਰੂ ਘਰ ਵਿਖੇ ਦੇਗ ਕਰਵਾ ਕੇ ਸਰਬੱਤ ਦੇ ਭਲੇ ਲਈ ਅਰਦਾਸ ਕਰਵਾਈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਦਵਿੰਦਰ ਸਿੰਘ ਵਲੋਂ ਜੱਥੇ ਦਾ ਭਰਵਾਂ ਸਵਾਗਤ ਕੀਤਾ ਤੇ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਸਿੰਘ ਗਿਆਨੀ ਹਰਵਿੰਦਰ ਸਿੰਘ ਮਨੈਲੀ ਵਲੋਂ ਜੱਥੇ ਨੂੰ ਇਤਿਹਾਸਕ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਦਾ ਇਤਿਹਾਸ ਸੁਣਾਉਂਦਿਆਂ ਸਿੱਖ ਇਤਿਹਾਸ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਡੇਰਾ ਕਾਰ ਸੇਵਾ, ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਮੱਧ ਪ੍ਰਦੇਸ਼ ਤੋਂ ਆਏ ਜਥੇ ਵਿਚ ਸ਼ਾਮਲ ਜਥੇਦਾਰ ਪ੍ਰੇਮ ਸਿੰਘ, ਭਾਈ ਚਤਰ ਸਿੰਘ, ਭਾਈ ਮਾਨ ਸਿੰਘ, ਭਾਈ ਰਾਮ ਸਿੰਘ, ਭਾਈ ਅਵਤਾਰ ਸਿੰਘ, ਬੀਬੀ ਰੇਖਾ ਕੌਰ, ਬੀਬੀ ਸੀਮਾ ਕੌਰ ਅਤੇ ਬੀਬੀ ਦੁਨੀਆ ਕੌਰ ਸਮੇਤ ਦੇ ਮੈਂਬਰਾਂ ਨੂੰ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਡੇਰਾ ਕਾਰ ਸੇਵਾ ਮੋਰਿੰਡਾ ਵਲੋਂ ਭੁਪਿੰਦਰ ਸਿੰਘ, ਕਰਨੈਲ ਸਿੰਘ ਜੀਤ, ਦਲਜੀਤ ਸਿੰਘ ਚਲਾਕੀ, ਹਰਮਿੰਦਰ ਸਿੰਘ ਲੱਕੀ, ਗੁਰਮੁੱਖ ਸਿੰਘ ਅਤੇ ਰਾਵਿੰਦਰ ਸਿੰਘ ਸਮੇਤ ਅਨੇਕਾਂ ਪਤਵੰਤੇ ਸੱਜਣ ਹਾਜ਼ਰ ਸਨ।

# ਜਨਗਣਨਾ ਦੀਆਂ ਤਿਆਰੀਆਂ ਦੀ ਸ਼ੁਰੂਆਤ, ਪਹਿਲੇ ਪੜਾਅ ਦੀ ਟ੍ਰੇਨਿੰਗ ਆਯੋਜਿਤ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਆਉਣ ਵਾਲੀ ਜਨਗਣਨਾ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ ਘਰ-ਸੂਚੀਕਰਨ ਅਤੇ ਹਾਊਸਿੰਗ ਜਨਗਣਨਾ ਸੰਬੰਧੀ ਦੋ ਦਿਨਾਂ ਟ੍ਰੇਨਿੰਗ ਸੈਸ਼ਨ ਸ਼ੁਰੂ ਕੀਤਾ ਗਿਆ। ਇਸ ਟ੍ਰੇਨਿੰਗ ਵਿੱਚ ਜ਼ਿਲ੍ਹਾ ਅਤੇ ਚਾਰਜ ਅਫ਼ਸਰਾਂ ਦੇ ਨਾਲ-ਨਾਲ ਰੈਗੂਲਰ ਅਤੇ ਟੈਕਨੀਕਲ ਸਹਾਇਕਾਂ ਨੂੰ ਜਨਗਣਨਾ ਸੰਬੰਧੀ ਤਕਨੀਕੀ ਜਾਣਕਾਰੀ ਦਿੱਤੀ ਜਾਵੇਗੀ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਗੀਤਿਕਾ ਸਿੰਘ ਨੇ ਇੱਥੇ ਦਿੱਤੀ। ਵਧੇਰੇ ਜਾਣਕਾਰੀ ਸਾਂਝੀ ਕਰਦਿਆਂ ਏ.ਡੀ.ਸੀ. (ਜ) ਗੀਤਿਕਾ ਸਿੰਘ, ਜੋ ਕਿ ਜ਼ਿਲ੍ਹੇ ਲਈ ਜ਼ਿਲ੍ਹਾ ਜਨ ਗਣਨਾ ਅਫ਼ਸਰ ਵਜੋਂ ਵੀ ਨਿਯੁਕਤ ਹਨ, ਨੇ ਦੱਸਿਆ ਕਿ ਇਸ ਵਾਰ ਭਾਰਤ ਦੀ 16ਵੀਂ ਜਨਗਣਨਾ (ਆਜ਼ਾਦੀ ਤੋਂ ਬਾਅਦ 8ਵੀਂ) ਡਿਜੀਟਲ ਢੰਗ ਨਾਲ ਕਰਵਾਈ ਜਾਵੇਗੀ। ਘਰਾਂ ਵੱਲੋਂ ਆਪਣੀ ਜਾਣਕਾਰੀ ਖੁਦ ਆਨਲਾਈਨ ਭਰਨ ਲਈ 30 ਅਪ੍ਰੈਲ ਤੋਂ 14 ਮਈ 2026 ਤੱਕ ਸਵੈ-ਗਣਨਾ ਲਈ ਆਨਲਾਈਨ ਪੋਰਟਲ ਖੁੱਲ੍ਹਾ ਰਹੇਗਾ। ਇਸ ਤੋਂ ਬਾਅਦ ਗਣਨਾਕਾਰ ਘਰ-ਘਰ ਜਾ ਕੇ 15 ਮਈ ਤੋਂ 13 ਜੂਨ 2026 ਤੱਕ ਫ਼ੀਲਡ ਵਰਕ ਕਰਨਗੇ, ਜੋ ਕਿ ਪਹਿਲੇ ਪੜਾਅ ਦਾ ਹਿੱਸਾ ਹੋਵੇਗਾ।

## ਬਲਾਕ ਸੰਮਤੀ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਚੋਣ

**ਮਾਹਿਲਪੁਰ (ਸ.ਫ਼ਰੀ)**- ਬਲਾਕ ਮਾਹਿਲਪੁਰ ਵਿੱਚ ਬਲਾਕ ਸੰਮਤੀ ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੀ ਚੋਣ ਸਰਬਸੰਮਤੀ ਨਾਲ ਹੋਈ। ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਪੰਜਾਬ, ਇਸ਼ਾਂਕ ਕੁਮਾਰ ਹਲਕਾ ਚੱਬੇਵਾਲ, ਪਰਮਪ੍ਰੀਤ ਸਿੰਘ ਉੱਪ ਮੰਡਲ ਮੈਜਿਸਟ੍ਰੇਟ ਗੜ੍ਹਸ਼ੰਕਰ ਤੇ ਰਜਿੰਦਰ ਕੌਰ ਬੀ ਡੀ ਪੀ ਓ ਮਾਹਿਲਪੁਰ ਦੀ ਮੌਜੂਦਗੀ ਵਿੱਚ ਹੋਈ। ਜਿਸ ਵਿੱਚ ਰਣਜੀਤ ਕੌਰ ਚੇਅਰਮੈਨ ਜੋਨ ਭਾਮ ਤੇ ਵਾਈਸ ਚੇਅਰਮੈਨ ਨਵਪ੍ਰੀਤ ਕੌਰ ਜੋਨ ਚੱਕਕਟਾਰੂ ਨੂੰ ਸਰਬਸੰਮਤੀ ਨਾਲ ਨਿਯੁਕਤ ਕੀਤਾ ਗਿਆ। ਇਸ ਮੌਕੇ ਸੰਮਤੀ ਮੈਂਬਰ ਮਨਪ੍ਰੀਤ ਕੌਰ, ਗੁਰਦੀਪ ਕੌਰ , ਮਮਤਾ ਰਾਣੀ, ਅਨੂਦੇਵੀ, ਮਨਜੀਤ ਕੌਰ, ਗੁਰਜਿੰਦਰ ਕੌਰ, ਸਰਬਜੀਤ ਕੌਰ, ਰਜਨੀ, ਮਨਪ੍ਰੀਤ ਕੌਰ, ਸੁਖਵਿੰਦਰ ਕੌਰ, ਰਣਵੀਰ ਸਿੰਘ,ਕੁੰਦਨ ਲਾਲ, ਦਵਿੰਦਰ ਸਿੰਘ, ਪਵਨਦੀਪ ਸਿੰਘ, ਗੁਰਬਖਸ਼ ਸਿੰਘ, ਗੁਰਦਾਰ ਸਿੰਘ, ਦਵਿੰਦਰ ਸਿੰਘ ਬਾੜੀਆਂ ਕਲਾਂ ਜੋਨ, ਰਜਿੰਦਰ ਸਿੰਘ, ਅਮਨਦੀਪ ਸਿੰਘ, ਅਤੇ ਸਾਹਿਲ ਹਾਜ਼ਰ ਸਨ।



# ਲੱਖਾ ਤੇ ਮੈਡਮ ਨਾਜ਼ ਦਾ ਡਿਊਟ ਸਿੰਗਲ ਟਰੈਕ 'ਅਮਲੀ ਦੀ ਜਾਨ' ਰਿਲੀਜ਼

**ਨਕੋਦਰ (ਮਨਜੀਤ ਮਾਨ)**- ਪੰਜਾਬ ਦੀ ਮਾਣਮੱਤੀ ਦੋਗਾਣਾ ਲੱਖਾ ਤੇ ਨਾਜ਼ ਦਾ ਨਵਾਂ ਡਿਊਟ ਸਿੰਗਲ ਟਰੈਕ ਅਮਲੀ ਦੀ ਜਾਨ 'ਲੱਖਾ ਨਾਜ਼ ਮਿਊਜ਼ਿਕ ਵਰਲਡ' 'ਤੇ ਰਿਲੀਜ਼ ਕੀਤਾ ਗਿਆ। ਜਾਣਕਾਰੀ ਦਿੰਦਿਆਂ ਲੱਖਾ ਤੇ ਨਾਜ਼ ਨੇ ਦੱਸਿਆ ਕਿ ਇਸ ਡਿਊਟ ਸਿੰਗਲ ਟਰੈਕ ਨੂੰ ਲਿਖਿਆ ਇੰਦਰ ਮਾਨ ਨੇ, ਸੰਗੀਤ ਸਾਹਿਬ ਹੀਰਾ ਵਲੋਂ ਤਿਆਰ ਕੀਤਾ ਗਿਆ । ਇਸ ਨੂੰ ਫਿਲਮਾਇਆ ਹੈ ਵਿੱਕੀ ਜੇ, ਸੋਨੂੰ ਬੈਂਸ ਨੇ ਤੇ ਐਡੀਟਿੰਗ ਮਿਸਟਰ ਹੰਸ ਨੇ ਕੀਤੀ। ਇਸ ਦੀ ਵੀਡੀਓ 'ਚ ਬਹੁਤ ਹੀ ਪ੍ਰਸਿੱਧ ਰਾਜਨਿਤਿਕ ਤੇ ਨੀਟੂ ਸ਼ਟਰਾਂ ਵਾਲਾ, ਬਲਵਿੰਦਰ ਦਿਲਦਾਰ, ਗੋਗੀ, ਤੇ ਲੱਖਾ ਤੇ ਨਾਜ਼ ਨੇ ਕੰਮ ਕੀਤਾ ਹੈ। ਜੋ ਕਿ ਯੂ ਟਿਊਬ ਚੈਨਲ ਤੇ ਚੱਲ ਰਿਹਾ ਹੈ ਜਿਸ ਨੂੰ ਦਰਸ਼ਕਾਂ ਵਲੋਂ ਖੂਬ ਪਿਆਰ ਮਿਲ ਰਿਹਾ ਹੈ। ਇਸ ਗੀਤ ਨੂੰ ਪੂਰਾ ਕਰਨ ਪਿੱਛੇ ਬਹੁਤ ਸਾਰਾ ਆਸ਼ੀਰਵਾਦ ਤੇ ਸੁਪੋਰਟ ਕਰਨ 'ਚ ਇੰਦਰਜੀਤ ਔਲਖ (ਸ਼ਹਿਬਾਜ਼ ਇੰਟਰਟੇਨਰਜ਼ ਕੈਨੇਡਾ), ਗੁਰਮੇਲ ਧਾਮੀ, ਬਲਵੀਰ ਅਸਮਾਨਪੁਰੀ, ਕੁਲਦੀਪ ਮਿਨਹਾਸ ਸੁਰਿੰਦਰ ਮਿਨਹਾਸ ਪਿੰਡ ਪਾਲਦੀ, ਅਜੀਤ ਨਾਗਰਾ ਯੂ ਐੱਸ ਏ, ਰਜਿੰਦਰ ਕੌਰ ਨਾਗਰਾ, ਮੇਜਰ ਸਿੱਧੂ, ਜੈਗ ਵਿਰਕ ਕੈਨੇਡਾ, ਬੌਬੀ ਸਟੂਡੀਓ ਸਰੀ ਕੈਨੇਡਾ ਦਾ ਦਿਲੋਂ ਧੰਨਵਾਦ ਕਰਦੇ ਹਨ।ਇਸ ਰਿਲੀਜ਼ਿੰਗ ਮੌਕੇ ਤੇ ਮੇਜਰ ਸਿੱਧੂ ਕੇਨੇਡਾ, ਸੁਰਿੰਦਰ ਕੇਨੇਡਾ, ਨੀਟੂ ਸ਼ਟਰਾਂ ਵਾਲਾ , ਬਲਵਿੰਦਰ ਦਿਲਦਾਰ , ਗਾਇਕ ਮਨਵੀਰ ਰਾਣਾ , ਭੋਲਾ ਕਾਮੇਡੀਅਨ, ਜੈਜੀ ਸਿਕੰਦਰ , ਅਰਜਨ , ਗਾਇਕ ਅਮਰੀਕ ਮਾਇਕਲ ਹਾਜ਼ਰ ਸਨ ।



# ਟੀ ਐੱਨ ਸੀ ਤੇ ਮਾਨਵ ਵਿਕਾਸ ਸੰਸਥਾਨ ਵੱਲੋਂ ਸਟਾਕ ਹੋਲਡਰ ਵਰਕਸ਼ਾਪ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਟੀ ਐੱਨ ਸੀ ਦੇ ਸਹਿਯੋਗ ਨਾਲ ਅਤੇ ਮਾਨਵ ਵਿਕਾਸ ਸੰਸਥਾਨ ਵੱਲੋਂ ਪੰਜਾਬ ਦੇ ਛੇ ਜ਼ਿਲ੍ਹਿਆਂ—ਮਲੇਰਕੋਟਲਾ, ਮੋਗਾ, ਲੁਧਿਆਣਾ, ਫਤਿਹਗੜ੍ਹ ਸਾਹਿਬ, ਪਟਿਆਲਾ ਅਤੇ



ਜਲੰਧਰ ਵਿੱਚ ਲਾਗੂ ਕੀਤੇ ਜਾ ਰਹੇ ਪ੍ਰਾਣਾ ਪ੍ਰੋਜੈਕਟ ਤਹਿਤ ਜਲੰਧਰ ਜ਼ਿਲ੍ਹੇ ਵਿੱਚ ਇੱਕ ਮਹੱਤਵਪੂਰਨ ਸਟੇਕਹੋਲਡਰ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਟਿਕਾਊ, ਜਲਵਾਯੂ-ਸਮਰੱਥ ਅਤੇ ਨੋ-ਬਰਣ ਖੇਤੀਬਾੜੀ ਪ੍ਰਥਾਵਾਂ ਨੂੰ ਉਤਸ਼ਾਹਿਤ ਕਰਨਾ ਅਤੇ ਜ਼ਿਲ੍ਹਾ ਪੱਧਰ 'ਤੇ ਵੱਖ-ਵੱਖ ਭਾਗੀਦਾਰਾਂ ਵਿਚਕਾਰ ਸਹਿਯੋਗ ਨੂੰ ਮਜ਼ਬੂਤ ਕਰਨਾ ਸੀ। ਮਾਨਵ ਵਿਕਾਸ ਸੰਸਥਾਨ ਵੱਲੋਂ ਇਸ ਸਾਲ ਮਹੱਤਵਪੂਰਨ ਪ੍ਰਗਤੀ ਦਰਜ ਕੀਤੀ ਗਈ ਹੈ। ਪ੍ਰੋਜੈਕਟ ਤਹਿਤ 7000+ ਏਕੜ ਵਿੱਚ ਡਾਇਰੈਕਟ ਸੀਡਡ ਰਾਈਸ (ਡੀ ਐੱਸ ਆਰ) ਤੇ 75,000+ ਏਕੜ ਵਿੱਚ ਅਲਟਰਨੇਟ ਵੈੱਟਿੰਗ ਐਂਡ ਡ੍ਰਾਇੰਗ ( ਏ ਡਬਲਯੂ ਡੀ) ਤਕਨੀਕ ਅਪਣਾਈ ਗਈ। ਇਸ ਤੋਂ ਇਲਾਵਾ, 5,20,000+ ਏਕੜ ਖੇਤਰ ਕ੍ਰਾਪ ਰਿਜ਼ਿਡਿਊ ਮੈਨੇਜਮੈਂਟ (ਸੀ ਆਰ ਐੱਮ) ਦੇ ਅਧੀਨ ਲਿਆਂਦਾ ਗਿਆ, ਜਿਸ ਨਾਲ ਪਰਾਲੀ ਸਾੜਨ ਵਿੱਚ ਕਮੀ ਅਤੇ ਮਿੱਟੀ ਦੀ ਸਿਹਤ ਸੁਧਾਰ ਵੱਲ ਮਹੱਤਵਪੂਰਨ ਕਦਮ ਚੁੱਕਿਆ ਗਿਆ। ਵਰਕਸ਼ਾਪ ਵਿੱਚ ਖੇਤੀਬਾੜੀ ਵਿਭਾਗ ,ਕ੍ਰਿਸ਼ੀ ਵਿਗਿਆਨ ਕੇਂਦਰ, ਬਾਗਬਾਨੀ ਵਿਭਾਗ ਅਤੇ ਜੰਗਲਾਤ ਵਿਭਾਗ ਵਿਭਾਗਾਂ ਦੇ ਪ੍ਰਤੀਨਿਧੀਆਂ ਸਮੇਤ ਪ੍ਰਗਤੀਸ਼ੀਲ ਕਿਸਾਨਾਂ ਨੇ ਭਾਗ ਲਿਆ। ਚਰਚਾ ਦੌਰਾਨ ਡੀ ਐੱਸ ਆਰ ਤੇ ਏ ਡਬਲਯੂ ਡੀ ਰਾਹੀਂ ਪਾਣੀ ਦੀ ਬਚਤ, ਮੀਥੇਨ ਉਤਸਰਜਨ ਵਿੱਚ ਕਮੀ ਅਤੇ ਲਾਗਤ ਘਟਾਉਣ ਦੇ ਲਾਭਾਂ 'ਤੇ ਵਿਸਥਾਰ ਨਾਲ ਵਿਚਾਰ ਕੀਤਾ ਗਿਆ। ਨਾਲ ਹੀ ਸੀ ਆਰ ਐੱਮ ਮਸ਼ੀਨਰੀ ਰਾਹੀਂ ਪਰਾਲੀ ਨੂੰ ਖੇਤ ਵਿੱਚ ਹੀ ਸੰਭਾਲਣ ਅਤੇ ਅੱਗ ਲਗਾਉਣ ਦੀ ਪ੍ਰਥਾ ਨੂੰ ਰੋਕਣ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ।

# ਲਾਲੜੂ 'ਚ ਬਣੇਗੀ ਸਿਵਲ ਵੈਟਰਨਰੀ ਹਸਪਤਾਲ ਦੀ ਨਵੀਂ ਇਮਾਰਤ



**ਲਾਲੜੂ (ਵਿਨੈ ਕੁਮਾਰ ਜੈਨ)**- ਲਾਲੜੂ ਅਤੇ ਆਸ-ਪਾਸ ਦੇ ਪਿੰਡਾਂ ਦੇ ਵਸਨੀਕਾਂ ਅਤੇ ਪਸ਼ੂ ਪਾਲਕਾਂ ਨੂੰ ਵੱਡੀ ਰਾਹਤ ਦਿੰਦਿਆਂ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਲਾਲੜੂ ਸਥਿਤ ਸਿਵਲ ਵੈਟਰਨਰੀ ਹਸਪਤਾਲ ਦੀ ਨਵੀਂ ਇਮਾਰਤ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ। ਇਹ ਪ੍ਰੋਜੈਕਟ ਲਗਭਗ 49.64 ਲੱਖ ਰੁਪਏ ਦੀ ਲਾਗਤ ਨਾਲ ਪੂਰਾ ਕੀਤਾ ਜਾਵੇਗਾ। ਇਸ ਮੌਕੇ ਸੰਬੋਧਨ ਕਰਦੇ ਹੋਏ ਵਿਧਾਇਕ ਰੰਧਾਵਾ ਨੇ ਦੱਸਿਆ ਕਿ ਮੌਜੂਦਾ ਵੈਟਰਨਰੀ ਹਸਪਤਾਲ ਦੀ ਇਮਾਰਤ 1961 ਵਿੱਚ ਬਣੀ ਸੀ ਤੇ ਕਈ ਦਹਾਕਿਆਂ ਤੋਂ ਇਲਾਕੇ ਦੀ ਸੇਵਾ ਕਰ ਰਹੀ ਸੀ। ਹੁਣ ਪਿਛਲੇ ਕੁਝ ਸਮੇਂ ਤੋਂ ਇਸ ਇਮਾਰਤ ਨੂੰ ਅਸੁਰੱਖਿਅਤ ਘੋਸ਼ਿਤ ਕਰ ਦਿੱਤਾ ਗਿਆ ਸੀ। ਵਧਦੀ ਆਬਾਦੀ ਅਤੇ ਪਸ਼ੂ ਪਾਲਕਾਂ ਦੀਆਂ ਵਧ ਰਹੀਆਂ ਲੋੜਾਂ ਨੂੰ ਦੇਖਦਿਆਂ ਨਵੀਂ ਅਤੇ ਆਧੁਨਿਕ ਇਮਾਰਤ ਦਾ ਨਿਰਮਾਣ ਕਰਨਾ ਜ਼ਰੂਰੀ ਹੋ ਗਿਆ ਸੀ।ਉਨ੍ਹਾਂ ਕਿਹਾ ਕਿ ਨਵੀਂ ਇਮਾਰਤ ਬਣਨ ਨਾਲ ਇਲਾਕੇ ਵਿੱਚ ਪਸ਼ੂ ਚਿਕਿਤਸਾ ਸੇਵਾਵਾਂ ਵਿੱਚ ਕਾਫ਼ੀ ਸੁਧਾਰ ਆਵੇਗਾ ਤੇ ਪਸ਼ੂਆਂ ਦੇ ਇਲਾਜ ਲਈ ਵਧੀਆ ਸੁਵਿਧਾਵਾਂ ਮਿਲਣਗੀਆਂ, ਕਿਉਂਕਿ ਪਸ਼ੂ ਪਾਲਣਾ ਪਿੰਡਾਂ ਦੇ ਪਰਿਵਾਰਾਂ ਦੀ ਰੋਜ਼ੀ-ਰੋਟੀ ਦਾ ਇੱਕ ਮਹੱਤਵਪੂਰਨ ਸਰੋਤ ਹੈ।ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਅਤੇ ਕਿਸਾਨਾਂ ਅਤੇ ਪਸ਼ੂ ਪਾਲਕਾਂ ਨੂੰ ਬਿਹਤਰ ਸੁਵਿਧਾਵਾਂ ਦੇਣ ਉੱਤੇ ਖਾਸ ਧਿਆਨ ਦਿੱਤਾ ਜਾ ਰਿਹਾ ਹੈ। ਇਸ ਮੌਕੇ ਸੀਨੀਅਰ ਵੈਟਰਨਰੀ ਅਫ਼ਸਰ ਡਾ. ਭੁਪਿੰਦਰ ਸਿੰਘ, ਵੈਟਰਨਰੀ ਅਫ਼ਸਰ ਡਾ. ਕੁਸੁਮ ਲਤਾ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ। ਇਸ ਮੌਕੇ ਆਮ ਆਦਮੀ ਪਾਰਟੀ ਦੀ ਸਮੁੱਚੀ ਟੀਮ ਵੀ ਮੌਜੂਦ ਰਹੀ ।

## ਡੀ ਏ ਵੀ ਸਕੂਲ 'ਚ ਧੂਮਧਾਮ ਨਾਲ ਮਨਾਈ ਹੋਲੀ



**ਰਾਜਪੁਰਾ (ਰਮੇਸ਼ ਕਟਾਰੀਆ)**-ਡੀ ਏ ਵੀ ਪਬਲਿਕ ਸਕੂਲ ਨੇ ਬਹੁਤ ਹੀ ਉਤਸ਼ਾਹ ਤੇ ਖੁਸ਼ੀ ਨਾਲ ਹੋਲੀ ਮਨਾਈ।ਵਿਦਿਆਰਥੀਆਂ ਤੇ ਅਧਿਆਪਕਾਂ ਨੇ ਗੁਲਾਲ, ਰੰਗਾਂ ਤੇ ਫੁੱਲਾਂ ਨਾਲ ਮਿਲ ਕੇ ਹੋਲੀ ਖੇਡੀ, ਸਕੂਲ ਦੇ ਵਿਹੜੇ ਨੂੰ ਤਿਉਹਾਰਾਂ ਦੇ ਰੰਗਾਂ ਨਾਲ ਭਰ ਦਿੱਤਾ।ਰੰਗੋਲੀ ਮੁਕਾਬਲੇ, ਨਾਚ ਤੇ ਹੋਲੀ ਦੇ ਗੀਤਾਂ ਨੇ ਸਾਰਿਆਂ ਨੂੰ ਮੋਹਿਤ ਕਰ ਦਿੱਤਾ।ਪ੍ਰਿੰਸੀਪਲ ਅਲਪਨਾ ਪਾਠਕ ਨੇ ਦੱਸਿਆ ਕਿ ਹੋਲੀ ਸਿਰਫ਼ ਰੰਗਾਂ ਦਾ ਤਿਉਹਾਰ ਨਹੀਂ ਹੈ, ਸਗੋਂ ਭਾਈਚਾਰੇ, ਏਕਤਾ ਤੇ ਖੁਸ਼ੀ ਦਾ ਪ੍ਰਤੀਕ ਹੈ।ਵਿਦਿਆਰਥੀਆਂ ਨੇ ਇਸ ਮੌਕੇ ਭਾਰਤੀ ਸੱਭਿਆਚਾਰ ਤੇ ਪ੍ਰੰਪਰਾਵਾਂ ਦੀਆਂ ਝਲਕੀਆਂ ਪੇਸ਼ ਕੀਤੀਆਂ, ਜਿਸ ਨਾਲ ਸਾਰੇ ਮੌਜੂਦ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਖੁਸ਼ੀ ਤੇ ਉਤਸ਼ਾਹ ਦੇ ਪਲ ਮਿਲੇ।

## ਬਲਜਿੰਦਰ ਕੌਰ ਤੇ ਜੈਸ ਗਿੱਲ ਨੇ ਬਜ਼ੁਰਗਾਂ ਤੋਂ ਲਿਆ ਆਸ਼ੀਰਵਾਦ



**ਜਗਰਾਉਂ (ਸੰਜੀਵ ਅਰੋੜਾ)**-ਪ੍ਰਭ ਆਸਰਾ ਨਿਆਸਰਿਆਂ ਦੇ ਘਰ ਪਿੰਡ ਫੇਰੂਰਾਈਂ ਵਿਖੇ ਕੈਨੇਡਾ ਸਰੀ ਤੋਂ ਬਲਜਿੰਦਰ ਕੌਰ ਤੇ ਜੈਸ ਗਿੱਲ ਵਿਸ਼ੇਸ਼ ਤੌਰ 'ਤੇ ਬਜ਼ੁਰਗਾਂ ਦਾ ਆਸ਼ੀਰਵਾਦ ਲੈਣ ਲਈ ਪਹੁੰਚੇ। ਬਲਜਿੰਦਰ ਕੌਰ ਵੱਲੋਂ ਕੈਨੇਡਾ ਵਿੱਚ ਬੀ ਕੌਰ ਪੰਜਾਬੀ ਮੀਡੀਆ ਤੇ ਪਲੱਸ ਟੀ. ਵੀ. ਚੈਨਲ ਚਲਾਇਆ ਜਾ ਰਿਹਾ ਹੈ, ਇਸ ਚੈਨਲ ਦੇ ਜ਼ਰੀਏ ਉਸ ਨੇ ਪ੍ਰਭ ਆਸਰਾ ਫੇਰੂਰਾਈ ਵੱਲੋਂ ਬਜ਼ੁਰਗਾਂ ਦੀ ਸੁਚੱਜੇ ਢੰਗ ਨਾਲ ਦੇਖ ਭਾਲ ਤੇ ਹੋਰ ਵੀ ਕੀਤੇ ਜਾ ਰਹੇ ਸਮਾਜ ਭਲਾਈ ਦੇ ਕੰਮਾਂ ਦੀ ਸ਼ਲਾਘਾ ਕੀਤੀ ਤੇ ਜੈਸ ਗਿੱਲ ਨੇ ਵੀ ਆਪਣੇ ਚੈਨਲ ਵਖ਼ਤ ਫਾਰ ਯੂ ਚੈਨਲ ਜ਼ਰੀਏ ਪ੍ਰਭ ਆਸਰਾ ਫੇਰੂਰਾਈ ਵੱਲੋਂ ਮੰਦਬੁੱਧੀ ਬੱਚਿਆਂ ਤੇ ਬਜ਼ੁਰਗਾਂ ਦੀ ਦੇਖਭਾਲ ਕਰਨ ਤੇ ਰਹਿਣ-ਸਹਿਣ ਬਾਰੇ ਆਪਣੇ ਕੈਮਰੇ ਦੇ ਜ਼ਰੀਏ ਸਮਾਜ ਤੱਕ ਪਹੁੰਚਾਇਆ। ਪ੍ਰਭ ਆਸਰਾ ਫੇਰੂਰਾਈ ਦੇ ਪ੍ਰਬੰਧਕ ਹਰਜੀਤ ਸਿੰਘ ਰਾਏ ਵੱਲੋਂ ਬਲਜਿੰਦਰ ਕੌਰ ਤੇ ਜੈਸ ਗਿੱਲ ਕੈਨੇਡਾ ਮੀਡੀਆ ਕਵਰੇਜ 'ਤੇ ਆਰਥਿਕ ਸਹਿਯੋਗ ਲਈ ਧੰਨਵਾਦ ਕੀਤਾ। ਬਲਜਿੰਦਰ ਕੌਰ ਤੇ ਜੈਸ ਗਿੱਲ ਨੂੰ ਪ੍ਰਭ ਆਸਰਾ ਵਿਖੇ ਬਜ਼ੁਰਗਾਂ ਨਾਲ ਗੱਲਾਂਬਾਤਾਂ ਕਰਕੇ ਬਹੁਤ ਹੀ ਖੁਸ਼ੀ ਮਹਿਸੂਸ ਕੀਤੀ। ਇਸ ਸਮੇਂ ਪ੍ਰਭ ਆਸਰਾ ਦੇ ਸਾਰੇ ਮੈਂਬਰ ਹਾਜ਼ਰ ਸਨ।

## ਰੋਪੜ ਵੈਟਲੈਂਡ ਤੇ ਸਰਕਾਰੀ ਮੱਛਲੀ ਪਾਲਣ ਕੇਂਦਰ ਕਟਲੀ ਦੀ ਯਾਤਰਾ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਜੀਵ ਵਿਗਿਆਨ ਵਿਭਾਗ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਬੀ.ਐਸ.ਸੀ. ਮੈਡੀਕਲ ਅਤੇ ਐਮ.ਐਸ.ਸੀ. ਜੂਆਲੋਜੀ ਦੇ ਵਿਦਿਆਰਥੀਆਂ ਲਈ ਰੋਪੜ ਵੈਟਲੈਂਡ ਤੇ ਕਟਲੀ (ਰੋਪੜ) ਸਥਿਤ ਸਰਕਾਰੀ ਮੱਛਲੀ ਪਾਲਣ ਕੇਂਦਰ ਦਾ ਦੌਰਾ ਕਰਾਇਆ ਗਿਆ।ਇਹ ਯਾਤਰਾ ਪ੍ਰੋ. (ਡਾ.) ਪ੍ਰਿਤਪਾਲ ਸਿੰਘ, ਵਾਈਸ-ਚਾਂਸਲਰ ਤੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਦੇ ਸਹਿਯੋਗ ਨਾਲ ਸੰਭਵ ਹੋਈ।ਇਸ ਯਾਤਰਾ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪ੍ਰਯੋਗਿਕ ਸਿੱਖਿਆ ਦੇਣਾ ਤੇ ਜੈਵ-ਵਿਭਿੰਨਤਾ ਤੇ ਮੱਛਲੀ ਪਾਲਣ ਪ੍ਰਬੰਧਨ ਬਾਰੇ ਉਨ੍ਹਾਂ ਦੀ ਜਾਣਕਾਰੀ ਵਧਾਉਣਾ ਸੀ।ਦੌਰੇ ਦੀ ਅਗਵਾਈ ਵਿਭਾਗ ਮੁਖੀ ਡਾ. ਚਰਨ ਕਮਲ ਸੇਖੋਂ ਨਾਲੋਂ ਡਾ. ਮੋਨਿਕਾ ਐਰੀ ਤੇ ਡਾ. ਜਸਪ੍ਰੀਤ ਕੌਰ ਨੇ ਕੀਤੀ।ਰੋਪੜ ਵੈਟਲੈਂਡ 'ਚ ਵਿਦਿਆਰਥੀਆਂ ਨੇ ਕੁਦਰਤੀ ਵੈਟਲੈਂਡ ਤੰਤਰ ਨੂੰ ਨਜ਼ਦੀਕੋਂ ਵੇਖਿਆ।ਉਨ੍ਹਾਂ ਵੱਖ-ਵੱਖ ਪੌਦਿਆਂ ਤੇ ਜਾਨਵਰਾਂ ਦੀਆਂ ਪ੍ਰਜਾਤੀਆਂ ਦਾ ਅਧਿਐਨ ਕੀਤਾ। ਖ਼ਾਸ ਤੌਰ 'ਤੇ ਉਹ ਪ੍ਰਵਾਸੀ ਪੰਛੀ, ਜੋ ਹਰ ਸਾਲ ਇੱਥੇ ਆਉਂਦੇ ਹਨ।ਸਮੂਹ ਨੇ ਕਟਲੀ ਸਥਿਤ ਸਰਕਾਰੀ ਮੱਛਲੀ ਪਾਲਣ ਕੇਂਦਰ ਦਾ ਦੌਰਾ ਕੀਤਾ, ਜੋ ਲਗਭਗ 25 ਏਕੜ ਵਿੱਚ ਫੈਲਿਆ ਹੋਇਆ ਹੈ।ਤਜਿੰਦਰ ਕੌਰ ਸੁਪਰਵਾਈਜ਼ਰ ਨੇ ਵਿਦਿਆਰਥੀਆਂ ਦਾ ਸਵਾਗਤ ਕੀਤਾ ਤੇ ਕੇਂਦਰ ਦਾ ਵਿਸਥਾਰਪੂਰਵਕ ਦੌਰਾ ਕਰਾਇਆ।ਉਨ੍ਹਾਂ ਮੱਛੀ ਪਾਲਣ ਦੇ ਵਿਗਿਆਨਕ ਤਰੀਕਿਆਂ, ਬੀਜ ਤਿਆਰੀ ਪ੍ਰਕਿਰਿਆ, ਤਲਾਬ ਸੰਭਾਲ, ਮੱਛੀਆਂ ਦੀ ਖੁਰਾਕ ਅਤੇ ਮੱਛਲੀ ਪਾਲਣ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ।

## ਬੇਰੁਜ਼ਗਾਰ ਮਲਟੀਪਰਪਜ਼ ਹੈਲਥ ਵਰਕਰ ਮੇਲ ਯੂਨੀਅਨ ਵੱਲੋਂ ਨਿਯੁਕਤੀ ਪੱਤਰ ਜਾਰੀ ਕਰਨ ਦੀ ਮੰਗ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਬੇਰੁਜ਼ਗਾਰ ਮਲਟੀਪਰਪਜ਼ ਹੈਲਥ ਵਰਕਰ ਮੇਲ ਯੂਨੀਅਨ ਦੇ ਸੂਬਾ ਪ੍ਰਧਾਨ ਹਰਵਿੰਦਰ ਸਿੰਘ ਥੂਹੀ ਵੱਲੋਂ ਦੱਸਿਆ ਗਿਆ ਕਿ ਸਿਹਤ ਤੇ ਪਰਵਾਰ ਭਲਾਈ ਵਿਭਾਗ ਵੱਲੋਂ ਕੱਢੀ ਗਈਆਂ 270 ਅਸਾਮੀਆਂ ਦਾ ਪੇਪਰ ਲਿਆ ਗਿਆ ਸੀ। ਉਸ ਦਾ ਰਿਜ਼ਲਟ ਵੀ ਬਾਬਾ ਫ਼ਰੀਦ ਯੂਨੀਵਰਸਿਟੀ ਵੱਲੋਂ ਜਾਰੀ ਕਰ ਦਿੱਤਾ ਗਿਆ ਸੀ, ਪਰ ਅਜੇ ਤੱਕ ਸਿਲੈਕਟ 270 ਸਾਥੀਆਂ ਨੂੰ ਜੁਆਇਨਿੰਗ ਲੈਟਰ ਜਾਰੀ ਨਹੀਂ ਕੀਤੇ ਗਏ।ਇਹ ਗੱਲ ਸਿਹਤ ਮੰਤਰੀ ਦੇ ਧਿਆਨ ਵਿੱਚ ਲਿਆਉਣਾ ਜ਼ਰੂਰੀ ਹੈ ਕਿ ਸਿਹਤ ਵਿਭਾਗ ਵਿੱਚ ਮੈਦਾਨੀ ਪੱਧਰ 'ਤੇ ਕ੍ਰਮਚਾਰੀਆਂ ਦੀ ਭਾਰੀ ਘਾਟ ਹੈ ਤੇ ਦੂਜੇ ਪਾਸੇ ਮੈਰਿਟ ਅਨੁਸਾਰ ਚੁਣੇ ਗਏ ਉਮੀਦਵਾਰ ਬਿਨਾਂ ਕਿਸੇ ਵਜ੍ਹਾ ਦੇ ਬੇਰੁਜ਼ਗਾਰੀ ਦਾ ਸਾਹਮਣਾ ਕਰ ਰਹੇ ਹਨ।ਇਹ ਸਥਿਤੀ ਨਾ ਸਿਰਫ਼ ਉਮੀਦਵਾਰਾਂ ਨਾਲ ਅਨਿਆਂ ਹੈ, ਸਗੋਂ ਸਰਕਾਰੀ ਸਿਹਤ ਸੇਵਾਵਾਂ 'ਤੇ ਵੀ ਨਕਾਰਾਤਮਕ ਪ੍ਰਭਾਵ ਪਾ ਰਹੀ ਹੈ। ਅਸੀਂ ਇਸ ਸੰਬੰਧੀ ਡਾਇਰੈਕਟਰ ਸਾਹਿਬ ਸਿਹਤ ਤੇ ਪਰਵਾਰ ਭਲਾਈ ਨੂੰ ਮਿਲ ਕੇ ਆਪਣੀ ਮੰਗ ਤੋਂ ਜਾਣੂ ਕਰਾ ਚੁੱਕੇ ਹਾਂ, ਪਰ ਲਗਾਤਾਰ ਨਿਯੁਕਤੀ ਪੱਤਰ ਜਾਰੀ ਕਰਨ ਵਿੱਚ ਦੇਰੀ ਕੀਤੀ ਜਾ ਰਹੀ ਹੈ।ਅਸੀਂ ਮੈਰਿਟ ਸੂਚੀ ਵਿੱਚ ਸ਼ਾਮਲ ਸਾਰੇ ਯੋਗ ਉਮੀਦਵਾਰਾਂ ਨੂੰ ਤੁਰੰਤ ਨਿਯੁਕਤੀ ਪੱਤਰ ਜਾਰੀ ਕਰਾਉਣ ਲਈ 15 ਮਾਰਚ ਨੂੰ ਸਿਹਤ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਦਾ ਐਲਾਨ ਕੀਤਾ ਹੈ ਤਾਂ ਜੁ ਜਾਇਜ਼ ਮੰਗਾਂ ਜਲਦੀ ਤੋਂ ਜਲਦੀ ਹੱਲ ਕਰਾਈਆਂ ਜਾ ਸਕਣ।

## ਕਾਂਗਰਸ ਦੀ ਮਜ਼ਬੂਤੀ ਲਈ ਮਹਿਲਾ ਵਿੰਗ ਇਕਾਈਆਂ ਦਾ ਗਠਨ ਕੀਤਾ ਜਾਵੇਗਾ : ਕਾਂਤਾ ਕੁਠਾਲਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਾਂਗਰਸ ਪਾਰਟੀ ਦੀ ਮਨਰੇਗਾ ਬਚਾਓ ਕਿਸਾਨ ਮਜ਼ਦੂਰ ਸੰਗਰਾਮ ਰੈਲੀ ਇਤਿਹਾਸਕ ਸਾਬਤ ਹੋ ਨਿੱਬੜੀ।ਰੈਲੀ ਦੇ ਵਿਸ਼ਾਲ ਇਕੱਠ ਨੇ ਵਿਰੋਧੀ ਧਿਰਾਂ ਦੀ ਨੀਂਦ ਉਡਾ ਕੇ ਰੱਖ ਦਿਤੀ ਹੈ।ਇਹ ਪ੍ਰਗਟਾਵਾ ਕਾਂਗਰਸ ਮਹਿਲਾ ਵਿੰਗ ਦੇ ਸੀਨੀਅਰ ਆਗੂ ਬੀਬੀ ਕਾਂਤਾ ਕੁਠਾਲਾ ਨੇ ਕੀਤਾ।ਉਨ੍ਹਾਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਲਈ ਬੀਬੀਆਂ ਦਾ ਧੰਨਵਾਦ ਕਰਦਿਆ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਤਿਆਰੀਆਂ ਹੁਣੇ ਤੋਂ ਹੀ ਵਿੱਢ ਦੇਣ ਦੀ ਅਪੀਲ ਕੀਤੀ।ਬੀਬੀ ਕੁਠਾਲਾ ਨੇ ਦੱਸਿਆ ਕਿ ਅਗਲੇ ਦਿਨਾਂ ਵਿੱਚ ਹਲਕੇ ਦੇ ਹਰ ਪਿੰਡ ਵਿੱਚ ਮਹਿਲਾ ਵਿੰਗ ਇਕਾਈਆਂ ਦਾ ਗਠਨ ਕਰਕੇ ਔਰਤਾਂ ਨੂੰ ਲਾਮਬੰਦ ਕੀਤਾ ਜਾਵੇਗਾ।ਬੀਬੀ ਕਾਂਤਾ ਕੁਠਾਲਾ ਨੇ ਸੂਬਾ ਸਰਕਾਰ ਵੱਲੋਂ ਵਾਅਦੇ ਤੋਂ ਮੁੱਕਰ ਜਾਣ ਦਾ ਦੋਸ਼ ਲਾਉਂਦਿਆਂ ਕਿਹਾ ਆਮ ਆਦਮੀ ਪਾਰਟੀ ਵੱਲੋਂ ਔਰਤਾਂ ਦੇ ਖਾਤਿਆਂ 'ਚ ਪ੍ਰਤੀ ਮਹੀਨਾ ਇੱਕ ਹਜ਼ਾਰ ਰੁਪਏ ਪਾਉਣ ਦੇ ਵਾਅਦੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਵਫ਼ਾ ਨਹੀਂ ਹੋਏ।ਹੁਣ ਫੇਰ ਵੋਟਾਂ ਨੇੜੇ ਆਉਣ ਦੇ ਮੱਦੇਨਜ਼ਰ ਔਰਤਾਂ ਨੂੰ ਭਰਮਾਉਣ ਦੇ ਯਤਨ ਕੀਤੇ ਜਾਣਗੇ, ਪਰ ਸੂਬੇ ਦੇ ਲੋਕ ਹੁਣ ਪੂਰੀ ਸੁਚੇਤ ਹੋ ਚੁੱਕੇ ਹਨ।

## ਬਾਬਾ ਦਾਮੂ ਸ਼ਾਹ ਦੀ ਦਰਗਾਹ 'ਤੇ ਜਲੇਬੀਆਂ ਦਾ ਲੰਗਰ ਲਾਇਆ



**ਕੋਟ ਈਸੇ ਖਾਂ (ਅਰੋੜਾ)**-ਪਿੰਡ ਲੁਹਾਰਾ ਵਿਖੇ ਇਲਾਕੇ ਦੀ ਪ੍ਰਸਿੱਧ ਦਰਗਾਹ ਬਾਬਾ ਦਾਮੂ ਸ਼ਾਹ ਜੀ ਵਿਖੇ ਸੰਗਤਾਂ ਦੀ ਸਹੂਲਤ ਲਈ ਰੰਗਬੀਰ ਸਿੰਘ ਪੁੱਤਰ ਜਗਤਾਰ ਸਿੰਘ ਤੇ ਜਸਕਰਨ ਸਿੰਘ ਜੱਸਾ ਪੁੱਤਰ ਅਵਤਾਰ ਸਿੰਘ (ਸਾਬਕਾ ਮੈਂਬਰ) ਦੇ ਪਰਿਵਾਰ ਵੱਲੋਂ ਸ਼ਰਧਾ ਭਾਵਨਾ ਨਾਲ ਜਲੇਬੀਆਂ ਦਾ ਲੰਗਰ ਲਾ ਕੇ ਸੇਵਾ ਕੀਤੀ ਗਈ।ਇਸ ਦੌਰਾਨ ਸੰਗਤਾਂ ਨੇ ਦਰਗਾਹ 'ਤੇ ਮੱਥਾ ਟੇਕ ਕੇ ਇਲਾਕੇ ਦੀ ਖੁਸ਼ਹਾਲੀ ਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਲੰਗਰ ਲਾਉਣ ਮੌਕੇ ਸੇਵਾਦਾਰ ਜਗਸੀਰ ਸਿੰਘ ਬੂਟਾ, ਬਲਵੀਰ ਸਿੰਘ ਗਿੱਲ ਤੇ ਹੋਰ ਸੇਵਾਦਾਰਾਂ ਵੱਲੋਂ ਪਰਵਾਰ ਨੂੰ ਬਾਬਾ ਜੀ ਦਾ ਸਰੂਪ ਦੇ ਕੇ ਸਨਮਾਨਤ ਵੀ ਕੀਤਾ ਗਿਆ।ਨਿਰਮਲ ਸਿੰਘ ਕਨੇਡਾ, ਜਗਸੀਰ ਸਿੰਘ ਬੂਟਾ (ਸਾਬਕਾ ਮੈਂਬਰ), ਜੀਤ ਸਿੰਘ ਨੰਬਰਦਾਰ, ਜਗਰਾਜ ਸਿੰਘ ਰਾਜੂ, ਨਰੇਸ਼ ਕੁਮਾਰ ਬਾਵਾ, ਰਣਜੀਤ ਸਿੰਘ ਜੀਤਾ, ਅਮਰਜੀਤ ਸਿੰਘ ਘੋਲੀਆ, ਬਲਵੀਰ ਸਿੰਘ ਗਿੱਲ, ਗੁਰਦੇਵ ਸਿੰਘ ਦੇਬੀ, ਦਰਸ਼ਨ ਸਿੰਘ ਗਿੱਲ ਕਨੇਡਾ, ਅਰਸ਼ ਲੋਹਾਰਾ (ਕਬੱਡੀ ਖਿਡਾਰੀ), ਮਨਪ੍ਰੀਤ ਸਿੰਘ, ਜਸ਼ਨ ਗਿੱਲ, ਕਿੰਦਾ ਕਮੈਂਟੇਟਰ, ਲਛਮਣ ਸਿੰਘ ਲੰਡੇਕੇ, ਸੁੱਖੀ ਲੋਹਾਰਾ ਅਤੇ ਕਮਲ ਸਮੇਤ ਕਈ ਹੋਰ ਸ਼ਰਧਾਲੂ ਹਾਜ਼ਰ ਸਨ।

## 'ਮੌਜੂਦਾ ਰਾਜ ਪ੍ਰਬੰਧ 'ਚ ਔਰਤਾਂ ਦੀ ਦਾਸਤਾਨ' ਵਿਸ਼ੇ 'ਤੇ ਗੋਸ਼ਟੀ ਭਲਕੇ

**ਲੁਧਿਆਣਾ (ਸਤੀਸ਼ ਸਚਦੇਵਾ)**

ਜਮਹੂਰੀ ਅਧਿਕਾਰ ਸਭਾ ਵੱਲੋਂ 8 ਮਾਰਚ ਅੰਤਰਰਾਸ਼ਟਰੀ ਔਰਤ ਦਿਵਸ ਮੌਕੇ 'ਮੌਜੂਦਾ ਰਾਜ ਪ੍ਰਬੰਧ ਵਿੱਚ ਔਰਤਾਂ ਦੀ ਦਾਸਤਾਨ' ਵਿਸ਼ੇ 'ਤੇ ਗੋਸ਼ਟੀ ਸ਼ਾਮ 3 ਵਜੇ ਗਦਰੀ ਬਾਬਾ ਭਾਨ ਸਿੰਘ ਸੁਨੇਤ (ਲੁਧਿਆਣਾ) ਵਿਖੇ ਕਰਵਾਈ ਜਾਵੇਗੀ। ਇਸ ਗੋਸ਼ਟੀ 'ਚ ਮੁੱਖ ਬੁਲਾਰੇ ਵਜੋਂ ਸਮਾਜ ਚਿੰਤਕ ਮੈਡਮ ਸੁਰਿੰਦਰ ਕੌਰ ਜੈ ਪਾਲ ਸੰਬੋਧਨ ਕਰਨਗੇ।

ਇਸ ਗੋਸ਼ਟੀ ਦਾ ਵਿਸ਼ਾ 'ਮੌਜੂਦਾ ਰਾਜ ਪ੍ਰਬੰਧ ਵਿੱਚ ਔਰਤਾਂ ਦੀ ਦਾਸਤਾਨ' ਹੋਵੇਗਾ, ਜਿਸ ਦੌਰਾਨ ਔਰਤਾਂ ਦੇ ਹੋ ਰਹੇ ਸ਼ੋਸ਼ਣ ਬਾਰੇ ਸਰਕਾਰਾਂ ਤੇ ਸਮਾਜ ਵੱਲੋਂ ਨਿਭਾਈ ਜਾ ਰਹੀ ਭੂਮਿਕਾ ਦੀ ਅਸਲ ਤਸਵੀਰ ਚਰਚਾ ਵਿੱਚ ਲਿਆਂਦੀ ਜਾਵੇਗੀ। ਜਮਹੂਰੀ ਅਧਿਕਾਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਵੰਤ ਜ਼ੀਰਖ ਨੇ ਦੱਸਿਆ ਕਿ ਇਸ ਸਮਾਗਮ ਦੀ ਸੰਚਾਲਨਾ ਔਰਤਾਂ ਵੱਲੋਂ ਹੀ ਕੀਤੀ ਜਾਵੇਗੀ।ਮੀਟਿਗ ਵਿੱਚ ਅਜਮੇਰ ਦਾਖਾ, ਡਾ. ਹਰਬੰਸ ਗਰੇਵਾਲ, ਬਲਵਿੰਦਰ ਸਿੰਘ, ਮਾ. ਸੁਰਜੀਤ ਸਿੰਘ, ਡਾ. ਵਿਨੋਦ ਵਸ਼ਿਸ਼ਟ, ਮਾ. ਜਰਨੈਲ ਸਿੰਘ, ਹਰਪ੍ਰੀਤ ਜ਼ੀਰਖ, ਅਰੁਣ ਕੁਮਾਰ, ਰਾਕੇਸ਼ ਆਜ਼ਾਦ ਸਮੇਤ ਹੋਰ ਸ਼ਾਮਲ ਸਨ।

# ਮੁਲਾਜ਼ਮ ਜਥੇਬੰਦੀਆਂ ਨੇ ਪੁਰਾਣੀ ਪੈਨਸ਼ਨ ਸਕੀਮ ਦੇ ਅਧੂਰੇ ਨੋਟੀਫ਼ਿਕੇਸ਼ਨ ਦੀਆਂ ਸਾੜੀਆਂ ਕਾਪੀਆਂ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਅਪਣਾਏ ਹੋਏ ਅੜੀਅਲ ਵਤੀਰੇ ਖਿਲਾਫ਼ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਿਜ਼ ਯੂਨੀਅਨ, ਸੀ.ਪੀ.ਐਫ. ਯੂਨੀਅਨ ਤੇ ਰਿਟਾਇਰਡ ਇੰਪਲਾਈਜ਼ ਵੈੱਲਫੇਅਰ ਐਸੋਸੀਏਸ਼ਨ ਮਾਨਸਾ ਵੱਲੋਂ ਸਾਂਝੇ ਤੌਰ 'ਤੇ ਸਥਾਨਕ ਬਾਲ ਭਵਨ ਮਨਸਾ ਵਿਖੇ ਇਕੱਤਰ ਹੋ ਕੇ ਰੋਸ ਧਰਨਾ ਦੇਣ ਉਪਰੰਤ ਪੁਰਾਣੀ ਪੈਨਸ਼ਨ ਬਹਾਲੀ ਦੇ ਅਧੂਰੇ ਨੋਟੀਫ਼ਿਕੇਸ਼ਨਾਂ ਦੀਆਂ ਕਾਪੀਆਂ ਸਾੜੀਆਂ ਗਈਆਂ।ਇਸ ਸਮੇਂ ਰੋਹ 'ਚ ਆਏ ਮੁਲਾਜ਼ਮਾਂ ਨੇ ਸਰਕਾਰ ਦਾ ਪਿੱਟ ਸਿਆਪਾ ਕਰਦਿਆਂ ਜੰਮ ਕੇ ਨਾਅਰੇਬਾਜ਼ੀ ਕੀਤੀ।ਇਸ ਮੌਕੇ ਡੀ ਸੀ ਦਫਤਰ ਕਰਮਚਾਰੀ ਯੂਨੀਅਨ ਯੂਨੀਅਨ ਦੇ ਪ੍ਰਧਾਨ ਹਰਪ੍ਰੀਤ ਸਿੰਘ ਤੇ ਜਸਵੰਤ ਸਿੰਘ ਮੌਜੋ ਨੇ ਕਿਹਾ ਕਿ ਜੇਕਰ ਮੁਲਾਜ਼ਮ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ 8 ਮਾਰਚ ਨੂੰ ਪੰਜਾਬ ਵਿਧਾਨ ਸਭਾ ਦਾ ਘਿਰਾਓ ਕੀਤਾ ਜਾਵੇਗਾ।ਜ਼ਿਲ੍ਹਾ ਮਾਨਸਾ ਦੇ ਪੀ ਐੱਸ ਐੱਮ ਐੱਸ ਯੂ ਦੇ ਪ੍ਰਧਾਨ ਪ੍ਰਤਾਪ ਸਿੰਘ ਖੁਡਾਲ ਨੇ ਕਿਹਾ ਕਿ ਸਰਕਾਰ ਮੁਲਾਜ਼ਮਾਂ ਦੇ ਹੱਕਾਂ 'ਤੇ ਡਾਕਾ ਮਾਰ ਰਹੀ ਹੈ, ਜਿਸ ਨੂੰ ਹੁਣ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਮੰਗ ਕੀਤੀ ਕਿ ਸੀ.ਪੀ.ਐਫ. ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ।ਪੰਜਾਬ ਪੇ-ਕਮਿਸ਼ਨ ਦੇ ਖੋਹੇ ਗਏ ਸਕੇਲ (ਜਿਵੇਂ ਕਿ 1.17.2020 ਦੇ ਪੱਤਰ ਰਾਹੀਂ ਪ੍ਰਭਾਵਿਤ ਹੋਏ ਸਕੇਲ) ਨੂੰ ਮੁੜ ਬਹਾਲ ਕੀਤਾ ਜਾਵੇ, 15 ਜਨਵਰੀ 2015 ਦੇ ਪੱਤਰ ਨੂੰ ਰੱਦ ਕਰਕੇ ਪਰਖ ਦੇ ਸਮੇਂ ਦੌਰਾਨ ਮੁਲਾਜ਼ਮਾਂ ਨੂੰ ਪੂਰੀ ਤਨਖ਼ਾਹ ਤੇ ਭੱਤੇ ਦਿੱਤੇ ਜਾਣ, ਪੁਰਾਣੀ ਸਮਾਂਬੱਧ ਤਰੱਕੀ ਸਕੀਮ ਨੂੰ ਤੁਰੰਤ ਬਹਾਲ ਕੀਤਾ ਜਾਵੇ, ਵੱਖ-ਵੱਖ ਵਿਭਾਗਾਂ ਵਿੱਚ ਸਾਲਾਂ ਤੋਂ ਸੇਵਾਵਾਂ ਨਿਭਾਅ ਰਹੇ ਕੱਚੇ ਮੁਲਾਜ਼ਮਾਂ ਨੂੰ ਤੁਰੰਤ ਪੱਕਾ ਕੀਤਾ ਜਾਵੇ, ਸਰਕਾਰ ਵੱਲੋਂ ਬੰਦ ਕੀਤੇ ਗਏ 37 ਤਰ੍ਹਾਂ ਦੇ ਭੱਤੇ ਮੁੜ ਬਹਾਲ ਕੀਤੇ ਜਾਣ। ਆਗੂਆਂ ਨੇ ਦੱਸਿਆ ਕਿ 8 ਮਾਰਚ ਦੇ ਵਿਧਾਨ ਸਭਾ ਦੇ ਘਿਰਾਓ 'ਚ ਮਾਨਸਾ ਜ਼ਿਲ੍ਹੇ ਤੋਂ ਵੱਡੀ ਗਿਣਤੀ ਵਿੱਚ ਮੁਲਾਜ਼ਮ ਚੰਡੀਗੜ੍ਹ ਵੱਲ ਕੂਚ ਕਰਨਗੇ, ਕਿਉਂਕਿ ਮੁਲਾਜ਼ਮਾਂ ਵਿੱਚ ਸਰਕਾਰ ਪ੍ਰਤੀ ਭਾਰੀ ਨਾਰਾਜ਼ਗੀ ਤੇ ਰੋਸ ਪਾਇਆ ਜਾ ਰਿਹਾ ਹੈ।ਸੰਦੀਪ ਸਿੰਘ ਪ੍ਰਧਾਨ ਸਿਹਤ ਵਿਭਾਗ ਤੇ ਮਲਕੀਤ ਸਿੰਘ ਨੇ ਕਿਹਾ ਕਿ ਜੇਕਰ ਸਰਕਾਰ ਨੇ ਇਨ੍ਹਾਂ ਹੱਕੀ ਮੰਗਾਂ 'ਤੇ ਜਲਦ ਕੋਈ ਸਕਾਰਾਤਮਕ ਫੈਸਲਾ ਨਾ ਲਿਆ ਤਾਂ ਇਹ ਅੰਦੋਲਨ ਸਰਕਾਰ ਲਈ ਗਲੇ ਦੀ ਹੱਡੀ ਬਣ ਜਾਵੇਗਾ।

# ਬਲਾਕ ਸੰਮਤੀ ਸਨੌਰ 'ਚ 'ਆਪ' ਦੀ ਵੱਡੀ ਜਿੱਤ : ਗੁਰਵਿੰਦਰ ਸਿੰਘ ਚੇਅਰਮੈਨ ਤੇ ਕਿਰਨਜੀਤ ਕੌਰ ਵਾਈਸ ਚੇਅਰਮੈਨ ਚੁਣੇ

### ਰਣਜੋਧ ਹਡਾਣਾ ਨੇ ਨਵੇਂ ਚੁਣੇ ਅਹੁਦੇਦਾਰਾਂ ਦਾ ਕੀਤਾ ਸਨਮਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਹੋਰ ਵੱਡੀ ਮਜ਼ਬੂਤੀ ਮਿਲੀ, ਜਦੋਂ ਬਲਾਕ ਸੰਮਤੀ ਸਨੌਰ ਦੇ ਚੇਅਰਮੈਨ ਤੇ ਵਾਇਸ ਚੇਅਰਮੈਨ ਦੀ ਚੋਣ ਪ੍ਰਕਿਰਿਆ ਅਮਨ-ਅਮਾਨ ਨਾਲ ਨੇਪਰੇ ਚੜ੍ਹੀ।ਇਸ ਮਹੱਤਵਪੂਰਨ ਚੋਣ ਵਿੱਚ ਗੁਰਵਿੰਦਰ ਸਿੰਘ ਹੈਪੀ ਪਹਾੜੀਪੁਰ ਨੂੰ ਚੇਅਰਮੈਨ ਤੇ ਕਿਰਨਜੀਤ ਕੌਰ ਘੁਮਾਣ ਨੂੰ ਵਾਇਸ ਚੇਅਰਮੈਨ ਵਜੋਂ ਚੁਣਿਆ ਗਿਆ। ਇਸ ਜਿੱਤ ਨਾਲ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਦੱਸਣਯੋਗ ਹੈ ਕਿ ਇਹ ਚੋਣ ਪ੍ਰੀਕਿਰਿਆ ਮੈਡਮ ਹਰਜੋਤ ਕੌਰ ਅਬਜ਼ਰਵਰ ਤੇ ਉੱਪ ਮੰਡਲ ਮੈਜਿਸਟਰੇਟ ਦੁਧਨ ਸਾਧਾਂ ਦੀ ਦੇਖ ਰੇਖ ਹੇਠ ਹੋਈ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਨਵੀਂ ਚੁਣੀ ਗਈ ਲੀਡਰਸ਼ਿਪ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ।ਹਡਾਣਾ ਨੇ ਭਰੋਸਾ ਜਤਾਇਆ ਕਿ ਗੁਰਵਿੰਦਰ ਸਿੰਘ ਹੈਪੀ ਤੇ ਕਿਰਨਜੀਤ ਕੌਰ ਘੁਮਾਣ ਇਲਾਕੇ ਦੇ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਣਗੇ ਤੇ ਲੋਕਾਂ ਦੀਆਂ ਉਮੀਦਾਂ 'ਤੇ ਖ਼ਰਾ ਉਤਰਨਗੇ।ਨਵੇਂ ਚੁਣੇ ਗਏ ਚੇਅਰਮੈਨ ਤੇ ਵਾਇਸ ਚੇਅਰਮੈਨ ਨੇ ਪਾਰਟੀ ਹਾਈਕਮਾਂਡ ਤੇ ਰਣਜੋਧ ਸਿੰਘ ਹਡਾਣਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਬਿਨਾਂ ਕਿਸੇ ਭੇਦਭਾਵ ਦੇ ਪੂਰੇ ਬਲਾਕ ਦੇ ਵਿਕਾਸ ਲਈ ਵਚਨਬੱਧ ਰਹਿਣਗੇ।ਅਸੀਂ ਹਮੇਸ਼ਾ ਲੋਕਾਂ ਦੀ ਪਹੁੰਚ ਵਿੱਚ ਰਹਾਂਗੇ ਤੇ ਹਰ ਵਰਗ ਦੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਅਧਾਰ 'ਤੇ ਕਰਾਂਗੇ।ਇਸ ਮੌਕੇ ਪ੍ਰਦੀਪ ਜੋਸਨ ਪ੍ਰਧਾਨ ਨਗਰ ਕੌਂਸਲ ਸਨੌਰ, ਚਰਨਜੀਤ ਸਿੰਘ ਨੈਣਾ ਚੇਅਰਮੈਨ ਬਲਾਕ ਸੰਮਤੀ ਭੁਨਰਹੇੜੀ, ਸਿਮਰਜੀਤ ਸਿੰਘ ਸੋਹਲ ਵਾਈਸ ਚੇਅਰਮੈਨ ਬਲਾਕ ਸਮਿਤੀ ਭੁਨਰਹੇੜੀ, ਗੁਰਿੰਦਰਪਾਲ ਸਿੰਘ ਅਦਾਲਤੀਵਾਲਾ ਮੈਂਬਰ ਬਲਾਕ ਸੰਮਤੀ ਤੋਂ ਇਲਾਵਾ ਪਾਰਟੀ ਦੇ ਸੀਨੀਅਰ ਆਗੂ, ਪੰਚਾਂ-ਸਰਪੰਚਾਂ ਤੇ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਇਕੱਠੇ ਹੋ ਕੇ ਲੱਡੂ ਵੰਡੇ ਤੇ ਖ਼ੁਸ਼ੀ ਸਾਂਝੀ ਕੀਤੀ।

## ਚਮਕੀਲਾ-ਅਮਰਜੋਤ ਦੀ ਬਰਸੀ ਭਲਕੇ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸਵਰਗੀ ਅਮਰ ਸਿੰਘ ਚਮਕੀਲਾ ਤੇ ਬੀਬਾ ਅਮਰਜੋਤ ਕੌਰ ਦੀ 38ਵੀਂ ਬਰਸੀ 8 ਮਾਰਚ 2026 ਨੂੰ ਪਿੰਡ ਦੁੱਗਰੀ ਲੁਧਿਆਣਾ ਵਿਖੇ ਧੂਮਧਾਮ ਨਾਲ ਮਨਾਈ ਜਾ ਰਹੀ ਹੈ। ਇਹ ਬਰਸੀ ਅਮਰ ਸਿੰਘ ਚਮਕੀਲਾ ਤੇ ਬੀਬੀ ਅਮਰਜੋਤ ਕੌਰ ਸੱਭਿਆਚਾਰਕ ਕਲੱਬ ਵੱਲੋਂ ਬੀਬੀ ਗੁਰਮੇਲ ਕੌਰ ਧਰਮਪਤਨੀ ਸਵ. ਅਮਰ ਸਿੰਘ ਚਮਕੀਲਾ ਸਰਪ੍ਰਸਤ ਤੇ ਗੁਰਦੇਵ ਸਿੰਘ ਦੇਵ ਮਾਨ ਐੱਮ ਐੱਲ ਏ ਹਲਕਾ ਨਾਭਾ ਸਰਪ੍ਰਸਤ, ਕੁਲਵੰਤ ਸਿੰਘ ਸਿੱਧੂ ਐੱਮ ਐੱਲ ਏ ਹਲਕਾ ਆਤਮਾ ਨਗਰ ਚੇਅਰਪਰਸਨ, ਸ੍ਰ. ਬਲਤੇਜ ਸਿੰਘ ਸਰਾਂ ਪ੍ਰਧਾਨ, ਸ੍ਰੀਮਤੀ ਅਮਨਦੀਪ ਕੌਰ ਸਪੁੱਤਰੀ ਅਮਰ ਸਿੰਘ ਚਮਕੀਲਾ ਖਜ਼ਾਨਚੀ, ਗੁਰਮੀਤ ਸਿੰਘ ਬੜੂੰਦੀ ਸਲਾਹਕਾਰ, ਅਮਨ ਰੋਜ਼ੀ ਮੁੱਖ ਸਲਾਹਕਾਰ, ਦਿਲਰਾਜ ਸਿੰਘ ਪਿੰਕਾ ਜਵਾਈ ਅਮਰ ਸਿੰਘ ਚਮਕੀਲਾ ਉੱਪ ਪ੍ਰਧਾਨ ਤੇ ਪ੍ਰਦੀਪ ਅੱਪੂ, ਗੁਰਦੀਪ ਸਿੰਘ ਤੇ ਦੀਦਾਰ ਸਿੰਘ (ਸਾਰੇ ਮੈਂਬਰ) ਆਦਿ ਦੀ ਰਹਿਨੁਮਾਈ ਹੇਠ ਮਨਾਈ ਜਾਂਦੀ ਹੈ। ਕਮੇਟੀ ਵੱਲੋਂ ਸਭ ਨੂੰ ਇਹ ਸੱਭਿਆਚਾਰਕ ਮੇਲੇ ਵਿੱਚ ਪਹੁੰਚ ਕੇ ਰੌਣਕ ਵਿੱਚ ਵਾਧਾ ਕਰਨ ਤੇ ਅਨੰਦ ਮਾਨਣ ਲਈ ਖੁੱਲ੍ਹਾ ਸੱਦਾ ਹੈ।

## ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਭਲਕੇ ਮੁਹਾਲੀ 'ਚ ਸੂਬਾ ਪੱਧਰੀ ਰੋਸ ਰੈਲੀ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਟੇਟ ਕਨਫੈਡਰੇਸ਼ਨ ਦੇ ਸੂਬਾਈ ਸੀਨੀਅਰ ਮੀਤ ਪ੍ਰਧਾਨ ਤੇ ਮੁੱਖ ਬੁਲਾਰੇ ਜੋ ਕਿ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ ਨੇ ਜ਼ਿਲ੍ਹਾ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਕਿਹਾ ਕਿ ਪੰਜਾਬ ਸਰਕਾਰ ਵੱਲੋ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਨਿਪਟਾਰਾ ਨਾ ਕਰਨ ਕਰਕੇ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਦਿਨੋਂ ਦਿਨ ਵਧਣ ਕਾਰਨ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ 8 ਮਾਰਚ ਤੋਂ ਲੈ ਕੇ 11 ਮਾਰਚ ਤੱਕ ਲਗਾਤਾਰ ਚਾਰ ਦਿਨ ਮੁਹਾਲੀ ਵਿਖੇ ਰੈਲੀ ਕਰਨ ਉਪਰੰਤ ਵਿਧਾਨ ਸਭਾ ਵੱਲ ਰੋਸ ਮਾਰਚ ਕਰਨ ਦਾ ਫੈਸਲਾ ਕੀਤਾ ਗਿਆ ਹੈ, ਜਿਸ ਸੰਬੰਧੀ 8 ਮਾਰਚ ਨੂੰ ਕਨਫੈਡਰੇਸ਼ਨ ਨਾਲ ਸਬੰਧਤ ਹਜ਼ਾਰਾਂ ਪੈਨਸ਼ਨਰ ਮੁਹਾਲੀ ਵਹੀਰਾਂ ਘੱਤਰਨਗੇ।

# ਰੇਲਵੇ ਸਿਹਤ ਯੂਨਿਟ ਜਲੰਧਰ ਵਿਖੇ ਫਸਟ ਏਡ ਤੇ ਸੀ ਪੀ ਆਰ ਸਿਖਲਾਈ ਕੈਂਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫਿਰੋਜ਼ਪੁਰ ਮੰਡਲ ਦੇ ਰੇਲਵੇ ਸਿਹਤ ਯੂਨਿਟ ਜਲੰਧਰ ਵਿੱਚ 5 ਤੇ 6 ਮਾਰਚ 2026 ਨੂੰ ਮੁੱਢਲੀ ਸਹਾਇਤਾ (ਫਸਟ ਏਡ) ਤੇ ਸੀ ਪੀ ਆਰ ਸਿਖਲਾਈ ਕੈਂਪ ਲਾਇਆ ਜਾ ਰਿਹਾ ਹੈ। ਸਿਖਲਾਈ ਕੈਂਪ ਦੇ ਪਹਿਲੇ ਦਿਨ ਅੱਜ ਰੇਲਵੇ ਸਿਹਤ ਯੂਨਿਟ ਜਲੰਧਰ ਵਿੱਚ ਵਧੀਕ ਮੁੱਖ ਮੈਡੀਕਲ ਸੁਪਰਡੈਂਟ ਡਾ. ਸ਼ਵੇਤਾ ਸੱਭਰਵਾਲ ਦੀ ਅਗਵਾਈ ਹੇਠ ਵਪਾਰਕ ਵਿਭਾਗ ਦੇ ਟਿਕਟ ਚੈਕਿੰਗ ਸਟਾਫ, ਆਰ ਪੀ ਐੱਫ ਦੇ ਜਵਾਨਾਂ, ਲੋਕੋ ਪਾਇਲਟਾਂ ਤੇ ਹੋਰ ਫਰੰਟਲਾਈਨ ਸਟਾਫ ਲਈ ਫਸਟ ਏਡ ਤੇ ਸੀ ਪੀ ਆਰ ਸਿਖਲਾਈ ਸੈਸ਼ਨ ਕਰਵਾਇਆ ਗਿਆ। ਇਸ ਕੈਂਪ ਦਾ ਆਯੋਜਨ ਰੇਲਵੇ ਹਸਪਤਾਲ ਜਲੰਧਰ ਵੱਲੋਂ ਟੈਗੋਰ ਹਸਪਤਾਲ, ਜਲੰਧਰ ਦੇ ਡਾਕਟਰਾਂ ਤੇ ਨਰਸਿੰਗ ਸਟਾਫ ਦੇ ਸਹਿਯੋਗ ਨਾਲ ਕੀਤਾ ਗਿਆ। ਡਾਕਟਰਾਂ ਤੇ ਨਰਸਿੰਗ ਸਟਾਫ ਦੀ ਟੀਮ ਨੇ ਫਰੰਟਲਾਈਨ ਕਰਮਚਾਰੀਆਂ ਨੂੰ ਸੀ ਪੀ ਆਰ ਦੇਣ ਦੀ ਸਹੀ ਤਕਨੀਕ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੂੰ ਬੁਨਿਆਦੀ ਜਾਣਕਾਰੀ ਦੇ ਨਾਲ-ਨਾਲ ਪੁਤਲਿਆਂ 'ਤੇ ਡੈਮੋ ਦੇ ਕੇ ਸਿਖਲਾਈ ਦਿੱਤੀ ਗਈ। ਇਸ ਸਿਖਲਾਈ ਸੈਸ਼ਨ ਵਿੱਚ 54 ਕਰਮਚਾਰੀਆਂ ਨੇ ਹਿੱਸਾ ਲਿਆ। ਸਿਖਲਾਈ ਦੌਰਾਨ ਭਾਗੀਦਾਰਾਂ ਨੂੰ ਹੰਗਾਮੀ ਹਾਲਤਾਂ ਵਿੱਚ ਮੁੱਢਲੀ ਸਹਾਇਤਾ ਦੇਣ ਤੇ ਸੀ ਪੀ ਆਰ ਤਕਨੀਕ ਬਾਰੇ ਵਿਵਹਾਰਕ ਜਾਣਕਾਰੀ ਦਿੱਤੀ ਗਈ। ਇਸ ਦਾ ਮੁੱਖ ਉਦੇਸ਼ ਕਰਮਚਾਰੀਆਂ ਨੂੰ ਐਮਰਜੈਂਸੀ ਸਥਿਤੀ ਵਿੱਚ ਜੀਵਨ ਰੱਖਿਅਕ ਤਕਨੀਕਾਂ ਬਾਰੇ ਜਾਗਰੂਕ ਕਰਨਾ ਸੀ ਤਾਂ ਜੋ ਕਿਸੇ ਵੀ ਅਚਨਚੇਤ ਘਟਨਾ ਸਮੇਂ ਸਹੀ ਸਮੇਂ 'ਤੇ ਉਚਿਤ ਸਹਾਇਤਾ ਪ੍ਰਦਾਨ ਕੀਤੀ ਜਾ ਸਕੇ। ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਨੇ ਦੱਸਿਆ ਕਿ ਮੰਡਲ ਦੇ ਫਰੰਟਲਾਈਨ ਸਟਾਫ ਨੂੰ ਸੀ ਪੀ ਆਰ ਤੇ ਮੁੱਢਲੀ ਸਹਾਇਤਾ ਸੰਬੰਧੀ ਸਿਖਲਾਈ ਦੇਣ ਦੇ ਯਤਨ ਜਾਰੀ ਰਹਿਣਗੇ, ਤਾਂ ਜੋ ਕਿਸੇ ਵੀ ਸੰਕਟ ਦੇ ਸਮੇਂ ਰੇਲ ਯਾਤਰੀਆਂ ਨੂੰ ਤੁਰੰਤ ਮੈਡੀਕਲ ਸਹਾਇਤਾ ਮੁਹੱਈਆ ਕਰਵਾਈ ਜਾ ਸਕੇ।

# ਅਖਿਲ ਭਾਰਤੀ ਅਗਰਵਾਲ ਸੰਮੇਲਨ ਵੱਲੋਂ ਹੋਲੀ ਮਿਲਣ ਸਮਾਰੋਹ



**ਫਿਰੋਜ਼ਪੁਰ (ਗੁਰਬਚਨ ਸਿੰਘ)**

ਅਖਿਲ ਭਾਰਤੀ ਅਗਰਵਾਲ ਸੰਮੇਲਨ ਵੱਲੋਂ ਛਾਉਣੀ ਦੇ ਰਾਮ ਬਾਗ ਵਿੱਚ ਹੋਲੀ ਮਿਲਣ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਉਦਯੋਗਪਤੀ ਸਮੀਰ ਮਿੱਤਲ ਤੇ ਸਿੱਖਿਆ ਸ਼ਾਸਤਰੀ ਡਾ. ਅਨਿਰੁਧ ਗੁਪਤਾ ਦੇ ਬੇਟੇ ਕੈਵਿਨ ਗੁਪਤਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਵੱਲੋਂ ਮਹਾਰਾਜ ਅਗਰਸੈਨ ਦੀ ਤਸਵੀਰ ਅੱਗੇ ਜੋਤੀ ਪ੍ਰਚੰਡ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕਰਵਾਈ ਗਈ।ਪ੍ਰਧਾਨ ਰਾਕੇਸ਼ ਅਗਰਵਾਲ ਬਬਲੀ ਦੀ ਪ੍ਰਧਾਨਗੀ ਹੇਠ ਕਰਵਾਏ ਗਏ ਇਸ ਸ਼ਾਨਦਾਰ ਸਮਾਰੋਹ ਵਿੱਚ ਸੈਂਕੜੇ ਦੀ ਗਿਣਤੀ ਵਿੱਚ ਲੋਕਾਂ ਨੇ ਪਰਿਵਾਰਾਂ ਸਮੇਤ ਹਿੱਸਾ ਲਿਆ।ਇਸ ਦੌਰਾਨ ਅਖਿਲ ਭਾਰਤੀ ਮਹਿਲਾ ਅਗਰਵਾਲ ਸੰਮੇਲਨ ਵੱਲੋਂ ਆਪਸੀ ਪਿਆਰ ਤੇ ਭਾਈਚਾਰਾ ਵਧਾਉਣ ਦੇ ਉਦੇਸ਼ ਨਾਲ ਹੋਲੀ, ਤੰਬੋਲਾ ਤੇ ਮਿਊਜ਼ੀਕਲ ਚੇਅਰਜ਼ ਸਮੇਤ ਹੋਰ ਸੱਭਿਆਚਾਰਕ ਪ੍ਰੋਗਰਾਮ ਕਰਵਾਏ ਗਏ, ਜਿਸ ਵਿੱਚ ਜੇਤੂਆਂ ਨੂੰ ਤੋਹਫ਼ੇ ਦੇ ਕੇ ਸਨਮਾਨਤ ਵੀ ਕੀਤਾ ਗਿਆ।ਸੰਮੇਲਨ ਵੱਲੋਂ ਸਾਰਿਆਂ ਨੂੰ ਕੁਦਰਤੀ ਰੰਗਾਂ ਦੇ ਪੈਕੇਟ ਦੇਣ ਤੋਂ ਇਲਾਵਾ ਫੁੱਲਾਂ ਨਾਲ ਹੋਲੀ ਖੇਡਣ ਲਈ ਪ੍ਰੇਰਿਤ ਕੀਤਾ ਗਿਆ।ਰਾਕੇਸ਼ ਅਗਰਵਾਲ ਬਬਲੀ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਸੰਮੇਲਨ ਵੱਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਸੰਮੇਲਨ ਵੱਲੋਂ ਸਮਾਜ ਸੇਵਾ, ਮੈਡੀਕਲ, ਨਾਰੀ ਸ਼ਕਤੀ ਦੇ ਉਥਾਨ, ਵਾਤਾਵਰਣ ਸਮੇਤ ਹੋਰ ਕਾਰਜ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਅਗਰਵਾਲ ਸੰਮੇਲਨ ਦਾ ਉਦੇਸ਼ ਸਾਰੇ ਅਗਰਵਾਲ ਭਰਾਵਾਂ ਨੂੰ ਇੱਕ ਮੰਚ 'ਤੇ ਲਿਆਉਣਾ ਹੈ।ਆਯੋਜਕਾਂ ਵੱਲੋਂ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ ਗਿਆ।ਅੰਤ ਵਿੱਚ ਸਾਰੇ ਮੈਂਬਰਾਂ ਨੇ ਧਾਰਮਿਕ ਭਜਨਾਂ 'ਤੇ ਸਮੂਹਕ ਨਾਚ ਕੀਤਾ ਤੇ ਉਨ੍ਹਾਂ 'ਤੇ ਰੰਗਾਂ ਦੀ ਵਰਖਾ ਕੀਤੀ ਗਈ।ਇਸ ਦੌਰਾਨ ਸੈਲਫ਼ੀ ਪੁਆਇੰਟ ਖਿੱਚ ਦਾ ਕੇਂਦਰ ਰਿਹਾ।

ਇਸ ਮੌਕੇ ਸਰਪ੍ਰਸਤ ਲਾਲ ਚੰਦ ਗੋਇਲ, ਸੀਨੀਅਰ ਉੱਪ ਪ੍ਰਧਾਨ ਨੰਦ ਕਿਸ਼ੋਰ ਗੁਗਨ, ਮਹਾਂ ਮੰਤਰੀ ਜਿਤੇਸ਼ ਅਗਰਵਾਲ, ਖ਼ਜ਼ਾਨਚੀ ਮਨਮੋਹਨ ਗੁਪਤਾ, ਪ੍ਰੋਜੈਕਟ ਇੰਚਾਰਜ ਵਿਪਨ ਗਰਗ, ਹਰੀਸ਼ ਗੋਇਲ, ਨਵੀਨ ਮਿੱਤਲ, ਗਜੇਂਦਰ ਅਗਰਵਾਲ, ਸੰਜੇ ਗੁਪਤਾ, ਸਰੋਜ ਅਗਰਵਾਲ ਸਮੇਤ ਹੋਰ ਮੈਂਬਰਾਨ ਹਾਜ਼ਰ ਸਨ।

## ਡਿਜੀਟਲ ਲਾਈਫ ਸਰਟੀਫਿਕੇਟ ਸਵੀਕਾਰ ਨਾ ਕਰਨ ਬਾਰੇ ਆ ਰਹੇ ਮੈਸੇਜਾਂ ਤੋਂ ਪੈਨਸ਼ਨਰ ਡਾਢੇ ਪ੍ਰੇਸ਼ਾਨ

**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਦੇ ਵੱਖ ਵੱਖ ਵਿਭਾਗਾਂ ਵਿੱਚੋਂ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੂੰ ਪਿਛਲੇ ਕਈ ਦਿਨਾਂ ਤੋਂ ਉਨ੍ਹਾਂ ਦੇ ਮੋਬਾਇਲ ਨੰਬਰਾਂ 'ਤੇ ਡਿਜੀਟਲ ਲਾਈਫ ਸਰਟੀਫਿਕੇਟ ਸਬੰਧਤ ਬੈਂਕ ਵੱਲੋਂ ਸਵੀਕਾਰ ਨਾ ਕਰਨ ਦੇ ਆ ਰਹੇ ਮੈਸੇਜ ਨੇ ਪੰਜਾਬ ਦੇ ਹਜ਼ਾਰਾਂ ਪੈਨਸ਼ਨਰਾਂ ਨੂੰ ਵੱਡੀ ਪ੍ਰੇਸ਼ਾਨੀ ਵਿੱਚ ਪਾਇਆ ਹੋਇਆ ਹੈ।ਇਸ ਸਬੰਧੀ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਤੇ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਦੇ ਸੂਬਾਈ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ, ਸੂਬਾ ਪ੍ਰੈੱਸ ਸਕੱਤਰ ਕੁਲਵੰਤ ਸਿੰਘ ਚਾਨੀ, ਜ਼ਿਲ੍ਹਾ ਫਰੀਦਕੋਟ ਦੇ ਆਗੂ ਸੋਮ ਨਾਥ ਅਰੋੜਾ, ਇਕਬਾਲ ਸਿੰਘ ਮੰਘੇੜਾ, ਤਰਸੇਮ ਨਰੂਲਾ, ਜਸਵਿੰਦਰ ਸਿੰਘ ਬਰਾੜ ਤੇ ਗੁਰਚਰਨ ਸਿੰਘ ਮਾਨ ਨੇ ਕਿਹਾ ਕਿ ਸਾਰੇ ਪੈਨਸ਼ਨਰ ਆਪਣਾ ਲਾਈਵ ਸਰਟੀਫਿਕੇਟ ਜੀਵਨ ਪ੍ਰਮਾਣ ਐਪ ਰਾਹੀਂ ਆਪਣੇ ਸਬੰਧਤ ਬੈਂਕਾਂ ਵਿੱਚ ਖੁਦ ਜਾ ਕੇ ਜਾਂ ਆਪਣੇ ਬੱਚਿਆਂ ਰਾਹੀਂ ਅਪਲੋਡ ਕਰ ਚੁੱਕੇ ਹਨ, ਜਿਸ ਦਾ ਉਨ੍ਹਾਂ ਕੋਲ ਬਕਾਇਦਾ ਸਬੂਤ ਵੀ ਮੌਜੂਦ ਹਨ, ਪਰ ਇਸ ਗੱਲ ਦੇ ਬਾਵਜੂਦ ਬਹੁਤ ਸਾਰੇ ਪੈਨਸ਼ਨਰਾਂ ਨੂੰ ਮੈਸੇਜ ਪ੍ਰਾਪਤ ਹੋ ਰਹੇ ਹਨ।ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੈਨਸ਼ਨਰਾਂ ਦੀ ਇਹ ਖੱਜਲ ਖੁਆਰੀ ਤੁਰੰਤ ਬੰਦ ਕਰਕੇ ਆਪਣੇ ਆਨਲਾਈਨ ਸਿਸਟਮ ਵਿੱਚ ਸੁਧਾਰ ਕੀਤਾ ਜਾਵੇ ਤੇ ਵਾਰ ਵਾਰ ਲਾਈਫ ਸਰਟੀਫਿਕੇਟ ਅਪਲੋਡ ਕਰਨ ਲਈ ਮਜਬੂਰ ਨਾ ਕੀਤਾ ਜਾਵੇ।

# ਬਿਹਾਰ ਦੇ ਸਿਹਤ ਮੰਤਰੀ ਵੱਲੋਂ ਮੈਡੀਕਲ ਪ੍ਰੈਕਟੀਸ਼ਨਰਾਂ ਲਈ ਵਰਤੀ ਭੱਦੀ ਸ਼ਬਦਾਵਲੀ ਦੀ ਸਖ਼ਤ ਨਿੰਦਾ



**ਮਾਨਸਾ (ਆਤਮਾ ਸਿੰਘ ਪਮਾਰ)**

ਮੈਡੀਕਲ ਪ੍ਰੈਕਟੀਸ਼ਨਰਜ਼ੈਸੋਸੀਏਸ਼ਨ ਪੰਜਾਬ ਦੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ, ਸਕੱਤਰ ਗੁਰਮੇਲ ਸਿੰਘ ਮਾਛੀਕੇ, ਕੈਸ਼ੀਅਰ ਰਾਕੇਸ਼ ਕੁਮਾਰ ਮਹਿਤਾ ਤੇ ਚੇਅਰਮੈਨ ਐੱਚ ਐੱਸ ਰਾਣੂੰ ਨੇ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਪਿਛਲੇ ਦਿਨੀਂ ਬਿਹਾਰ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਸਿਹਤ ਮੰਤਰੀ ਮੰਡਲ ਪਾਂਡੇ ਵੱਲੋਂ ਤਜਰਬੇਕਾਰ ਅਣ-ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਪ੍ਰਤੀ ਵਰਤੀ ਭੱਦੀ ਸ਼ਬਦਾਵਲੀ ਤੇ ਸਖ਼ਤ ਕਾਨੂੰਨੀ ਕਾਰਵਾਈ ਦੇ ਆਦੇਸ਼ਾਂ ਦੀ ਜ਼ੋਰਦਾਰ ਨਿੰਦਾ ਕਰਦਿਆਂ ਵਿਧਾਨ ਸਭਾ ਚੋਣਾਂ ਮੌਕੇ ਕੀਤੇ ਵਾਅਦੇ ਸਿਹਤ ਵਿਭਾਗ 'ਚ ਅਡਜਸਟ ਕਰਨ, ਟ੍ਰੇਨਿੰਗ ਦੇਣ ਤੇ ਮੁੱਢਲੀਆਂ ਸਿਹਤ ਸੇਵਾਵਾਂ ਦੇਣ ਦੀ ਮਾਨਤਾ ਦੀ ਜ਼ੋਰਦਾਰ ਮੰਗ ਕੀਤੀ।ਸੈਸ਼ਨ ਦੌਰਾਨ ਮਾਨਯੋਗ ਵਿਧਾਇਕ ਦੇਵੇਂਦਰ ਪ੍ਰਸ਼ਾਦ ਵੱਲੋਂ ਉਕਤ ਪ੍ਰੈਕਟੀਸ਼ਨਰਾਂ ਦੀ ਸ਼ਲਾਘਾ ਕਰਦਿਆਂ ਮੰਗਾਂ ਮੰਨਣ ਦੀ ਕੀਤੀ ਜ਼ੋਰਦਾਰ ਮੰਗ ਲਈ ਧੰਨਵਾਦ ਵੀ ਕੀਤਾ। ਮਾਨਯੋਗ ਸੁਪਰੀਮ ਕੋਰਟ ਵੱਲੋਂ ਫੈਸਲੇ ਨੂੰ ਦੁਹਰਾਉਂਦਿਆਂ ਕਿ ਬਗੈਰ ਮਾਨਤਾ ਪ੍ਰਾਪਤ ਡਿਗਰੀ, ਰਜਿਸਟ੍ਰੇਸ਼ਨ ਤੋਂ ਬਗੈਰ ਮਰੀਜ਼ਾਂ ਦੀ ਜ਼ਿੰਦਗੀ ਨਾਲ ਖਿਲਵਾੜ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਕੋਰਟ ਦਾ ਮੰਨਣਾ ਹੈ ਕਿ ਬਿਨਾਂ ਡਿਗਰੀ, ਰਜਿਸਟ੍ਰੇਸ਼ਨ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਤਿੰਨ ਸਾਲ ਦੀ ਸਜ਼ਾ ਤੇ ਪੰਜ ਲੱਖ ਰੁਪਏ ਜੁਰਮਾਨੇ ਦੀ ਸਖ਼ਤ ਸਜ਼ਾ ਹੋਵੇਗੀ।ਐਸੋਸੀਏਸ਼ਨ ਦੇ ਆਗੂਆਂ ਨੇ ਮਾਨਯੋਗ ਕੋਰਟ ਨੂੰ ਅਪੀਲ ਕੀਤੀ ਕਿ ਉਕਤ ਫੈਸਲੇ 'ਤੇ ਹਮਦਰਦੀ ਨਾਲ ਮੁੜ ਵਿਚਾਰ ਕੀਤਾ ਜਾਵੇ, ਕਿਉਂਕਿ ਇਸ ਫੈਸਲੇ ਨਾਲ ਜਿੱਥੇ ਪਿੰਡਾਂ, ਝੁੱਗੀਆਂ ਝੌਂਪੜੀਆਂ ਤੇ ਦੂਰ ਦੁਰਾਡੇ ਵਸਦੇ ਕਰੋੜਾਂ ਲੋਕਾਂ ਨੂੰ ਮਿਲਦੀਆਂ ਮੁੱਢਲੀਆਂ ਸਿਹਤ ਸੇਵਾਵਾਂ ਬੁਰੀ ਤਰ੍ਹਾਂ ਪ੍ਰਭਾਵਿਤ ਹੋਣਗੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਤੇ ਸਰਕਾਰੀ ਸਿਹਤ ਸਹੂਲਤਾਂ ਤੋਂ ਵਾਂਝੇ ਲੋਕ ਪ੍ਰਾਈਵੇਟ ਮਹਿੰਗੀਆਂ ਸਿਹਤ ਸਹੂਲਤਾਂ ਲੈਣ ਤੋਂ ਬੇਵੱਸ ਲੋਕ ਬਿਨਾਂ ਇਲਾਜ ਤੋਂ ਆਪਣੀਆਂ ਕੀਮਤੀ ਜਾਨਾਂ ਤੋਂ ਹੱਥ ਧੋਣ ਲਈ ਮਜਬੂਰ ਹੋਣਗੇ, ਉਥੇ ਦੇਸ਼ ਵਿੱਚ 60 ਲੱਖ ਦੇ ਕਰੀਬ ਮੈਡੀਕਲ ਪ੍ਰੈਕਟੀਸ਼ਨਰ ਤੇ ਤਿੰਨ ਕਰੋੜ ਦੇ ਕਰੀਬ ਇਸ ਕਿੱਤੇ 'ਤੇ ਗੁਜ਼ਾਰਾ ਕਰ ਰਹੇ ਲੋਕ ਰੋਜ਼ੀ ਰੋਟੀ ਤੋਂ ਮੁਥਾਜ ਹੋਣਗੇ ਤੇ ਉਨ੍ਹਾਂ ਪਰਵਾਰਾਂ ਦਾ ਭਵਿੱਖ ਖਤਰੇ ਵਿੱਚ ਪੈ ਜਾਵੇਗਾ।ਉਨ੍ਹਾਂ ਭਾਰਤ ਸਰਕਾਰ ਪਾਸੋਂ ਮੰਗ ਕੀਤੀ ਕਿ ਦੇਸ਼ ਵਿੱਚ ਮੁੱਢਲੀਆਂ ਸਿਹਤ ਸੇਵਾਵਾਂ ਦੀ ਵੱਡੀ ਘਾਟ ਨੂੰ ਦੇਖਦੇ ਹੋਏ ਨੈਸ਼ਨਲ ਮੈਡੀਕਲ ਕਮਿਸ਼ਨ ਦੀ ਧਾਰਾ 31 ਤੇ 32 'ਚ ਲੋੜੀਂਦੀ ਸੋਧ ਕਰਕੇ ਦੇਸ਼ ਦੇ ਉਕਤ ਲੱਖਾਂ ਪ੍ਰੈਕਟੀਸ਼ਨਰਾਂ ਨੂੰ ਮੁੱਢਲੀਆਂ ਸਿਹਤ ਸੇਵਾਵਾਂ ਦੇਣ ਲਈ ਸ਼ਾਰਟ ਟਰਮ ਟ੍ਰੇਨਿੰਗ ਕਰਵਾ ਕੇ ਚੱਲ ਰਹੀਆਂ ਸਰਕਾਰੀ ਸਿਹਤ ਸਕੀਮਾਂ ਲੈਣ ਤੇ ਲੋੜਵੰਦਾਂ ਨੂੰ ਮੁਢਲੀਆਂ ਸਿਹਤ ਸੇਵਾਵਾਂ ਦੇਣ ਦੀ ਇਜਾਜ਼ਤ ਦਿੱਤੀ ਜਾਵੇ।

## ਹੋਲੀ ਦੇ ਰੰਗਾਂ ਤੇ ਫੁੱਲਾਂ ਨਾਲ ਮਹਿਕਿਆ ਅਧਿਆਤਮਕ ਮਾਹੌਲ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ੍ਰੀ ਹਰੀਦਾਸ ਨਿਕੁੰਜ ਬਿਹਾਰੀ ਸੇਵਾ ਸਮਿਤੀ ਵੱਲੋਂ ਰੋਜ਼ਾਨਾ ਕੱਢੀ ਜਾ ਰਹੀ ਪ੍ਰਭਾਤ ਫੇਰੀ ਦਾ ਲਾਇਨਜ਼ ਕਲੱਬ ਪ੍ਰਾਈਮ ਦੇ ਪ੍ਰਧਾਨ ਪਵਿੱਤਰ ਸਿੰਗਲਾ ਨੇ ਸਵਾਗਤ ਕੀਤਾ। ਠਾਕੁਰ ਜੀ ਦਾ ਹੋਲੀ ਦੇ ਰੰਗਾਂ ਅਤੇ ਫੁੱਲਾਂ ਦੀ ਵਰਖਾ ਨਾਲ ਅਭਿਨੰਦਨ ਕੀਤਾ ਗਿਆ, ਜਿਸ ਨਾਲ ਪੂਰਾ ਮਾਹੌਲ ਭਗਤੀਮਈ ਬਣ ਗਿਆ। ਪ੍ਰਭਾਤ ਫੇਰੀ ਵਿੱਚ ਸ਼ਾਮਲ ਸੰਗਤ ਵੱਲੋਂ ਭਜਨ-ਕੀਰਤਨ ਕਰਦੇ ਹੋਏ ਧਾਰਮਿਕ ਉਤਸ਼ਾਹ ਪ੍ਰਗਟਾਇਆ ਗਿਆ।ਸਮਿਤੀ ਵੱਲੋਂ ਪਵਿੱਤਰ ਸਿੰਗਲਾ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਲਾਇਨਜ਼ ਕਲੱਬ ਦੇ ਚੇਅਰਮੈਨ ਅੰਕੁਰ ਜਖਮੀ, ਉਮੇਸ਼ ਸਿੰਗਲਾ, ਕਰੁਣ ਬਾਂਸਲ (ਕੰਨੂ) ਅਤੇ ਅਮਿਤ ਕੌਸ਼ਲ ਨੇ ਦੱਸਿਆ ਕਿ ਪ੍ਰਭਾਤ ਫੇਰੀਆਂ ਨਿਰੰਤਰ ਜਾਰੀ ਹਨ।ਉਨ੍ਹਾਂ ਕਿਹਾ ਕਿ 8 ਮਾਰਚ ਤੋਂ 15 ਮਾਰਚ ਤੱਕ ਸ੍ਰੀਮਦ ਭਾਗਵਤ ਕਥਾ ਦਾ ਆਯੋਜਨ ਕੀਤਾ ਜਾਵੇਗਾ।8 ਮਾਰਚ ਸਵੇਰੇ ਕਲਸ਼ ਤੇ ਝੰਡਾ ਯਾਤਰਾ ਨਾਲ ਕਥਾ ਦੀ ਸ਼ੁਰੂਆਤ ਹੋਵੇਗੀ।ਉਨ੍ਹਾਂ ਹੋਰ ਦੱਸਿਆ ਕਿ ਠਾਕੁਰ ਜੀ ਦੀ ਪਾਵਨ ਛਵੀ ਵਿਸ਼ੇਸ਼ ਤੌਰ 'ਤੇ ਸ੍ਰੀ ਬਿੰਦ੍ਰਾਵਨ ਧਾਮ ਤੋਂ ਇੱਥੇ ਲਿਆਂਦੀ ਜਾ ਰਹੀ ਹੈ, ਜਿਸ ਨੂੰ ਲੈ ਕੇ ਭਗਤਾਂ ਵਿੱਚ ਖਾਸ ਉਤਸ਼ਾਹ ਵੇਖਿਆ ਜਾ ਰਿਹਾ ਹੈ।

## ਦਲਿਤ ਵਿਕਾਸ ਬੋਰਡ ਦੇ ਚੇਅਰਮੈਨ ਨੂੰ ਸਮੱਸਿਆਵਾਂ ਤੋਂ ਕਰਵਾਇਆ ਜਾਣੂ



**ਜਗਰਾਉਂ (ਸੰਜੀਵ ਅਰੋੜਾ)**-ਦਲਿਤ ਵਿਕਾਸ ਬੋਰਡ ਦੇ ਚੇਅਰਮੈਨ ਵਿਜੇ ਦਾਨਵ ਨੂੰ ਸਫ਼ਾਈ ਸੇਵਕ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਅਰੁਣ ਗਿੱਲ ਦੀ ਅਗਵਾਈ ਵਿੱਚ ਨਗਰ ਕੌਂਸਲ ਜਗਰਾਉਂ ਦੇ ਸਫ਼ਾਈ ਸੇਵਕ ਤੇ ਸੀਵਰਮੈਨ ਯੂਨੀਅਨ ਦੇ ਅਹੁਦੇਦਾਰਾਂ ਨੇ ਇੱਕ ਅਹਿਮ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਸਫ਼ਾਈ ਸੇਵਕਾਂ ਤੇ ਸੀਵਰਮੈਨਾਂ ਅਤੇ ਹਲਕਾ ਜਗਰਾਉਂ ਅੰਦਰ ਦਲਿਤ ਸਮਾਜ ਨੂੰ ਆ ਰਹੀਆਂ ਦਰਪੇਸ਼ ਸਮੱਸਿਆਵਾਂ ਬਾਰੇ ਚੇਅਰਮੈਨ ਨੂੰ ਜਾਣੂ ਕਰਵਾਇਆ ਗਿਆ। ਚੇਅਰਮੈਨ ਦੁਆਰਾ ਮੌਜੂਦ ਅਹੁਦੇਦਾਰਾਂ ਨੂੰ ਭਰੋਸੇ ਦੇ ਨਾਲ-ਨਾਲ ਜਲਦੀ ਜਗਰਾਉਂ ਅੰਦਰ ਪਹੁੰਚ ਕੇ ਖੁਦ ਲੋਕਾਂ ਨਾਲ ਤਾਲਮੇਲ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਲਈ ਭਰੋਸਾ ਤੇ ਵਚਨਵੱਧਤਾ ਦੋਹਰਾਈ ਤੇ ਜਲਦੀ ਤੋਂ ਜਲਦੀ ਜਗਰਾਉਂ ਦੇ ਲੋਕਾਂ ਨੂੰ ਮਿਲਣ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਪ੍ਰਧਾਨ ਅਰੁਣ ਗਿੱਲ ਨੇ ਦੱਸਿਆ ਕਿ ਦਲਿਤ ਵਿਕਾਸ ਬੋਰਡ ਦੇ ਚੇਅਰਮੈਨ ਨੂੰ ਦਲਿਤ ਸਮਾਜ ਦੇ ਲੋਕ ਇੱਕ ਮਸੀਹਾ ਦੀ ਤਰ੍ਹਾਂ ਦੇਖਦੇ ਹਨ, ਉਨ੍ਹਾਂ ਨੇ ਖਾਸ ਕਰ ਦਲਿਤਾਂ ਦੀਆਂ ਸਮੱਸਿਆਵਾਂ ਤੇ ਉਹਦੇ ਹੱਲ ਲਈ ਹਮੇਸ਼ਾ ਹੀ ਵੱਡਮੁੱਲਾ ਯੋਗਦਾਨ ਪਾਇਆ। ਇਸ ਮੀਟਿੰਗ ਵਿੱਚ ਸਫ਼ਾਈ ਸੇਵਕ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਰੁਣ ਗਿੱਲ, ਮੀਤ ਪ੍ਰਧਾਨ ਸਨੀ ਸੁੰਦਰ, ਸਰਪ੍ਰਸਤ ਪ੍ਰਦੀਪ ਗਿੱਲ, ਭੂਸ਼ਣ ਗਿੱਲ, ਸੁਖਵਿੰਦਰ ਖੋਸਲਾ, ਰਾਮ ਪ੍ਰਕਾਸ਼, ਸੰਦੀਪ ਕੁਮਾਰ, ਸੁਰਜੀਤ ਸਿੰਘ, ਆਸ਼ਾ ਰਾਣੀ, ਮਿਸ਼ਰੋ ਦੇਵੀ, ਨੀਨਾ ਰਾਣੀ, ਕੰਚਨ ਸੁਨੀਤਾ ਤੇ ਰਾਣੀ ਆਦਿ ਹਾਜ਼ਰ ਸਨ।

## ਅਮਿਤ ਸ਼ਾਹ ਦੀ ਰੈਲੀ ਸੰਬੰਧੀ ਮੀਟਿੰਗਾਂ ਦਾ ਸਿਲਸਿਲਾ ਜਾਰੀ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸੂਬੇ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਵੱਲੋਂ ਚੋਣ ਬਿਗਲ ਵਜਾਉਣ ਲਈ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ 14 ਮਾਰਚ ਨੂੰ ਮੋਗਾ ਵਿਖੇ ਕੀਤੀ ਜਾ ਰਹੀ ਰੈਲੀ ਨੂੰ ਲੈ ਕੇ ਹਲਕਾ ਸ਼ੁਤਰਾਣਾ ਦੇ ਭਾਜਪਾ ਆਗੂਆਂ ਵੱਲੋਂ ਵਰਕਰਾਂ ਨੂੰ ਲਾਮਬੰਦ ਕਰਨ ਲਈ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ।ਨਰਾਇਣ ਸਿੰਘ ਨਰਸੋਤ ਹਲਕਾ ਇੰਚਾਰਜ ਸ਼ੁਤਰਾਣਾ ਭਾਜਪਾ ਦੀ ਅਗਵਾਈ ਵਿੱਚ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਮੇਸ਼ ਗੋਇਲ ਡਕਾਲਾ ਤੇ ਡਾ ਜੀਵਨ ਦੱਤ ਸ਼ੈਲੀ ਇੰਚਾਰਜ ਰੈਲੀ ਦੀ ਅਗਵਾਈ ਹੇਠ ਹਲਕਾ ਸ਼ੁਤਰਾਣਾ ਦੇ ਪੰਜੇ ਸਰਕਲਾਂ ਕਕਰਾਲਾ, ਘੱਗਾ, ਪਾਤੜਾਂ, ਸ਼ੁਤਰਾਣਾ ਅਤੇ ਗੁਲਾਹੜ ਵਿਚ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਮੋਗਾ ਦੇ ਪਿੰਡ ਕਿੱਲੀ ਚਹਿਲਾਂ ਵਿਖੇ ਹੋਣ ਜਾ ਰਹੀ ਰੈਲੀ ਸੰਬੰਧੀ ਮੀਟਿੰਗਾਂ ਕੀਤੀਆਂ ਗਈਆਂ।ਭਾਜਪਾ ਦੇ ਹਲਕਾ ਇੰਚਾਰਜ ਨਰਾਇਣ ਸਿੰਘ ਨਰਸੋਤ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਰੈਲੀ ਨੂੰ ਲੈ ਕੇ ਜਿੱਥੇ ਭਾਜਪਾ ਆਗੂਆਂ ਤੇ ਵਰਕਰਾਂ ਵਿੱਚ ਉਤਸ਼ਾਹ ਹੈ ਉੱਥੇ ਹੀ ਇਲਾਕੇ ਦੇ ਲੋਕਾਂ ਵਿੱਚ ਵੀ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਪਾਰਟੀ ਵੱਲੋਂ ਰੈਲੀ ਨੂੰ ਕਾਮਯਾਬ ਕਰਨ ਲਈ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤੇ ਰੈਲੀ ਵਾਲੇ ਦਿਨ ਹਲਕਾ ਸ਼ੁਤਰਾਣਾ ਤੋਂ ਬਹੁਤ ਭਾਰੀ ਗਿਣਤੀ ਵਿੱਚ ਲੋਕਾਂ ਵੱਲੋਂ ਰੈਲੀ ਵਿੱਚ ਸ਼ਿਰਕਤ ਕੀਤੀ ਜਾਵੇਗੀ।

## ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਦੀ ਮੀਟਿੰਗ ਨੇ ਰੈਲੀ ਦਾ ਰੂਪ ਧਾਰਿਆ



**ਨਾਭਾ (ਵਰਿੰਦਰ ਵਰਮਾ)**-ਕੈਨੇਡਾ ਛੱਡ ਕੇ ਨਾਭਾ ਪਰਤੇ ਯੂਥ ਅਕਾਲੀ ਦਲ ਦੇ ਆਗੂ ਐਡਵੋਕੇਟ ਖੁਸ਼ਹਾਲ ਖੋਰਾ ਬੱਬਲੂ ਦੀ ਅਗਵਾਈ ਹੇਠ ਵੀਰਵਾਰ ਨੂੰ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਨੇੜੇ ਨਵੀਂ ਅਨਾਜ ਮੰਡੀ ਵਿਖੇ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਮੌਕੇ ਨੌਜਵਾਨਾਂ ਤੇ ਅਕਾਲੀ ਦਲ ਦੇ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਬੱਬਲੂ ਖੋਰਾ ਨੇ ਸਭ ਤੋਂ ਪਹਿਲਾਂ ਸਮੂਹ ਵਰਕਰਾਂ, ਅਹੁਦੇਦਾਰਾਂ ਅਤੇ ਨੌਜਵਾਨਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਉਨ੍ਹਾਂ ਦੇ ਸੱਦੇ 'ਤੇ ਛੋਟੀ ਜਿਹੀ ਮੀਟਿੰਗ ਨੂੰ ਰੈਲੀ 'ਚ ਤਬਦੀਲ ਕਰ ਦਿੱਤਾ।ਬੱਬਲੂ ਖੋਰਾ ਨੇ ਕਿਹਾ ਕਿ 4 ਅਪ੍ਰੈਲ ਨੂੰ ਪੰਜਾਬ ਬਚਾਓ ਰੈਲੀ, ਜਿਸ ਲਈ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਸੀਨੀਅਰ ਲੀਡਰ ਸ਼ਿਪ ਨਾਭਾ ਆ ਰਹੇ ਹਨ, ਉਨ੍ਹਾਂ ਦਾ ਸਮੂਹ ਵਰਕਰਾਂ ਵੱਲੋਂ ਭਾਰੀ ਉਤਸ਼ਾਹ ਨਾਲ ਸਵਾਗਤ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੇ ਲੋਕ ਅਕਾਲੀ ਦਲ ਨੂੰ ਮੁੜ ਪੰਜਾਬ ਵਿਚ ਦੇਖਣਾ ਚਾਹੁੰਦੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦਾ ਵਿਕਾਸ ਅਤੇ ਕੰਮ ਨਾ ਪਹਿਲਾਂ ਕਦੇ ਸ਼੍ਰੋਮਣੀ ਅਕਾਲੀ ਦਲ ਦੇ ਸਮੇਂ ਹੋਇਆ ਅਤੇ ਨਾ ਹੀ ਬਾਅਦ ਦੀਆਂ ਸਰਕਾਰਾਂ ਨੇ ਕੀਤਾ।ਬੱਬਲੂ ਖੋਰਾ ਨੇ ਕਿਹਾ ਕਿ ਵਿਕਰਮ ਮਜੀਠੀਆ ਦੇ ਜੇਲ੍ਹ ਤੋਂ ਬਾਹਰ ਆਉਣ ਤੋਂ ਬਾਅਦ ਆਖਿਰਕਾਰ ਸੱਚਾਈ ਦੀ ਜਿੱਤ ਹੋਈ ਹੈ ਅਤੇ ਇਹ ਦਿੱਲੀ ਤੋਂ ਚੱਲ ਰਹੀ ਪੰਜਾਬ ਸਰਕਾਰ 'ਤੇ ਇਕ ਵੱਡਾ ਥੱਪੜ ਹੈ।ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੇ ਲੋਕ ਜਾਣ ਚੁੱਕੇ ਹਨ ਕਿ ਜੇਕਰ ਪੰਜਾਬ ਨੂੰ ਬਚਾਉਣਾ ਹੈ ਅਤੇ ਪੰਜਾਬ ਨੂੰ ਸੁਧਾਰਨਾ ਹੈ ਤਾਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣੀ ਬਹੁਤ ਬਹੁਤ ਜ਼ਰੂਰੀ ਹੈ।

## ਗੁਰੂ ਨਾਨਕ ਲਾਅ ਕਾਲਜ 'ਚ 'ਦਾਜ' ਤੇ 'ਕਾਨੂੰਨ 'ਚ ਕੈਰੀਅਰ' ਵਿਸ਼ੇ 'ਤੇ ਵਰਕਸ਼ਾਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਾਈਆਂਵਾਲਾ ਸਥਿਤ ਗੁਰੂ ਨਾਨਕ ਲਾਅ ਕਾਲਜ ਵਿਖੇ 'ਦਾਜ' ਤੇ 'ਕਾਨੂੰਨ 'ਚ ਕਰੀਅਰ' ਵਿਸ਼ੇ 'ਤੇ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਫਿਰੋਜ਼ਪੁਰ ਦੇ ਜ਼ਿਲ੍ਹਾ ਸੈਸ਼ਨ ਅਦਾਲਤ ਤੋਂ ਆਏ ਵਕੀਲ ਸਾਹਿਬਾ ਕੁਨਿਕਾ ਯਾਦਵ ਤੇ ਵਕੀਲ ਸਾਹਿਬ ਮਨਜੀਤ ਸਿੰਘ ਜੋਸਨ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਦੌਰਾਨ ਵਕੀਲ ਕੁਨਿਕਾ ਯਾਦਵ ਨੇ ਦਾਜ ਦੇ ਉਨਮੂਲਨ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਪ੍ਰਥਾ ਬਹੁਤ ਪੁਰਾਣੇ ਸਮੇਂ ਤੋਂ ਚੱਲਦੀ ਆ ਰਹੀ ਹੈ ਤੇ ਸਮਾਜ ਵਿਚ ਵੱਧਦੀ ਜਾ ਰਹੀ ਹੈ। ਇਸ ਤੋਂ ਬਾਅਦ ਉਨ੍ਹਾਂ ਨੇ ਕਾਨੂੰਨ ਦੇ ਖੇਤਰ ਵਿੱਚ ਕਰੀਅਰ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਤੁਸੀਂ ਕਾਨੂੰਨ ਦੇ ਖੇਤਰ ਵਿੱਚ ਸਿਰਫ਼ ਜੱਜ ਜਾਂ ਵਕੀਲ ਹੀ ਨਹੀਂ ਬਣ ਸਕਦੇ, ਬਲਕਿ ਆਈ. ਪੀ. ਆਰ ਵਿਭਾਗ, ਬੈਂਕ ਆਦਿ ਵਿੱਚ ਵੀ ਆਪਣਾ ਕਰੀਅਰ ਬਣਾ ਸਕਦੇ ਹੋ। ਕਾਲਜ ਦੇ ਪ੍ਰਧਾਨ ਅਸੀਸ ਪ੍ਰੀਤ ਨੇ ਕਿਹਾ ਕਿ ਕਾਨੂੰਨ ਵਰਗੇ ਵਿਸ਼ੇ ਵਿੱਚ ਵਿਦਿਆਰਥੀਆਂ ਨੂੰ ਕਰੀਅਰ ਬਣਾਉਣ ਲਈ ਕਈ ਮੌਕੇ ਮਿਲਦੇ ਹਨ, ਜਿਸ ਨਾਲ ਉਨ੍ਹਾਂ ਦਾ ਭਵਿੱਖ ਵੀ ਰੌਸ਼ਨ ਹੁੰਦਾ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਅਜ਼ਵਰ ਖਾਨ ਨੇ ਵੀ ਕਾਨੂੰਨ ਵਿੱਚ ਕਰੀਅਰ ਦੀ ਮਹੱਤਤਾ 'ਤੇ ਚਾਨਣ ਪਾਇਆ। ਉਨ੍ਹਾਂ ਨੇ ਵਕੀਲ ਸਾਹਿਬਾਨ ਕੁਨਿਕਾ ਯਾਦਵ ਤੇ ਮਨਜੀਤ ਸਿੰਘ ਜੋਸਨ ਦਾ ਧੰਨਵਾਦ ਕੀਤਾ। ਇਸ ਮੌਕੇ ਅਸਿਸਟੈਂਟ ਪ੍ਰੋਫੈਸਰ ਚੀਨਾ, ਅਸਿਸਟੈਂਟ ਪ੍ਰੋਫੈਸਰ ਜੋਤੀ, ਅਸਿਸਟੈਂਟ ਪ੍ਰੋਫੈਸਰ ਰਾਧਿਕਾ, ਲਾਇਬ੍ਰੇਰੀਅਨ ਸਾਕਸ਼ੀ ਚੰਨਾ, ਰਮਨਦੀਪ ਸਿੰਘ ਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

## ਬਲਾਕ ਸੰਮਤੀ ਨਾਭਾ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਚੋਣ ਰੱਦ

**ਨਾਭਾ (ਵਰਿੰਦਰ ਵਰਮਾ)**-ਸ਼ਹਿਰ ਨਾਭਾ ਦੇ ਬੀਡੀਪੀਓ ਦਫਤਰ ਵਿੱਚ ਐੱਸ ਡੀ ਐੱਮ ਨਾਭਾ ਦੀ ਅਗਵਾਈ ਹੇਠ ਬਲਾਕ ਸੰਮਤੀ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਚੋਣ ਰੱਖੀ ਗਈ ਸੀ, ਜੋ ਕਿ ਕਾਂਗਰਸ ਤੇ ਅਕਾਲੀ ਦਲ ਦੇ ਬਲਾਕ ਸੰਮਤੀ ਮੈਂਬਰ ਨਾ ਪਹੁੰਚਣ ਕਾਰਨ ਐੱਸ ਡੀ ਐੱਮ ਨਾਭਾ ਵੱਲੋਂ ਰੱਦ ਕਰ ਦਿੱਤੀ ਗਈ।ਭਾਵੇਂ ਕਿ ਆਮ ਆਦਮੀ ਪਾਰਟੀ ਦੇ 12 ਬਲਾਕ ਸੰਮਤੀ ਮੈਂਬਰ ਤੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਐੱਸ ਡੀ ਐੱਮ ਨਾਭਾ ਵੱਲੋਂ ਦਿੱਤੇ ਸਮੇਂ ਅਨੁਸਾਰ ਪਹੁੰਚ ਗਏ ਸਨ।ਐੱਸ ਡੀ ਐੱਮ ਸਮੇਤ ਬੀਡੀਪੀਓ ਬਲਜੀਤ ਕੌਰ ਤੇ ਹੋਰ ਲੋੜੀਂਦਾ ਪ੍ਰਸ਼ਾਸਨ ਇੱਕ ਘੰਟੇ ਦੇ ਕਰੀਬ ਰੱਖੀ ਚੋਣ ਵਾਲੀ ਥਾਂ 'ਤੇ ਹਾਜ਼ਰ ਰਿਹਾ, ਪਰ ਕੁੱਲ ਦੋ-ਤਿਹਾਈ ਬਲਾਕ ਸੰਮਤੀ ਮੈਂਬਰ ਚੋਣ ਵਾਲੀ ਥਾਂ 'ਤੇ ਨਹੀਂ ਪਹੁੰਚੇ, ਜਿਸ ਦੌਰਾਨ ਐੱਸ ਡੀ ਐੱਮ ਅਰਵਿੰਦਰ ਪਾਲ ਸਿੰਘ ਵੱਲੋਂ ਚੋਣ ਰੱਦ ਕਰ ਦਿੱਤੀ ਗਈ।ਦੱਸਣਯੋਗ ਹੈ ਕਿ ਆਮ ਆਦਮੀ ਪਾਰਟੀ ਦੇ 12 ਮੈਂਬਰ ਬਲਾਕ ਸੰਮਤੀ ਜੇਤੂ ਹਨ, ਜਦੋਂਕਿ ਕਾਂਗਰਸ ਦੇ 7 ਤੇ ਅਕਾਲੀ ਦਲ ਦੇ 6 ਮੈਂਬਰ ਹਨ।ਇਸ ਸਬੰਧੀ ਵਿਧਾਇਕ ਗੁਰਦੇਵ ਸਿੰਘ ਮਾਨ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਚੇਅਰਮੈਨ ਤੇ ਵਾਈਸ ਚੇਅਰਮੈਨ ਬਣਾਉਣ ਲਈ 25 ਵਿੱਚੋਂ 13 ਮੈਂਬਰਾਂ ਦੀ ਲੋੜ ਹੈ, ਵਿਧਾਇਕ ਦੀ ਵੋਟ ਹੋਣ ਕਾਰਨ 13 ਵੋਟਾਂ ਪੂਰੀਆਂ ਹੁੰਦੀਆਂ ਹਨ, ਪਰ ਅਸੀਂ ਚਾਹੁੰਦੇ ਹਾਂ ਕਿ ਕਾਂਗਰਸ ਤੇ ਅਕਾਲੀ ਦਲ ਦੇ ਮੈਂਬਰ ਵੀ ਚੋਣ ਵਿੱਚ ਜ਼ਰੂਰ ਹਾਜ਼ਰ ਹੋਣ।

# ਭੱਖਦੀਆਂ ਮੰਗਾਂ ਨੂੰ ਲੈ ਕੇ ਦਿਹਾਤੀ ਮਜ਼ਦੂਰ ਸਭਾ ਦੀ ਜਨਰਲ ਬਾਡੀ ਮੀਟਿੰਗ



ਬਟਾਲਾ (ਤਰਲੋਕ ਬੱਗਾ)-ਦਿਹਾਤੀ ਮਜ਼ਦੂਰ ਸਭਾ ਵੱਲੋਂ ਮਜ਼ਦੂਰਾਂ ਦੀਆਂ ਭੱਖਦੀਆਂ ਮੰਗਾਂ ਦੇ ਹੱਲ ਲਈ 8 ਅਪ੍ਰੈਲ ਨੂੰ ਜਲੰਧਰ ਹੋ ਰਹੀ ਸੂਬਾ ਪੱਧਰੀ ਰੈਲੀ ਦੀ ਤਿਆਰੀ ਵਾਸਤੇ ਤਹਿਸੀਲ ਬਟਾਲਾ ਦੀ ਜਨਰਲ ਬਾਡੀ ਮੀਟਿੰਗ ਸਾਥੀ ਜਸਵਿੰਦਰ ਸਿੰਘ ਛਿੱਤ, ਸੁਖਵੰਤ ਸਿੰਘ ਸੰਦਲਪੁਰ ਦੀ ਪ੍ਰਧਾਨਗੀ ਹੇਠ ਸ਼ਹੀਦ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਸਿੰਘ ਪਾਰਕ ਬਟਾਲਾ ਵਿਖੇ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸਭਾ ਦੇ ਸੂਬਾ ਪ੍ਰਧਾਨ ਸਾਥੀ ਦਰਸ਼ਨ ਨਾਹਰ, ਸੂਬਾ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ, ਸੂਬਾ ਵਿੱਤ ਸਕੱਤਰ ਸ਼ਮਸ਼ੇਰ ਸਿੰਘ ਨਵਾਂ ਪਿੰਡ ਨੇ ਕਿਹਾ ਕਿ ਬਹੁਤ ਲੰਬੇ ਸਮੇਂ ਤੋਂ ਕੇਂਦਰ ਤੇ ਪੰਜਾਬ ਸਰਕਾਰ ਨੇ ਮਜ਼ਦੂਰਾਂ ਵੱਲ ਪਿੱਠ ਕੀਤੀ ਹੋਈ ਹੈ ਅਤੇ ਮਜ਼ਦੂਰਾਂ ਦੇ ਮਸਲੇ ਹੱਲ ਨਹੀਂ ਕੀਤੇ ਜਾ ਰਹੇ।ਮਜ਼ਦੂਰਾਂ ਦੀਆਂ ਭੱਖਦੀਆਂ ਮੰਗਾਂ ਨੂੰ ਲੈ ਕੇ ਸੂਬੇ ਭਰ 'ਚ ਜਨਰਲ ਬਾਡੀ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਕੇਂਦਰ ਤੇ ਪੰਜਾਬ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਕਾਰਨ ਮਨਰੇਗਾ ਕਾਨੂੰਨ ਨੂੰ ਖ਼ਤਮ ਕਰਕੇ ਵਿਕਸਤ ਭਾਰਤ ਜੀ ਰਾਮ ਜੀ ਕਾਨੂੰਨ ਬਣਾਉਣ, ਪ੍ਰਸਤਾਵਤ ਬਿਜਲੀ ਸੋਧ ਬਿੱਲ 2025 ਲਿਆਉਣ, ਕਿਰਤ ਕਾਨੂੰਨਾਂ ਵਿੱਚ ਸੋਧਾਂ ਕਰਕੇ ਚਾਰ ਕੋਡ ਬਣਾਉਣ, ਪਬਲਿਕ ਸੈਕਟਰ ਦੇ ਅਦਾਰਿਆਂ ਦਾ ਨਿੱਜੀਕਰਨ ਵਿਰੁੱਧ ਅਤੇ ਹੱਕੀ ਤੇ ਜਾਇਜ਼ ਮੰਗਾਂ ਬੁਢਾਪਾ, ਵਿਧਵਾ ਅਤੇ ਅੰਗਹੀਣ ਪੈਨਸ਼ਨਾਂ ਪੰਜ ਹਜ਼ਾਰ ਰੁਪਏ ਕਰਨ, ਔਰਤਾਂ ਲਈ ਐਲਾਨ ਕੀਤਾ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ, ਬੇਘਰਿਆਂ ਨੂੰ 10-10 ਮਰਲੇ ਦੇ ਪਲਾਟ ਤੇ ਮਕਾਨ ਬਣਾਉਣ ਲਈ 5 ਲੱਖ ਰੁਪਏ ਦੀ ਗਰਾਂਟ ਦੇਣ, ਮਜ਼ਦੂਰਾਂ ਸਿਰ ਚੜ੍ਹਿਆ ਸਰਕਾਰੀ ਤੇ ਗੈਰ-ਸਰਕਾਰੀ ਕਰਜ਼ਾ ਮੁਆਫ਼ ਕਰਨ, ਜਨਤਕ ਵੰਡ ਪ੍ਰਣਾਲੀ ਰਾਹੀਂ ਸਰਕਾਰੀ ਡਿਪੂਆਂ ਤੋਂ ਰਸੋਈ ਵਿੱਚ ਵਰਤੀਆਂ ਜਾਣ ਵਾਲੀਆਂ ਵਸਤਾਂ ਸਸਤੇ ਭਾਅ 'ਤੇ ਮੁਹੱਈਆ ਕਰਵਾਉਣ ਅਤੇ ਲੋੜਵੰਦਾਂ ਦੇ ਕੱਟੇ ਰਾਸ਼ਨ ਕਾਰਡ ਬਹਾਲ ਕੀਤੇ, ਪੀਣ ਵਾਲੇ ਸਾਫ ਸੁਥਰੇ ਪਾਣੀ ਦਾ ਪ੍ਰਬੰਧ ਕਰਨ, ਸੰਘਰਸ਼ਾਂ ਦੌਰਾਨ ਮਜ਼ਦੂਰਾਂ ਕਿਸਾਨਾਂ ਤੇ ਬਣਾਏ ਸਾਰੇ ਕੇਸ ਖਤਮ ਕਰਨ, ਭੂਮੀ ਸੁਧਾਰ ਕਾਨੂੰਨ ਲਾਗੂ ਕਰਕੇ ਵਾਧੂ ਜ਼ਮੀਨ ਬੇਜ਼ਮੀਨੇ ਕਿਰਤੀਆਂ ਵਿੱਚ ਵੰਡਣ, ਪੰਚਾਇਤੀ ਜ਼ਮੀਨ ਵਿਚੋਂ ਤੀਸਰਾ ਹਿੱਸਾ ਸਮੁੱਚੇ ਐੱਸ. ਸੀ. ਭਾਈਚਾਰੇ ਨੂੰ ਘੱਟ ਰੇਟ ਤੇ ਦੇਣਾ ਯਕੀਨੀ ਬਣਾਉਣ ਆਦਿ ਦੀ ਪ੍ਰਾਪਤੀ ਲਈ 8 ਅਪ੍ਰੈਲ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿੱਚ ਸੂਬਾ ਪੱਧਰੀ ਰੈਲੀ ਕਰਨ ਦਾ ਐਲਾਨ ਕੀਤਾ ਹੈ।

ਸਾਥੀ ਸ਼ਮਸ਼ੇਰ ਸਿੰਘ ਨਵਾਂ ਪਿੰਡ ਨੇ ਕਿਹਾ ਕਿ ਇਨ੍ਹਾਂ ਮੰਗਾਂ ਤੇ 8 ਅਪ੍ਰੈਲ ਨੂੰ ਜਲੰਧਰ ਵਿਖੇ ਮਜ਼ਦੂਰਾਂ ਦੀ ਵੱਡੀ ਰੈਲੀ ਵਿੱਚ ਜ਼ਿਲ੍ਹਾ ਗੁਰਦਾਸਪੁਰ ਤੋਂ ਵੱਡੀ ਗਿਣਤੀ ਵਿੱਚ ਕਿਰਤੀ-ਕਾਮੇ ਸ਼ਾਮਲ ਹੋਣਗੇ।

ਮੀਟਿੰਗ ਵਿੱਚ ਇੱਕ ਮਤੇ ਰਾਹੀਂ ਈਰਾਨ ਉਪਰ ਅਮਰੀਕਾ ਅਤੇ ਉਸ ਦੇ ਜੋਟੀਦਾਰਾਂ ਵੱਲੋਂ ਕੀਤੇ ਹਮਲੇ ਦੀ ਸਖ਼ਤ ਨਿੰਦਾ ਕੀਤੀ।ਇਸ ਮੌਕੇ ਸਾਥੀ ਮੁਖਤਾਰ ਸਿੰਘ ਭਾਗੋਵਾਲ, ਅਵਤਾਰ ਸਿੰਘ ਮੁਰਗੀ ਮੁਹੱਲਾ, ਗੁਰਨਾਮ ਸਿੰਘ ਬਾਉਲੀ ਇੰਦਰਜੀਤ, ਨਿਸ਼ਾਨ ਉਧੋਵਾਲ, ਬਿੱਟੂ ਮਸੀਹ ਰਾਜੂਵਾਲ, ਬਲਵਿੰਦਰ ਮਿਸਰਪੁਰਾ, ਬੂਟਾ ਮਸੀਹ, ਨਥਾਨੀਅਲ, ਸਤਨਾਮ ਸਿੰਘ ਭੁੱਲਰ, ਗੁਰਮੇਜ ਸਿੰਘ ਛਿੱਤ, ਕਸ਼ਮੀਰ ਸਿੰਘ ਛਿੱਤ, ਮਾਸਟਰ ਡੇਵਿਡ, ਤਾਜ ਸਿੰਘ ਛਿੱਤ ਆਦਿ ਹਾਜ਼ਰ ਸਨ।

# 14 ਨੂੰ ਲਗਾਈ ਜਾਵੇਗੀ ਨੈਸ਼ਨਲ ਲੋਕ ਅਦਾਲਤ: ਸੈਸ਼ਨ ਜੱਜ



ਪਠਾਨਕੋਟ (ਦਵਿੰਦਰ ਸਿੰਘ)-ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਨਿਰਦੇਸ਼ਾਂ ਅਨੁਸਾਰ 14 ਮਾਰਚ ਨੂੰ ਕੋਰਟ ਕੰਪਲੈਕਸ ਪਠਾਨਕੋਟ ਵਿਖੇ ਅਥਾਰਟੀ ਦੇ ਚੇਅਰਮੈਨ ਜਿਲਾ ਤੇ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਦੀ ਅਗਵਾਈ ਵਿੱਚ ਨੈਸ਼ਨਲ ਲੋਕ ਅਦਾਲਤ ਲਗਾਈ ਜਾ ਰਹੀ ਹੈ, ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਤੇ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਨੇ ਦੱਸਿਆ ਕਿ ਇਸ ਲੋਕ ਅਦਾਲਤ ਵਿੱਚ ਵੱਖ ਵੱਖ ਜੱਜ ਸਾਹਿਬਾਨ ਦੇ ਬੈਂਚ ਲਗਾ ਕੇ ਆਪਸੀ ਸਹਿਮਤੀ ਨਾਲ ਲੋਕਾਂ ਦੇ ਕੇਸਾਂ ਦਾ ਨਿਪਟਾਰਾ ਕੀਤਾ ਜਾਵੇਗਾ, ਉਨ੍ਹਾਂ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਪਰੀਵਾਰਿਕ ਝਗੜੇ, ਬਿਜਲੀ, ਪਾਣੀ ਨਾਲ ਸੰਬੰਧਿਤ ਕੇਸ, ਛੋਟੇ ਫੌਜਦਾਰੀ ਮਾਮਲੇ, ਦੁਰਘਟਨਾ ਮੁਆਵਜਾ ਅਵਾਰਡ ਪਾਸ ਕੀਤੇ ਜਾਣਗੇ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਨੈਸ਼ਨਲ ਲੋਕ ਅਦਾਲਤ ਵਿੱਚ ਕੇਸ ਲਗਾ ਕੇ ਆਪਣੇ ਝਗੜੇ ਖਤਮ ਕਰੋ ਅਤੇ ਸਸਤਾ ਤੇ ਸਰਲ ਨਿਆਂ ਪ੍ਰਾਪਤ ਕਰੋ। ਉਨ੍ਹਾਂ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਦੇ ਫੈਸਲੇ ਦੇ ਖਿਲਾਫ ਫਿਰ ਕਿਸੇ ਵੀ ਅਦਾਲਤ ਵਿੱਚ ਕੋਈ ਅਪੀਲ ਨਹੀਂ ਕੀਤੀ ਜਾ ਸਕਦੀ ਇਸਦਾ ਫੈਸਲਾ ਅੰਤਿਮ ਫੈਸਲਾ ਹੁੰਦਾ ਹੈ।

ਉਹਨਾਂ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਦੇ ਫੈਸਲੇ ਦੇ ਬਾਅਦ ਸੰਬੰਧਤ ਪਾਰਟੀਆਂ ਦੀ ਕੋਰਟ ਫੀਸ ਵੀ ਵਾਪਸ ਕਰ ਦਿੱਤੀ ਜਾਂਦੀ।

ਆਪਣਾ ਕੇਸ ਲਗਵਾਉਣ ਲਈ ਸੰਬੰਧਿਤ ਕੋਰਟ ਜਾਂ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਫਤਰ ਵਿੱਚ ਅਰਜ਼ੀਆਂ ਦਿੱਤੀਆਂ ਜਾ ਸਕਦੀਆਂ ਹਨ।

# ਪਰਿਵਾਰ ਨੂੰ ਬੰਦੀ ਬਣਾ ਕੇ 3 ਕਰੋੜ ਦੇ ਗਹਿਣੇ ਤੇ ਕਰੀਬ 40 ਲੱਖ ਰੁਪਏ ਲੁੱਟੇ



ਗੁਰਦਾਸਪੁਰ, (ਜਨਕ ਮਹਾਜਨ)-ਬੀਤੇ ਦਿਨੀਂ ਜੇਲ੍ਹ ਰੋਡ 'ਤੇ ਪੈਂਦੀ ਇੰਪਰੂਵਮੈਂਟ ਟਰੱਸਟ ਦੀ ਸਕੀਮ ਨੰਬਰ 5 ਵਿਖੇ ਇਕ ਪਰਿਵਾਰ ਨੂੰ ਬੰਦੀ ਬਣਾ ਕੇ ਲੁਟੇਰਿਆਂ ਵੱਲੋਂ ਕਰੀਬ 3 ਕਰੋੜ ਦੇ ਗਹਿਣੇ, ਮਹਿੰਗੇ ਮੋਬਾਈਲ ਫੋਨਾਂ ਸਮੇਤ ਕਰੀਬ 40 ਲੱਖ ਰੁਪਏ ਦੀ ਨਕਦੀ ਲੁੱਟਣ ਦੀ ਖ਼ਬਰ ਸਾਹਮਣੇ ਆਈ ਹੈ। ਜਾਣਕਾਰੀ ਦਿੰਦੇ ਹੋਏ ਵਰੁਣ ਮਹਾਜਨ ਪੁੱਤਰ ਰਮੇਸ਼ ਕੁਮਾਰ ਨੇ ਦੱਸਿਆ ਕਿ ਬੀਤੇ ਦਿਨੀਂ 4 ਲੁਟੇਰੇ ਸਵੇਰੇ ਉਨ੍ਹਾਂ ਦੇ ਘਰ ਦੇ ਬਾਹਰ ਆਏ ਅਤੇ ਉਨ੍ਹਾਂ ਦੇ ਡਰਾਈਵਰ ਨੂੰ ਅੰਦਰ ਕਿਸੇ ਨੂੰ ਬੁਲਾਉਣ ਲਈ ਕਿਹਾ। ਜਦੋਂ ਡਰਾਈਵਰ ਅੰਦਰ ਆਇਆ ਤਾਂ ਉਕਤ ਲੁਟੇਰੇ ਵੀ ਉਸ ਦੇ ਪਿੱਛੇ ਹੀ ਅੰਦਰ ਗਏ, ਉਨ੍ਹਾਂ ਨੇ ਆਉਂਦੇ ਸਾਰ ਹੀ ਪਹਿਲਾਂ ਉਨ੍ਹਾਂ ਦੇ ਬੱਚਿਆਂ 'ਤੇ ਪਿਸਤੌਲ ਤਾਣ ਦਿੱਤੀ ਅਤੇ ਸਾਰੇ ਪਰਿਵਾਰ ਨੂੰ ਬੰਦੀ ਬਣਾ ਲਿਆ। ਉਨ੍ਹਾਂ ਸਾਰੇ ਪਰਿਵਾਰ ਦੇ ਹੱਥ, ਪੈਰ ਬੰਨ੍ਹ ਕੇ ਬੱਚਿਆਂ ਦੀਆਂ ਉਂਗਲਾਂ ਕੱਟਣ ਦੀ ਧਮਕੀ ਦਿੱਤੀ। ਚੋਰਾਂ ਨੇ ਘਰ ਵਿਚ ਰੱਖੇ ਗਹਿਣੇ ਅਤੇ ਨਕਦੀ ਹਵਾਲੇ ਕਰਨ ਲਈ ਕਿਹਾ, ਜਿਸ 'ਤੇ ਸਾਰਾ ਪਰਿਵਾਰ ਸਹਿਮ ਗਿਆ ਤੇ ਉਨ੍ਹਾਂ ਨੇ ਘਰ ਵਿਚ ਪਏ ਸਾਰੇ ਸਾਮਾਨ ਬਾਰੇ ਜਾਣਕਾਰੀ ਲੁਟੇਰਿਆਂ ਨੂੰ ਦੇ ਦਿੱਤੀ। ਲੁਟੇਰੇ ਕਰੀਬ ਡੇਢ ਘੰਟਾ ਉਨ੍ਹਾਂ ਦੇ ਘਰ ਅੰਦਰ ਫਰੋਲਾ-ਫਰਾਲੀ ਕਰਦੇ ਰਹੇ ਤੇ ਕਰੀਬ 3 ਕਰੋੜ ਦੇ ਗਹਿਣੇ, 40 ਲੱਖ ਰੁਪਏ ਨਕਦੀ, ਮਹਿੰਗੇ ਮੋਬਾਈਲ ਫੋਨ ਲੈ ਕੇ ਫ਼ਰਾਰ ਹੋ ਗਏ ਅਤੇ ਜਾਂਦੇ ਜਾਂਦੇ ਕੈਮਰਿਆਂ ਦੇ ਡੀ. ਵੀ. ਆਰ. ਵੀ ਨਾਲ ਲੈ ਗਏ ਜਿਸ ਤੋਂ ਬਾਅਦ ਪਰਿਵਾਰ ਵੱਲੋਂ ਇਸ ਘਟਨਾ ਦੀ ਸੂਚਨਾ ਪੁਲਸ ਨੂੰ ਦਿੱਤੀ ਗਈ ਅਤੇ ਪੁਲਸ ਵੱਲੋਂ ਮੌਕੇ 'ਤੇ ਪਹੁੰਚ ਕੇ ਛਾਣਬੀਣ ਕੀਤੀ ਗਈ। ਪਰਵਾਰ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਲੁਟੇਰਿਆਂ ਨੂੰ ਜਲਦ ਕਾਬੂ ਕੀਤਾ ਜਾਵੇ। ਮੌਕੇ 'ਤੇ ਪਹੁੰਚੇ ਐੱਸ. ਐੱਸ. ਪੀ. ਆਦਿਤਿਆ ਵੱਲੋਂ ਘਟਨਾ ਦਾ ਜਾਇਜ਼ਾ ਲਿਆ ਗਿਆ ਅਤੇ ਪਰਿਵਾਰ ਨਾਲ ਗੱਲਬਾਤ ਕੀਤੀ ਗਈ।

ਉਨ੍ਹਾਂ ਕਿਹਾ ਕਿ ਇਸ ਘਟਨਾ ਸਬੰਧੀ ਪੁਲਸ ਨੂੰ ਕੁਝ ਸੁਰਾਗ ਮਿਲੇ ਹਨ ਅਤੇ ਜਲਦ ਹੀ ਦੋਸ਼ੀਆਂ ਤੱਕ ਪਹੁੰਚ ਕੇ ਉਨ੍ਹਾਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ।

## ਨਾਬਾਲਗ ਸਮੇਤ ਛੇ ਮੁਲਜ਼ਮ ਪੰਜ ਪਿਸਤੌਲਾਂ ਸਣੇ ਗ੍ਰਿਫ਼ਤਾਰ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਪੰਜ ਆਧੁਨਿਕ ਪਿਸਤੌਲਾਂ ਤੇ ਇਕ ਤੇਜ਼ਧਾਰ ਹਥਿਆਰ ਸਮੇਤ ਛੇ ਵਿਅਕਤੀਆਂ, ਜਿਨ੍ਹਾਂ ਵਿਚੋਂ ਇਕ ਨਾਬਾਲਗ ਹੈ, ਨੂੰ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਡਾਇਰੈਕਟਰ ਜਨਰਲ ਆਫ਼ ਪੁਲਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਰੋਹਿਤ ਕੁਮਾਰ (18) ਵਾਸੀ ਮਕਬੂਲਪੁਰਾ, ਅੰਮ੍ਰਿਤਸਰ; ਕਰਨਬੀਰ ਸਿੰਘ ਉਰਫ਼ ਅਜੈ (24) ਵਾਸੀ ਪਿੰਡ ਕਾਲੇ ਤਰਨਤਾਰਨ; ਜਸ਼ਨਦੀਪ ਸਿੰਘ ਉਰਫ਼ ਗਿਆਨੀ (18), ਓਂਕਾਰ ਸਿੰਘ ਉਰਫ਼ ਵੰਸ਼ (21) ਤੇ ਆਕਾਸ਼ਦੀਪ ਸਿੰਘ (24), ਤਿੰਨੋਂ ਵਾਸੀ ਪਿੰਡ ਮੜੀਮੇਘਾ, ਤਰਨਤਾਰਨ ਅਤੇ 16 ਸਾਲਾ ਨਾਬਾਲਗ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਹਥਿਆਰਾਂ ਵਿਚ ਇਕ .30 ਬੋਰ, ਇਕ 9 ਐੱਮ.ਐੱਮ. ਗਲੌਕ, ਇਕ .30 ਬੋਰ ਪੀ.ਐਕਸ5, ਇਕ 9 ਐੱਮ.ਐੱਮ. ਟੌਰਸ ਤੇ ਇਕ 9 ਐੱਮ.ਐੱਮ ਗ੍ਰੇਟਾ (ਪਾਕਿਸਤਾਨ ਵਿਚ ਬਣਿਆ) ਅਤੇ 34 ਜ਼ਿੰਦਾ ਕਾਰਤੂਸ ਸ਼ਾਮਲ ਹਨ। ਡੀ.ਜੀ.ਪੀ. ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸੋਸ਼ਲ ਮੀਡੀਆ ਰਾਹੀਂ ਪਾਕਿਸਤਾਨ ਅਧਾਰਤ ਤਸਕਰਾਂ ਦੇ ਸੰਪਰਕ ਵਿਚ ਸਨ ਅਤੇ ਡਰੋਨ ਰਾਹੀਂ ਸਰਹੱਦ ਪਾਰੋਂ ਹਥਿਆਰਾਂ ਦੀ ਖੇਪ ਪ੍ਰਾਪਤ ਕਰਦੇ ਸਨ। ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਹਥਿਆਰਾਂ ਦੀ ਖੇਪ ਪ੍ਰਾਪਤ ਕਰਕੇ ਵੱਖ-ਵੱਖ ਖੇਤਰਾਂ 'ਚ ਉਨ੍ਹਾਂ ਦੀ ਸਪਲਾਈ ਕਰਦੇ ਸਨ।

ਕਮਿਸ਼ਨਰ ਆਫ਼ ਪੁਲਸ (ਸੀ.ਪੀ.) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਾਰਵਾਈ ਸਬੰਧੀ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਗਸ਼ਤ ਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੌਰਾਨ ਤੇਜ਼ੀ ਨਾਲ ਕਾਰਵਾਈ ਕਰਦਿਆਂ ਪੁਲਸ ਟੀਮਾਂ ਨੇ ਰੋਹਿਤ ਕੁਮਾਰ ਨੂੰ ਇਕ ਨਾਬਾਲਗ ਸਮੇਤ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ ਇਕ .30 ਬੋਰ ਪਿਸਤੌਲ ਤੇ ਇਕ ਤੇਜ਼ਧਾਰ ਹਥਿਆਰ ਬਰਾਮਦ ਕੀਤਾ। ਉਨ੍ਹਾਂ ਕਿਹਾ ਕਿ ਪੁੱਛਗਿੱਛ ਦੌਰਾਨ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਨੇ ਖੁਲਾਸਾ ਕੀਤਾ ਕਿ ਇਹ ਗੈਰ-ਕਾਨੂੰਨੀ ਹਥਿਆਰ ਉਨ੍ਹਾਂ ਨੂੰ ਕਰਨਬੀਰ ਉਰਫ਼ ਅਜੈ ਨੇ ਸਪਲਾਈ ਕੀਤਾ ਸੀ। ਉਨ੍ਹਾਂ ਅੱਗੇ ਦੱਸਿਆ ਕਿ ਇਸ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਪੁਲਸ ਟੀਮਾਂ ਨੇ ਉਕਤ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ।

## ਇੱਕ ਚੇਤ ਨੂੰ ਸਜਾਇਆ ਜਾਵੇਗਾ ਨਾਨਕਸ਼ਾਹੀ ਨਗਰ ਕੀਰਤਨ



ਧਾਰੀਵਾਲ, (ਮਨਦੀਪ ਵਿੱਕੀ)- ਨਾਨਕ ਸ਼ਾਹੀ ਸਿੱਖ ਸੇਵਾ ਸੋਸਾਇਟੀ ਦੇ ਅਹੁਦੇਦਾਰਾਂ ਦੀ ਧਾਰੀਵਾਲ ਵਿਖੇ ਹੋਈ ਮੀਟਿੰਗ ਇਸ ਮੀਟਿੰਗ ਦੀ ਜਾਣਕਾਰੀ ਦਿੰਦੇ ਹੋਏ ਸੰਸਥਾ ਦੇ ਪ੍ਰੈਸ ਸਕੱਤਰ ਇੰਜੀਨੀਅਰ ਜਤਿੰਦਰ ਪਾਲ ਸਿੰਘ ਜੇਪੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਦੱਸਿਆ ਕਿ 29 ਅਤੇ 30 ਫੱਗਣ ਨੂੰ ਦੋ ਦਿਨ ਦਾ ਗੁਰਮਤਿ ਸਮਾਗਮ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦੀ ਚਰਨ ਛੋਹ ਧਰਤੀ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ।ਇੱਕ ਚੇਤ 14 ਮਾਰਚ ਨੂੰ ਇੱਕ ਵਿਸ਼ਾਲ ਨਾਨਕ ਸ਼ਾਹੀ ਨਗਰ ਕੀਰਤਨ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਤੋਂ ਨਿਹੰਗ ਸਿੱਖ ਜਥੇਬੰਦੀਆਂ ਦੀ ਅਗਵਾਈ ਵਿੱਚ ਕੱਢਿਆ ਜਾ ਰਿਹਾ ਹੈ।ਇਸੇ ਸੰਬੰਧ ਵਿੱਚ ਧਾਰੀਵਾਲ ਤੇ ਆਸ ਪਾਸ ਦੇ ਪਿੰਡਾਂ ਦੇ ਗੁਰਦੁਆਰਿਆਂ ਵਿੱਚ ਸੰਪਰਕ ਕੀਤਾ ਜਾ ਰਿਹਾ ਹੈ।ਇਸ ਮੌਕੇ ਤੇ ਸੰਸਥਾ ਦੇ ਸਰਪ੍ਰਸਤ ਜਥੇਦਾਰ ਨਿਰਵੈਰ ਸਿੰਘ, ਸੰਸਥਾ ਦੇ ਪ੍ਰਧਾਨ ਜਥੇਦਾਰ ਬਲਦੇਵ ਸਿੰਘ ਨਿਮਾਣਾ, ਡਾਕਟਰ ਕਮਲਜੀਤ ਸਿੰਘ ਕੇਜੇ ਸਹਾਇਕ ਮੁੱਖ ਸੇਵਾਦਾਰ, ਇੰਜੀਨੀਅਰ ਜਤਿੰਦਰ ਪਾਲ ਸਿੰਘ ਜੇਪੀ ਪ੍ਰੈਸ ਸਕੱਤਰ, ਖਜਾਨਚੀ ਹਰਪ੍ਰੀਤ ਸਿੰਘ ਸੱਭਰਵਾਲ, ਦਲਜੀਤ ਸਿੰਘ ਤੇ ਗੁਰਮੇਜ ਸਿੰਘ ਐਕਟਿਵ ਮੈਂਬਰ ਹਾਜ਼ਰ ਸਨ।

# ਨਵੇਂ ਵਿਦਿਆਰਥੀਆਂ ਦਾ ਫਰੈਸ਼ਰ ਪਾਰਟੀ ਨਾਲ ਸਵਾਗਤ



ਛੇਹਰਟਾ, (ਮਨੋਜ ਕੁਮਾਰ)-ਝਬਾਲ ਰੋਡ ਸਥਿਤ ਸ੍ਰੀ ਗੁਰੂ ਅਰਜਨ ਦੇਵ ਇੰਸਟੀਚਿਊਟ ਵਿਚ ਏ.ਐੱਨ.ਐੱਮ., ਜੀ.ਐੱਨ.ਐੱਮ. ਤੇ ਬੀ.ਐੱਸ.ਸੀ. ਨਰਸਿੰਗ ਦੇ ਨਵੇਂ ਦਾਖ਼ਲ ਹੋਇਆ ਵਿਦਿਆਰਥੀਆਂ ਦੇ ਸਵਾਗਤ ਲਈ ਫਰੈਸ਼ਰ ਪਾਰਟੀ ਕੀਤਾ ਗਈ। ਸੰਸਥਾ ਦੀ ਡਾਇਰੈਕਟਰ ਰਾਧਿਕਾ ਚੁੱਘ ਇਸ ਸਮਾਗਮ ਵਿਚ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਸਮਾਗਮ ਦੀ ਸ਼ੁਰੂਆਤ ਜੋਤੀ ਜਗਾ ਕੇ ਕੀਤੀ ਗਈ। ਉਪਰੰਤ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ। ਬਤੌਰ ਮੁੱਖ ਮਹਿਮਾਨ ਪੁੱਜੇ ਹਿੰਦੂ ਕਾਲਜ ਦੀ ਸਹਾਇਕ ਪ੍ਰੋਫੈਸਰ ਡਾ. ਨੇਹਾ ਸੇਠੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਰਸਿੰਗ ਸਿਰਫ਼ ਇਕ ਪੇਸ਼ਾ ਨਹੀਂ ਹੈ, ਸਗੋਂ ਸੇਵਾ ਤੇ ਸਮਰਪਣ ਦਾ ਮਾਰਗ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ, ਅਨੁਸ਼ਾਸਨ ਤੇ ਸੰਵੇਦਨਸ਼ੀਲਤਾ ਨਾਲ ਆਪਣੇ ਕਰੀਅਰ ਨੂੰ ਅੱਗੇ ਵਧਾਉਣ ਲਈ ਉਤਸ਼ਾਹਿਤ ਕੀਤਾ। ਡਾਇਰੈਕਟਰ ਰਾਧਿਕਾ ਚੁੱਘ ਨੇ ਕਿਹਾ ਕਿ ਸੰਸਥਾ ਦਾ ਟੀਚਾ ਸਿਰਫ਼ ਅਕਾਦਮਿਕ ਗਿਆਨ ਪ੍ਰਦਾਨ ਕਰਨਾ ਨਹੀਂ, ਸਗੋਂ ਸੰਵੇਦਨਸ਼ੀਲ ਤੇ ਜ਼ਿੰਮੇਵਾਰ ਸਿਹਤ ਮੁਲਾਜ਼ਮ ਤਿਆਰ ਕਰਨਾ ਹੈ ਜੋ ਸਮਾਜ ਦੀ ਸੇਵਾ ਨੂੰ ਧਰਮ ਸਮਝਣ।

ਨਵੇਂ ਦਾਖਲ ਹੋਏ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੇ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਸੰਸਥਾ ਦੇ ਸਟਾਫ ਮੈਂਬਰ ਮੋਨਿਕਾ ਤਲਵਾੜ, ਸੁਨੇਹਾ, ਪਾਇਲ, ਅਰਸ਼ਪ੍ਰੀਤ, ਜਸ਼ਨ, ਸਵਿਤਾ ਸ਼ਰਮਾ, ਆਂਚਲ, ਅਨਮੋਲ ਤੇ ਉਬੈਦ ਵੀ ਮੌਜੂਦ ਸਨ।

## ਵਾਈਸ ਚੇਅਰਮੈਨ ਖਿੱਦੋਵਾਲੀ ਗੁ. ਗੁਰੂ ਕੀ ਬੇਰ ਸਾਹਿਬ ਵਿਖੇ ਹੋਏ ਨਤਮਸਤਕ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਬਲਾਕ ਮਜੀਠਾ-2 ਦੇ ਨਵ-ਨਿਯੁਕਤ ਵਾਈਸ ਚੇਅਰਮੈਨ ਸਿਕੰਦਰ ਸਿੰਘ ਖਿੱਦੋਵਾਲੀ ਗੁਰੂ ਘਰ ਦਾ ਸ਼ੁਕਰਾਨਾ ਕਰਨ ਲਈ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਨਤਮਸਤਕ ਹੋਏ ਅਤੇ ਗੁਰੂ ਘਰ ਵਿੱਚ ਮੱਥਾ ਟੇਕ ਕੇ ਸ਼ੁਕਰਾਨਾ ਕੀਤਾ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਵੱਲੋਂ ਚੇਅਰਮੈਨ ਸਿਕੰਦਰ ਸਿੰਘ ਖਿੱਦੋਵਾਲੀ ਅਤੇ ਉਨ੍ਹਾਂ ਦੇ ਨਾਲ ਆਏ ਹੋਏ ਹੋਰ ਆਗੂਆਂ ਨੂੰ ਸਰੋਪੇ ਦੇ ਕੇ ਸਨਮਾਨਿਤ ਕਰਦਿਆਂ ਆਸ਼ੀਰਵਾਦ ਦਿੱਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਸਿਕੰਦਰ ਸਿੰਘ ਖਿੱਦੋਵਾਲੀ ਨੇ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਮਜੀਠਾ ਹਲਕੇ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੇ ਰਿਣੀ ਹਨ ਜਿਨ੍ਹਾਂ ਨੇ ਇਸ ਗਰੀਬ ਨੂੰ ਅਹੁਦਾ ਦੇ ਕੇ ਨਿਵਾਜਿਆ ਹੈ ਤੇ ਉਹ ਆਪਣੇ ਤੇ ਸੌਂਪੀ ਹੋਈ ਜ਼ਿੰਮੇਵਾਰੀ ਨੂੰ ਤਨ ਦੇਈ ਨਾਲ ਨਿਭਾ ਕੇ ਪਾਰਟੀ ਪ੍ਰਤੀ ਫਰਜ਼ ਅਦਾ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਚਿੱਤਰ ਸਿੰਘ ਫੌਜੀ ਖਿੱਦੋਵਾਲੀ, ਮਹਿਤਾਬ ਸਿੰਘ ਫੌਜੀ ਖਿੱਦੋਵਾਲੀ, ਬਿਕਰਮਜੀਤ ਸਿੰਘ ਮੈਂਬਰ ਪੰਚਾਇਤ ਖਿੱਦੋਵਾਲੀ, ਗੁਰਮੇਜ਼ ਸਿੰਘ ਖਿੱਦੋਵਾਲੀ, ਬਲਾਕ ਸਿੰਘ, ਰਾਜਵਿੰਦਰ ਸਿੰਘ ਰਾਜੂ, ਸੁੱਚਾ ਸਿੰਘ ਖਿੱਦੋਵਾਲੀ, ਗੁਰਵਿੰਦਰ ਸਿੰਘ ਖਿੱਦੋਵਾਲੀ, ਕੇਵਲ ਸਿੰਘ, ਬਲਜਿੰਦਰ ਸਿੰਘ, ਦਿਲਾਵਰ ਸਿੰਘ ਖਿੱਦੋਵਾਲੀ, ਨਰਿੰਦਰ ਸਿੰਘ ਭੋਏ, ਹਰਮਨ ਖਿੱਦੋਵਾਲੀ, ਜੋਬਨਜੀਤ ਸਿੰਘ, ਰਣਜੀਤ ਸਿੰਘ ਰਾਣਾ, ਲਵਪ੍ਰੀਤ ਸਿੰਘ ਅਤੇ ਹੋਰ ਆਗੂ ਵੀ ਸਿਕੰਦਰ ਸਿੰਘ ਚੇਅਰਮੈਨ ਨਾਲ ਹਾਜ਼ਰ ਸਨ।

## ਥਾਣੇਦਾਰ ਨਰਿੰਦਰ ਸਿੰਘ ਵੱਲੋਂ ਗੁ. ਟਾਹਲੀ ਸਾਹਿਬ ਨੂੰ ਇੱਕ ਲੱਖ ਰੁਪਏ ਭੇਟ

ਮਜੀਠਾ (ਸੋਇਮ ਆਨੰਦ)-ਮਜੀਠਾ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨਛੋਹ ਪ੍ਰਾਪਤ ਗੁਰਦੁਆਰਾ ਟਾਹਲੀ ਸਾਹਿਬ ਜੀ ਸ਼ਾਮਨਗਰ ਦੇ ਪ੍ਰਧਾਨ ਸਵ. ਬਲਵਿੰਦਰ ਸਿੰਘ ਰੰਧਾਵਾ ਦੀ ਯਾਦ ਨੂੰ ਸਮਰਪਿਤ ਇੱਕ ਧਾਰਮਿਕ ਸਮਾਗਮ ਕਰਾਇਆ ਗਿਆ ਜਿਸ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਖੁੱਲੇ ਪੰਡਾਲ ਵਿੱਚ ਕੀਰਤਨ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਜਥਿਆਂ ਤੇ ਕਥਾਵਾਚਕ ਪ੍ਰਚਾਰਕਾਂ ਵੱਲੋਂ ਸੰਗਤਾਂ ਨੂੰ ਗੁਰਇਤਿਹਾਸ ਨਾਲ ਜੋੜਿਆ ਗਿਆ। ਇਸ ਮੌਕੇ ਜਸ਼ਨਦੀਪ ਸਿੰਘ ਤੇ ਜਗਦੀਪ ਸਿੰਘ ਵੱਲੋਂ ਆਪਣੇ ਦਾਦਾ ਬਲਵਿੰਦਰ ਸਿੰਘ ਰੰਧਾਵਾ ਦੀ ਯਾਦ ਵਿੱਚ ਗੁਰਦੁਆਰਾ ਟਾਹਲੀ ਸਾਹਿਬ ਨੂੰ ਇੱਕ ਲੱਖ ਰੁਪਏ ਦੀ ਰਾਸ਼ੀ ਦੇਣ ਦਾ ਐਲਾਨ ਕੀਤਾ ਹੈ।

ਇਸ ਮੌਕੇ ਪ੍ਰਬੰਧਕਾਂ ਵੱਲੋਂ ਰਾਗੀ ਸਿੰਘ, ਕਥਾਵਾਚਕ, ਪਤਵੰਤਿਆਂ ਅਤੇ ਥਾਣੇਦਾਰ ਨਰਿੰਦਰ ਸਿੰਘ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗ੍ਰੰਥੀ ਗੁਰਦੀਪ ਸਿੰਘ, ਸੈਕਟਰੀ ਬਲਕਾਰ ਸਿੰਘ, ਸਰਪੰਚ ਬਿਕਰਮਜੀਤ ਸਿੰਘ, ਸਾਬਕਾ ਸਰਪੰਚ ਹਰਿੰਦਰ ਸਿੰਘ, ਨੰਬਰਦਾਰ ਗੁਰਦੇਵ ਸਿੰਘ, ਨਰਿੰਦਰ ਸਿੰਘ ਰੰਧਾਵਾ, ਬਲਦੇਵ ਸਿੰਘ ਬਿੱਕਾ, ਸਾਬਕਾ ਸਰਪੰਚ ਜੋਗਿੰਦਰ ਸਿੰਘ, ਅਵਤਾਰ ਸਿੰਘ, ਰਾਜਨਦੀਪ ਸਿੰਘ, ਗੁਰਜੰਟ ਸਿੰਘ, ਏਕਮਪ੍ਰੀਤ ਸਿੰਘ, ਮਨਰੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਸੇਖਵਾਂ ਨੇ ਡੇਅਰੀਵਾਲ ਦਰੋਗਾ 'ਚ ਨਵੀਂ ਸੜਕ ਦਾ ਰੱਖਿਆ ਨੀਂਹ ਪੱਥਰ



ਧਾਰੀਵਾਲ, (ਮਨਦੀਪ ਵਿੱਕੀ)-ਵਿਧਾਨ ਸਭਾ ਹਲਕਾ ਕਾਦੀਆਂ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਹਲਕੇ ਅੰਦਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਲੜੀ ਤਹਿਤ ਪਿੰਡ ਡੇਅਰੀਵਾਲ ਦਰੋਗਾ ਵਿੱਚ ਨਵੀਂ ਸੜਕ, ਜਿਸ ਦੀ ਲਾਗਤ ਲਗਭਗ 30 ਲੱਖ ਰੁਪਏ ਆਉਣੀ ਹੈ, ਦਾ ਨੀਂਹ ਪੱਥਰ ਰੱਖਿਆ ਗਿਆ।ਇਸ ਮੌਕੇ ਜੋਬਨ ਰੰਧਾਵਾ, ਚੇਅਰਮੈਨ ਜ਼ਿਲ੍ਹਾ ਪਲਾਨਿੰਗ ਕਮੇਟੀ ਗੁਰਦਾਸਪੁਰ ਸਮੇਤ ਹਲਕੇ ਦੀਆਂ ਵੱਖ-ਵੱਖ ਸਖ਼ਸ਼ੀਅਤਾਂ ਮੌਜੂਦ ਸਨ।ਇਸ ਮੌਕੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਇਹ ਸੜਕ ਅੰਤਰਰਾਸ਼ਟਰੀ ਖਿਡਾਰੀ ਵਰਿੰਦਰ ਸਿੰਘ ਜੌਹਲ ਦੇ ਘਰ ਤੱਕ ਬਣਾਈ ਜਾ ਰਹੀ ਹੈ, ਜਿਸ ਨਾਲ ਪਿੰਡ ਦੇ ਲੋਕਾਂ ਨੂੰ ਵੀ ਆਵਾਜਾਈ ਵਿੱਚ ਵੱਡੀ ਸੁਵਿਧਾ ਮਿਲੇਗੀ।ਇਸ ਮੌਕੇ ਉਹ ਅੰਤਰਰਾਸ਼ਟਰੀ ਖਿਡਾਰੀ ਵਰਿੰਦਰ ਸਿੰਘ ਜੌਹਲ ਦੇ ਘਰੇ ਵੀ ਗਏ ਅਤੇ ਪਰਿਵਾਰ ਨਾਲ ਮੁਲਾਕਾਤ ਕਰਦਿਆਂ ਕਿਹਾ ਕਿ ਖਿਡਾਰੀ ਸਾਡਾ ਮਾਣ ਹਨ, ਜਿਨ੍ਹਾਂ ਵੱਲੋਂ ਆਪਣੇ ਇਲਾਕੇ ਦਾ ਨਾਮ ਦੇਸ਼-ਵਿਦੇਸ਼ ਦੀ ਧਰਤੀ ਤੱਕ ਪਹੁੰਚਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਕਾਦੀਆਂ ਦੇ ਸਰਬਪੱਖੀ ਵਿਕਾਸ ਲਈ ਉਹ ਵਚਨਬੱਧ ਹਨ ਅਤੇ ਦਿਨ ਰਾਤ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਚੁਣੀਆਂ ਗਈਆਂ ਨਵੀਆਂ ਪੰਚਾਇਤਾਂ ਰਾਹੀਂ ਪਿੰਡ ਵਾਸੀਆਂ ਦੀ ਸਹੂਲਤ ਲਈ ਵੱਖ ਵੱਖ ਵਿਕਾਸ ਕਾਰਜ ਜਾਰੀ ਹਨ ਅਤੇ ਹਲਕੇ ਅੰਦਰ ਵਿਕਾਸ ਦੀ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਇਸ ਮੌਕੇ ਸੀਨੀਅਰ ਆਗੂ ਮਨਿੰਦਰਪਾਲ ਸਿੰਘ ਘੁੰਮਣ, ਪਿੰਡ ਡੇਰੀਵਾਲ ਦਰੋਗਾ ਦੇ ਸਰਪੰਚ ਸੂਬੇਦਾਰ ਜਗਤਾਰ ਸਿੰਘ, ਸੰਮਤੀ ਮੈਂਬਰ ਸ਼ਿੰਗਾਰਾ ਸਿੰਘ ਠੱਕਰ ਸੰਧੂ, ਸੁਖਜੀਤ ਸਿੰਘ ਘੁੰਮਣ, ਪੀਡਬਲਯੂ ਡੀ ਐਕਸੀਅਨ ਨਿਰਮਲ ਸਿੰਘ ਭੰਗੂ, ਐੱਸਡੀਓ ਬਲਵਿੰਦਰ ਸਿੰਘ, ਪ੍ਰੋਫੈਸਰ ਹਰਭਜਨ ਸਿੰਘ ਸੇਖੋਂ, ਅਰਸ਼ਦੀਪ ਸਿੰਘ, ਬਿਕਰਮਜੀਤ ਸਿੰਘ ਪੰਚ, ਮਹਿਕਦੇ ਮਸੀਹ ਪੰਚ, ਪਦਮ ਕੁਮਾਰ ਪੰਚ, ਵਰਿੰਦਰ ਕੁਮਾਰ, ਸਰਪੰਚ ਸੁਖਚੈਨ ਸਿੰਘ ਧਾਰੀਵਾਲ ਕਲਾਂ, ਬਾਬਾ ਅਜੈਬ ਸਿੰਘ ਧਾਰੀਵਾਲ ਕਲਾ ਆਦਿ ਤੋਂ ਇਲਾਵਾ ਵੀ ਪਿੰਡ ਵਾਸੀ ਅਤੇ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।

## ਅਨੁਸੂਚਿਤ ਜਾਤੀਆਂ ਦੇ 4,817 ਲਾਭਪਾਤਰੀਆਂ ਲਈ 24.57 ਕਰੋੜ ਰੁਪਏ ਜਾਰੀ : ਟੌਂਗ



ਬਿਆਸ (ਪਰਮਜੀਤ ਸਿੰਘ ਰੱਖੜਾ)-ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੱਛੜੇ ਵਰਗਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਲਈ ਯੋਜਨਾਬੱਧ ਭਲਾਈ ਸਕੀਮਾਂ ਰਾਹੀਂ ਲਗਾਤਾਰ ਕੰਮ ਕਰ ਰਹੀ ਹੈ।ਇਸੇ ਦਿਸ਼ਾ ਵਿੱਚ ਕੰਮ ਕਰਦਿਆਂ ਪੰਜਾਬ ਸਰਕਾਰ ਨੇ ਅਸ਼ੀਰਵਾਦ ਸਕੀਮ ਤਹਿਤ ਚਾਲੂ ਵਿੱਤੀ ਸਾਲ 202526 ਦੌਰਾਨ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਧੀਆਂ ਦੇ ਵਿਆਹ ਲਈ 4,817 ਯੋਗ ਲਾਭਪਾਤਰੀਆਂ ਨੂੰ 24.57 ਕਰੋੜ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਹੈ।ਜਾਣਕਾਰੀ ਦਿੰਦਿਆਂ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਦੱਸਿਆ ਕਿ ਅੰਮ੍ਰਿਤਸਰ, ਬਰਨਾਲਾ, ਫਰੀਦਕੋਟ, ਸ੍ਰੀ ਫਤਿਹਗੜ੍ਹ ਸਾਹਿਬ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਲੁਧਿਆਣਾ, ਮੋਗਾ, ਸ੍ਰੀ ਮੁਕਤਸਰ ਸਾਹਿਬ, ਪਟਿਆਲਾ, ਐੱਸਏਐੱਸ ਨਗਰ, ਸੰਗਰੂਰ, ਮਾਲੇਰਕੋਟਲਾ ਅਤੇ ਤਰਨਤਾਰਨ ਇਨ੍ਹਾਂ 15 ਜ਼ਿਲ੍ਹਿਆਂ ਤੋਂ ਕੁੱਲ 4,817 ਅਰਜ਼ੀਆਂ ਅਸ਼ੀਰਵਾਦ ਪੋਰਟਲ ਰਾਹੀਂ ਪ੍ਰਾਪਤ ਹੋਈਆਂ, ਜਿਨ੍ਹਾਂ ਸਭ ਨੂੰ ਕਵਰ ਕਰਦਿਆਂ ਇਹ ਰਾਸ਼ੀ ਜਾਰੀ ਕੀਤੀ ਗਈ ਹੈ।ਸ੍ਰੀ ਅੰਮ੍ਰਿਤਸਰ ਸਾਹਿਬ ਦੇ 739, ਬਰਨਾਲਾ ਦੇ 172, ਫਰੀਦਕੋਟ ਦੇ 190, ਸ੍ਰੀ ਫਤਿਹਗੜ੍ਹ ਸਾਹਿਬ ਦੇ 124, ਗੁਰਦਾਸਪੁਰ ਦੇ 437, ਹੁਸ਼ਿਆਰਪੁਰ ਦੇ 471 ਅਤੇ ਜਲੰਧਰ ਦੇ 135 ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ।ਇਸੇ ਤਰ੍ਹਾਂ ਲੁਧਿਆਣਾ (272), ਮੋਗਾ (260), ਸ੍ਰੀ ਮੁਕਤਸਰ ਸਾਹਿਬ (410), ਪਟਿਆਲਾ (519), ਐੱਸ.ਏ.ਐੱਸ. ਨਗਰ (124), ਸੰਗਰੂਰ (305), ਮਾਲੇਰਕੋਟਲਾ (98) ਅਤੇ ਤਰਨਤਾਰਨ (561) ਦੇ ਲਾਭਪਾਤਰੀਆਂ ਨੂੰ ਵੀ ਇਸ ਸਕੀਮ ਅਧੀਨ ਲਾਭ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਅਸ਼ੀਰਵਾਦ ਸਕੀਮ ਤਹਿਤ ਘੱਟ ਆਮਦਨ ਵਾਲੇ ਪਰਿਵਾਰਾਂ ਨਾਲ ਸਬੰਧਤ ਧੀਆਂ ਦੇ ਵਿਆਹ ਲਈ 51,000 ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ।ਉਨ੍ਹਾਂ ਸਪਸ਼ਟ ਕੀਤਾ ਕਿ ਇਸ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਦਾ ਪੰਜਾਬ ਦਾ ਸਥਾਈ ਨਿਵਾਸੀ ਹੋਣਾ, ਗਰੀਬੀ ਰੇਖਾ ਤੋਂ ਹੇਠਾਂ ਆਉਂਦਾ ਹੋਣਾ ਅਤੇ ਅਨੁਸੂਚਿਤ ਜਾਤੀ, ਪੱਛੜੀ ਸ਼੍ਰੇਣੀ ਜਾਂ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਨਾਲ ਸਬੰਧਤ ਹੋਣਾ ਲਾਜ਼ਮੀ ਹੈ। ਜਿਨ੍ਹਾਂ ਪਰਿਵਾਰਾਂ ਦੀ ਸਾਲਾਨਾ ਆਮਦਨ 32,790 ਤੋਂ ਘੱਟ ਹੈ, ਉਨ੍ਹਾਂ ਦੀਆਂ ਦੋ ਧੀਆਂ ਤੱਕ ਇਸ ਸਕੀਮ ਦਾ ਲਾਭ ਲੈ ਸਕਦੀਆਂ ਹਨ।

## ਸ਼੍ਰੋਮਣੀ ਅਕਾਲੀ ਦਲ ਦੇ ਲੋਕ-ਪੱਖੀ ਏਜੰਡੇ ਨੂੰ ਘਰ-ਘਰ ਪਹੁੰਚਾਉਣ ਲਈ ਵਚਨਬੱਧ : ਬ੍ਰਹਮਪੁਰਾ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਵਿਧਾਨ ਸਭਾ ਹਲਕਾ ਖਡੂਰ ਸਾਹਿਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਜਥੇਬੰਦਕ ਢਾਂਚੇ ਨੂੰ ਹੋਰ ਸਰਗਰਮ ਕਰਨ ਦੇ ਉਦੇਸ਼ ਨਾਲ ਪਿੰਡ ਕੱਲ੍ਹਾ ਵਿਖੇ ਸਰਪੰਚ ਬਲਦੇਵ ਸਿੰਘ ਦੇ ਗ੍ਰਹਿ ਵਿਖੇ ਪਾਰਟੀ ਦੇ ਉਚ ਅਹੁਦੇਦਾਰਾਂ ਅਤੇ ਚੁਣੇ ਹੋਏ ਨੁਮਾਇੰਦਿਆਂ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ।ਇਸ ਮੌਕੇ ਹੋਏ ਭਾਰੀ ਇਕੱਠ ਨੇ ਸਾਬਤ ਕਰ ਦਿੱਤਾ ਕਿ ਹਲਕੇ ਦੇ ਸਮੂਹ ਵਰਕਰ ਅਤੇ ਆਗੂ ਪੂਰੀ ਤਰ੍ਹਾਂ ਇੱਕਮੁੱਠ ਹਨ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ, ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਕਿਹਾ ਕਿ ਅਕਾਲੀ ਦਲ ਦੀ ਅਸਲੀ ਤਾਕਤ ਪਿੰਡਾਂ ਦੀਆਂ ਸੱਥਾਂ ਵਿੱਚ ਬੈਠਾ ਮਿਹਨਤੀ ਵਰਕਰ ਹੈ।ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਪੰਜਾਬ ਪੱਖੀ ਸੋਚ ਅਤੇ ਪਾਰਟੀ ਦੇ ਉਸਾਰੂ ਸੋਚ ਨੂੰ ਹਰ ਘਰ ਤੱਕ ਪਹੁੰਚਾਉਣਾ ਸਾਡਾ ਮੁੱਖ ਟੀਚਾ ਹੈ।ਉਨ੍ਹਾਂ ਦੱਸਿਆ ਕਿ ਬਲਾਕ ਚੋਣਾਂ ਵਿੱਚ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੀ ਚੋਣ ਸਬੰਧੀ ਰਣਨੀਤੀ ਪੂਰੀ ਤਰ੍ਹਾਂ ਮੁਕੰਮਲ ਹੈ।ਇਸ ਮੀਟਿੰਗ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਜਥੇਦਾਰ ਦਲਬੀਰ ਸਿੰਘ ਜਹਾਂਗੀਰ ਅਤੇ ਯੂਥ ਅਕਾਲੀ ਦਲ ਦੀ ਕੋਰ ਕਮੇਟੀ ਦੇ ਮੈਂਬਰ ਗੁਰਸੇਵਕ ਸਿੰਘ ਸ਼ੇਖ ਨੇ ਸਾਂਝੇ ਤੌਰ 'ਤੇ ਸੰਬੋਧਨ ਕੀਤਾ।ਉਨ੍ਹਾਂ ਕਿਹਾ ਕਿ ਹਲਕਾ ਖਡੂਰ ਸਾਹਿਬ ਵਿੱਚ ਪਾਰਟੀ ਦੀ ਮਜ਼ਬੂਤੀ ਅਤੇ ਜਥੇਬੰਦਕ ਢਾਂਚੇ ਨੂੰ ਹਰਿਆਵਲ ਦੇਣ ਲਈ ਰਵਿੰਦਰ ਸਿੰਘ ਬ੍ਰਹਮਪੁਰਾ ਦਿਨ-ਰਾਤ ਇੱਕ ਕਰ ਰਹੇ ਹਨ ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸ. ਬ੍ਰਹਮਪੁਰਾ ਵੱਲੋਂ ਜ਼ਮੀਨੀ ਪੱਧਰ 'ਤੇ ਵਰਕਰਾਂ ਨੂੰ ਲਾਮਬੰਦ ਕਰਨ ਲਈ ਕੀਤੀ ਜਾ ਰਹੀ ਅਣਥੱਕ ਮਿਹਨਤ ਸਦਕਾ ਅੱਜ ਅਕਾਲੀ ਦਲ ਦਾ ਹਰ ਸਿਪਾਹੀ ਪੂਰੇ ਜੋਸ਼ ਅਤੇ ਉਤਸ਼ਾਹ ਵਿੱਚ ਹੈ।ਸ੍. ਬ੍ਰਹਮਪੁਰਾ ਨੇ ਸਨਮਾਨਿਤ ਕੀਤੇ ਗਏ ਆਗੂਆਂ ਅਤੇ ਵਰਕਰਾਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਵਰਕਰ ਹੀ ਪਾਰਟੀ ਦੀ ਅਸਲ ਤਾਕਤ ਹਨ ਅਤੇ ਉਨ੍ਹਾਂ ਦੇ ਮਾਣ-ਸਤਿਕਾਰ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ 2027 ਦੀਆਂ ਚੋਣਾਂ ਵਿੱਚ ਅਕਾਲੀ ਦਲ ਦਾ ਹਰ ਵਰਕਰ ਇੱਕਜੁੱਟ ਹੋ ਕੇ ਵਿਰੋਧੀਆਂ ਦਾ ਸਿਆਸੀ ਸਫਾਇਆ ਕਰੇਗਾ।

# ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀ ਸਾਂਝੀ ਰੈਲੀ ਭਲਕੇ



ਗੁਰਦਾਸਪੁਰ, (ਜਨਕ ਮਹਾਜਨ)-ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਗੁਰਦਾਸਪੁਰ ਦੀ ਜ਼ਿਲ੍ਹਾ ਪੱਧਰੀ ਇਕੱਤਰਤਾ ਜਵੰਦ ਸਿੰਘ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਸ਼ਹੀਦ ਬਲਜੀਤ ਸਿੰਘ ਯਾਦਗਾਰੀ ਹਾਲ ਗੁਰਦਾਸਪੁਰ ਵਿਖੇ ਹੋਈ ਜਿਸ ਦੌਰਾਨ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੇ ਫੈਸਲੇ ਦੇ ਮੱਦੇਨਜ਼ਰ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੇ ਸਾਂਝੇ ਮੋਰਚੇ ਵੱਲੋਂ 8 ਮਾਰਚ ਦਿਨ ਐਤਵਾਰ ਨੂੰ ਨੇੜੇ ਗੁਰਦੁਆਰਾ ਅੰਬ ਸਾਹਿਬ ਮੋਹਾਲੀ ਵਿਖੇ ਪੰਜਾਬ ਸਰਕਾਰ ਦੀ ਮੁਲਾਜ਼ਮ ਅਤੇ ਪੈਨਸ਼ਨਰ ਮਾਰੂ ਨੀਤੀ ਦਾ ਭਾਂਡਾ ਭੰਨਣ ਅਤੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਰੋਕਿਆ ਹੋਇਆ 16% ਡੀਏ ਫੌਰਨ ਜਾਰੀ ਕਰਨ ਤੋਂ ਇਲਾਵਾ ਛੇਵੇਂ ਪੇ-ਕਮਿਸ਼ਨ ਦੀਆਂ ਰੋਕੀਆਂ ਹੋਈਆਂ ਮੰਗਾਂ ਪੂਰਨ ਰੂਪ ਵਿਚ ਲਾਗੂ ਕਰਵਾਉਣ ਹਿਤ ਹੋ ਰਹੀ ਪੰਜਾਬ ਪੱਧਰੀ ਰੈਲੀ ਵਿਚ ਹੁੰਮ-ਹੁੰਮਾ ਕੇ ਪੁੱਜਣ ਦਾ ਫੈਸਲਾ ਲਿਆ ਗਿਆ।

ਇਸ ਮੌਕੇ ਸਮੂਹ ਪੈਨਸ਼ਨਰ ਸਾਥੀਆਂ ਨੂੰ ਇਸ ਰੈਲੀ ਨੂੰ ਸਫ਼ਲ ਬਣਾਉਣ ਹਿੱਤ ਤਨ ਮਨ ਧਨ ਨਾਲ ਜ਼ੋਰ ਲਾਉਣ ਦਾ ਸੱਦਾ ਦਿੱਤਾ ਗਿਆ।

ਇਸ ਇੱਕਤਰਤਾ ਵਿੱਚ ਜਵੰਦ ਸਿੰਘ ਜਿ: ਪ੍ਰਧਾਨ, ਸਵਿੰਦਰ ਅੱਲਖ ਜਨਰਲ ਸਕੱਤਰ, ਸੁਰੇਸ਼ ਸ਼ਰਮਾ, ਅਬਨਾਸ਼ ਸਿੰਘ, ਪਿਆਰਾ ਸਿੰਘ ਡਡਵਾਂ, ਮੰਗਤ ਚੰਚਲ, ਵਿਨੋਦ ਸ਼ਰਮਾ, ਪ੍ਰੇਮ ਨਾਥ, ਜਗਦੀਪ ਸਿੰਘ, ਮਹਿੰਦਰ ਸਿੰਘ, ਸੇਵਾ ਸਿੰਘ ਅਤੇ ਗੁਰਮੀਤ ਸਿੰਘ ਨੇ ਭਾਗ ਲਿਆ।

## ਸ਼ੈਰੀ ਕਲਸੀ ਨੇ ਲੱਖੋ ਰਾਹ ਦੇ ਸਰਪੰਚ ਨੂੰ ਵਿਕਾਸ ਕਾਰਜਾਂ ਲਈ 5 ਲੱਖ ਰੁਪਏ ਦਾ ਚੈੱਕ ਸੌਂਪਿਆ



ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਹਲਕੇ ਦੇ ਪਿੰਡਾਂ ਅੰਦਰ ਕਰੋੜਾਂ ਰੁਪਏ ਦੇ ਲਾਗਤ ਨਾਲ ਵਿਕਾਸ ਕਾਰਜ ਕਰਵਾਏ ਗਏ ਹਨ ਅਤੇ ਪਿੰਡਾਂ ਦੇ ਚਹੁੰਪੱਖੀ ਵਿਕਾਸ ਕੰਮਾਂ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ।ਵਿਧਾਇਕ ਸ਼ੈਰੀ ਕਲਸੀ ਨੇ ਪਿੰਡ ਲੱਖੋ ਰਾਹ ਦੀ ਸਰਬਸੰਮਤੀ ਨਾਲ ਚੁਣੀ ਗਈ ਪੰਚਾਇਤ ਦੇ ਸਰਪੰਚ ਹਰਜਿੰਦਰ ਸਿੰਘ ਨੂੰ ਪਿੰਡ ਦੇ ਵਿਕਾਸ ਕਾਰਜਾਂ ਲਈ 5 ਲੱਖ ਰੁਪਏ ਦਾ ਚੈੱਕ ਸੌਂਪਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਵਲੋਂ ਸਰਬਸੰਮਤੀ ਨਾਲ ਚੁਣੀਆਂ ਜਾਣ ਵਾਲੀਆਂ ਪੰਚਾਇਤਾਂ ਨਾਲ ਕੀਤੇ ਵਾਅਦੇ ਤਹਿਤ ਇਹ ਰਾਸ਼ੀ ਸੌਂਪੀ ਗਈ ਹੈ। ਇਸ ਮੌਕੇ ਚੇਅਰਮੈਨ ਮਾਨਿਕ ਮਹਿਤਾ ਵੀ ਮੌਜੂਦ ਸਨ।ਉਨ੍ਹਾਂ ਗੱਲਬਾਤ ਕਰਦਿਆਂ ਦੱਸਿਆ ਕਿ ਵਿਧਾਨ ਸਭਾ ਹਲਕਾ ਬਟਾਲਾ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਅਤੇ ਹਲਕੇ ਦੇ ਵਿਕਾਸ ਕੰਮਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ।ਉਨ੍ਹਾਂ ਕਿਹਾ ਕਿ ਬਟਾਲਾ ਹਲਕੇ ਦੇ ਲੋਕਾਂ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਚੁਣੀਆਂ ਹੋਈਆਂ ਪੰਚਾਇਤਾਂ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪਾਰਦਰਸ਼ੀ ਢੰਗ ਨਾਲ ਵਿਕਾਸ ਕਾਰਜ ਕਰਵਾਉਣ ਅਤੇ ਪਿੰਡ ਵਿੱਚ ਵਿਕਾਸ ਕਾਰਜ ਕਰਵਾਉਣ ਲਈ ਪੂਰੀ ਮਿਹਨਤ ਨਾਲ ਕੰਮ ਕਰਨ।

## ਸਰਕਾਰੀ ਹਾਈ ਸਕੂਲ ਤਲਵੰਡੀ ਭਾਰਥ 'ਚ ਕਰਵਾਇਆ ਕਰੀਅਰ ਐਂਡ ਗਾਈਡੈਂਸ ਸੈਮੀਨਾਰ



ਬਟਾਲਾ, (ਡਾ. ਮਲਵਿੰਦਰ ਸਿੰਘ)-ਵਿਦਿਆਰਥੀਆਂ ਨੂੰ ਭਵਿੱਖੀ ਪੜ੍ਹਾਈ ਦੇ ਸਹੀ ਚੋਣ-ਵਿਕਲਪਾਂ ਨਾਲ ਜਾਣੂ ਕਰਵਾਉਣ ਅਤੇ ਤਕਨੀਕੀ ਸਿੱਖਿਆ ਵੱਲ ਪ੍ਰੇਰਿਤ ਕਰਨ ਦੇ ਨਾਲ ਨਾਲ ਰੋਜ਼ਗਾਰ ਦੇ ਮੌਕਿਆਂ ਬਾਰੇ ਸਚੇਤ ਕਰਨ ਦੇ ਮਕਸਦ ਤਹਿਤ ਸਰਕਾਰੀ ਹਾਈ ਸਕੂਲ ਤਲਵੰਡੀ ਭਾਰਥ ਵਿਖੇ ਕਰੀਅਰ ਅਤੇ ਗਾਈਡੈਂਸ ਸੈਮੀਨਾਰ ਕਰਵਾਇਆ ਗਿਆ।ਇਸ ਮੌਕੇ ਸਰਕਾਰੀ ਬਹੁ-ਤਕਨੀਕੀ ਕਾਲਜ ਬਟਾਲਾ ਦੇ ਪ੍ਰਿੰਸੀਪਲ ਦਵਿੰਦਰ ਸਿੰਘ ਭੱਟੀ ਅਤੇ ਈਸੀਈ ਵਿਭਾਗ ਦੀ ਇੰਚਾਰਜ ਮੈਡਮ ਰਮਨਦੀਪ ਕੌਰ ਦੀ ਰਹਿਨੁਮਾਈ ਹੇਠ ਜਗਦੀਪ ਸਿੰਘ, ਸਾਹਿਬ ਸਿੰਘ, ਰਜਿੰਦਰ ਕੁਮਾਰ, ਰੋਹਿਤ ਵਾਡਰਾ ਅਤੇ ਤੇਜ ਪ੍ਰਤਾਪ ਸਿੰਘ ਕਾਹਲੋਂ ਵੱਲੋਂ ਵਿਦਿਆਰਥੀਆਂ ਨੂੰ ਵੱਖ-ਵੱਖ ਤਕਨੀਕੀ ਡਿਪਲੋਮਾ ਕੋਰਸਾਂ, ਦਾਖਲਾ ਪ੍ਰਕਿਰਿਆ ਅਤੇ ਯੋਗਤਾ ਮਾਪਦੰਡਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਉਨ੍ਹਾਂ ਨੇ ਦੱਸਿਆ ਕਿ ਪੌਲੀਟੈਕਨਿਕ ਸਿੱਖਿਆ ਰਾਹੀਂ ਨੌਜਵਾਨ ਛੋਟੇ ਸਮੇਂ ਵਿੱਚ ਕੌਸ਼ਲ ਹਾਸਲ ਕਰਕੇ ਰੋਜ਼ਗਾਰ ਦੇ ਵਧੀਆ ਮੌਕੇ ਪ੍ਰਾਪਤ ਕਰ ਸਕਦੇ ਹਨ।ਸੈਮੀਨਾਰ ਦੌਰਾਨ ਸਕਾਲਰਸ਼ਿਪ ਯੋਜਨਾਵਾਂ, ਸਰਕਾਰੀ ਸਹੂਲਤਾਂ ਅਤੇ ਭਵਿੱਖ ਵਿੱਚ ਉਚ ਅਧਿਐਨ ਜਾਂ ਨੌਕਰੀ ਦੇ ਖੇਤਰਾਂ ਬਾਰੇ ਵੀ ਵਿਸਥਾਰਪੂਰਵਕ ਚਰਚਾ ਕੀਤੀ ਗਈ।ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਆਪਣੇ ਕਰੀਅਰ ਸੰਬੰਧੀ ਸਵਾਲ ਪੁੱਛੇ ਅਤੇ ਮਾਹਿਰਾਂ ਤੋਂ ਰਹਿਨੁਮਾਈ ਪ੍ਰਾਪਤ ਕੀਤੀ।ਇਸ ਦੌਰਾਨ ਸਪੋਰਟਸ ਟੀਚਰ ਮਨਜੀਤ ਕੌਰ, ਸਾਇੰਸ ਅਧਿਆਪਕਾ ਸੁਖਵਿੰਦਰ ਕੌਰ, ਮੈਥ ਅਧਿਆਪਕਾ ਬਬੀਤਾ, ਪੰਜਾਬੀ ਅਧਿਆਪਕਾ ਸੰਦੀਪ ਕੌਰ, ਮਾਸਟਰ ਅਰਸ਼ਦੀਪ, ਮਾਸਟਰ ਮੁਹੰਮਦ ਸ਼ਹਿਬਾਜ, ਮਾਸਟਰ ਗੁਰਵਿੰਦਰ ਸਿੰਘ ਸਮੇਤ ਹੋਰ ਸਟਾਫ ਮੈਂਬਰ ਮੌਜੂਦ ਸਨ। ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਪ੍ਰੋਗਰਾਮ ਦੀ ਸਮਾਪਤੀ ਕੀਤੀ ਗਈ।

## 'ਆਪਣਾ ਕਾਰੋਬਾਰ, ਆਪਣੀ ਪਹਿਚਾਣ' ਮੁਹਿੰਮ ਤਹਿਤ ਮਹਿਲਾ ਉੱਦਮੀਆਂ ਦਾ ਸਨਮਾਨ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਪੰਜਾਬ ਸਰਕਾਰ ਵੱਲੋਂ ਕਲਾ ਕੇਂਦਰ ਗੁਰਦਾਸਪੁਰ ਵਿੱਚ 'ਆਪਣਾ ਕਾਰੋਬਾਰ, ਆਪਣੀ ਪਹਿਚਾਣ' ਮੁਹਿੰਮ ਤਹਿਤ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਸਮਾਗਮ ਵਿੱਚ ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਆਪਣੇ ਉੱਦਮ ਨਾਲ ਸਮਾਜ ਵਿੱਚ ਮਿਸਾਲ ਬਣੀਆਂ ਸੈਂਕੜੇ ਮਹਿਲਾ ਉਦਮੀਆਂ ਨੂੰ ਪ੍ਰਸ਼ੰਸਾ ਪੱਤਰ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਰਮਨ ਬਹਿਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ ਆਰਥਿਕ ਤੌਰ ਤੇ ਮਜ਼ਬੂਤ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਸੈਲਫ ਹੈਲਪ ਗਰੁੱਪਾਂ ਰਾਹੀਂ ਔਰਤਾਂ ਨੂੰ ਆਪਣਾ ਕਾਰੋਬਾਰ ਸ਼ੁਰੂ ਕਰਨ ਲਈ ਵਧੀਆ ਪਲੇਟਫਾਰਮ ਮੁਹੱਈਆ ਕਰਵਾਇਆ ਗਿਆ ਹੈ।ਇਸ ਮੌਕੇ ਅਰਚਨਾ ਬਹਿਲ, ਐਡਵੋਕੇਟ ਸੁੱਚਾ ਸਿੰਘ ਮੁਲਤਾਨੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਸੁਗਰੀਵ ਕੁਮਾਰ, ਰਾਣੀ ਮਹਿਲਾ ਵਿੰਗ ਇੰਚਾਰਜ, ਡੀ. ਐੱਫ. ਐੱਮ ਵਰਿੰਦਰ ਸਿੰਘ, ਸਿਮਰਨਜੀਤ ਸਿੰਘ ਬੀ. ਐੱਮ.ਐੱਮ. ਬਲਾਕ ਇੰਚਾਰਜ ਵਿਨੇਤਾ ਸ਼ਰਮਾ, ਕੁਲਦੀਪ ਸਿੰਘ, ਮੈਡਮ ਜੋਤੀ ਸ਼ਰਮਾ, ਮੈਡਮ ਕਰਮਜੀਤ ਕੌਰ, ਸੁਪਰਡੈਂਟ ਗੁਰਮੇਲ ਸਿੰਘ ਪੰਚਾਇਤ ਦਫ਼ਤਰ ਗੁਰਦਾਸਪੁਰ ਅਤੇ ਸੋਸ਼ਲ ਵਰਕਰ ਯੁਵਿਕਾ ਆਦਿ ਹਾਜ਼ਰ ਸਨ।

# ਸੀ ਪੀ ਆਈ (ਐੱਮ) ਵੱਲੋਂ ਕੇਂਦਰੀ ਜਥਾ ਮਾਰਚ ਦਾ ਭਰਵਾਂ ਸਵਾਗਤ ਕੀਤਾ ਜਾਵੇਗਾ : ਝਬਾਲ



**ਝਬਾਲ (ਹਰਜਿੰਦਰ ਸਿੰਘ ਸੋਨੀ)** ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਪਿੰਡ ਕਲੇਰ ਮੀਟਿੰਗ ਸਤਨਾਮ ਸਿੰਘ ਕਲੇਰ ਦੀ ਪ੍ਰਧਾਨਗੀ ਹੇਠ ਹੋਈ।ਜਥੇਬੰਦੀ ਦੇ ਸੂਬਾਈ ਸਹਾਇਕ ਸਕੱਤਰ ਜਸਬੀਰ ਸਿੰਘ ਝਬਾਲ ਨੇ ਸੰਬੋਧਨ ਕਰਦਿਆਂ ਦੱਸਿਆ ਕਿ 11 ਮਾਰਚ ਨੂੰ ਸੀ ਪੀ ਆਈ ਐੱਮ ਦੇ ਕੇਂਦਰੀ ਜਥਾ ਮਾਰਚ ਜੋ ਗ਼ਦਰੀ ਦੇਸ਼ ਭਗਤਾਂ ਦੇ ਪਿੰਡ ਸੁਰਸਿੰਘ ਜ਼ਿਲ੍ਹਾ ਤਰਨ ਤਾਰਨ ਤੋਂ ਚੱਲੇਗਾ ਤੇ ਠੀਕ 3 ਵਜੇ ਦਿਨੇ ਜਲ੍ਹਿਆਂਵਾਲਾ ਬਾਗ਼ ਅੰਮ੍ਰਿਤਸਰ ਪਹੁੰਚੇਗਾ, ਜਿਥੇ ਜਥੇਬੰਦੀ ਦੇ ਵਰਕਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਜਾਵੇਗਾ।ਜਥਾ 11 ਮਾਰਚ ਤੋਂ 20 ਮਾਰਚ ਤੱਕ ਪੂਰੇ ਪੰਜਾਬ ਵਿੱਚ ਮਾਰਚ ਕਰੇਗਾ ਅਤੇ ਮੋਦੀ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ, ਮਨਰੇਗਾ ਵਿੱਚ ਬਦਲਾਅ ਕਰਕੇ ਮਜ਼ਦੂਰਾਂ ਦੀ ਕਿਰਤ ਕਰਨ ਦਾ ਕਾਨੂੰਨੀ ਹੱਕ ਖੋਹਣਾ ਅਤੇ ਲੇਬਰ ਕੋਡ ਦੇ 44 ਕਾਨੂੰਨ ਤੋੜ ਕੇ ਮਜ਼ਦੂਰਾਂ 'ਤੇ ਮਾਰੂ ਹਮਲਾ ਕੀਤਾ ਹੈ ਜਿਸ ਦਾ ਜ਼ੋਰਦਾਰ ਵਿਰੋਧ ਕੀਤਾ ਜਾਵੇਗਾ।ਮਜ਼ਦੂਰਾਂ ਨੂੰ ਆਪਣੇ ਹੱਕਾਂ ਦੀ ਰਾਖੀ ਲਈ 24 ਮਾਰਚ ਨੂੰ ਦਿੱਲੀ ਰੈਲੀ ਵਿੱਚ ਪਹੁੰਚਣ ਦਾ ਸੱਦਾ ਦਿੱਤਾ ਗਿਆ।

# ਸ਼ਮਸ਼ੇਰ ਸਿੰਘ ਵੱਲੋਂ ਵੱਖ-ਵੱਖ ਖੇਤਰਾਂ 'ਚ ਨਾਮਣਾ ਖੱਟਣ ਵਾਲੀਆਂ ਔਰਤਾਂ ਦਾ ਸਨਮਾਨ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਆਮ ਆਦਮੀ ਪਾਰਟੀ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਹਾੜੇ ਮੌਕੇ ਸੀਨੀਅਰ ਮਹਿਲਾ ਆਗੂ ਹਰਸ਼ਪ੍ਰਭਾ ਦੀ ਪ੍ਰਧਾਨਗੀ ਹੇਠ ਦੀਨਾਨਗਰ ਦੇ ਜੇਪੀ ਰਿਜ਼ੋਰਟ ਵਿਖੇ ਇਕ ਵਿਸ਼ੇਸ਼ ਸਨਮਾਨ ਸਮਾਗਮ ਕਰਵਾਇਆ ਗਿਆ।ਸਮਾਗਮ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਗਮ ਦੌਰਾਨ ਰਾਜਨੀਤਕ, ਸਮਾਜਿਕ ਅਤੇ ਸਵੈ-ਰੁਜ਼ਗਾਰ ਦੇ ਖੇਤਰ ਵਿੱਚ ਨਾਮਣਾ ਖੱਟਣ ਵਾਲੀਆਂ 100 ਤੋਂ ਵੱਧ ਮਹਿਲਾਵਾਂ ਨੂੰ ਸਨਮਾਨਿਤ ਕੀਤਾ ਗਿਆ।ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਮਹਿਲਾਵਾਂ ਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮਹਿਲਾਵਾਂ ਸਮਾਜ ਦੀ ਮਜ਼ਬੂਤ ਨੀਂਹ ਹਨ ਅਤੇ ਉਨ੍ਹਾਂ ਦੇ ਬਿਨਾਂ ਸਮਾਜ ਦੀ ਤਰੱਕੀ ਅਧੂਰੀ ਹੈ।ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਮਹਿਲਾਵਾਂ ਦੇ ਸਸ਼ਕਤੀਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਮਹਿਲਾਵਾਂ ਨੂੰ ਆਰਥਿਕ, ਸਮਾਜਿਕ ਅਤੇ ਸਿੱਖਿਆਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਕਈ ਲੋਕ-ਹਿਤੈਸ਼ੀ ਯੋਜਨਾਵਾਂ ਅਤੇ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਮਕਸਦ ਮਹਿਲਾਵਾਂ ਨੂੰ ਸਮਾਜ ਵਿਚ ਬਰਾਬਰੀ ਦਾ ਦਰਜਾ ਦੇਣਾ ਅਤੇ ਉਨ੍ਹਾਂ ਨੂੰ ਅੱਗੇ ਵੱਧਣ ਲਈ ਹਰ ਸੰਭਵ ਮੌਕਾ ਪ੍ਰਦਾਨ ਕਰਨਾ ਹੈ।ਉਨ੍ਹਾਂ ਨੇ ਸਮਾਗਮ ਵਿਚ ਮੌਜੂਦ ਮਹਿਲਾਵਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਅਧਿਕਾਰਾਂ ਬਾਰੇ ਜਾਗਰੂਕ ਰਹਿਣ ਅਤੇ ਆਪਣੇ ਹੌਸਲੇ ਅਤੇ ਕਾਬਲੀਅਤ ਨਾਲ ਸਮਾਜ ਵਿਚ ਆਪਣੀ ਮਜ਼ਬੂਤ ਪਛਾਣ ਬਣਾਉਣ।ਇਸ ਮੌਕੇ ਉਨ੍ਹਾਂ ਨੇ ਸਨਮਾਨਿਤ ਕੀਤੀਆਂ ਗਈਆਂ ਮਹਿਲਾਵਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀਆਂ ਉਪਲਬੱਧੀਆਂ ਹੋਰ ਮਹਿਲਾਵਾਂ ਲਈ ਪ੍ਰੇਰਨਾ ਦਾ ਸਰੋਤ ਹਨ।

ਇਸ ਮੌਕੇ ਜ਼ਿਲ੍ਹਾ ਅਟਾਰਨੀ ਮੈਡਮ ਨੀਲਮ, ਬਲਾਕ ਸੰਮਤੀ ਮੈਂਬਰ ਰੁਪਿੰਦਰ ਕੌਰ ਕੱਤੋਵਾਲ, ਬਲਾਕ ਸੰਮਤੀ ਮੈਂਬਰ ਕਾਜਲ ਪੱਖੋਵਾਲ, ਸੰਦੀਪ ਕੌਰ ਤਾਲਿਬਪੁਰ, ਜਤਿੰਦਰ ਕੌਰ ਅੰਜਲੀ, ਮੀਨੂ ਬਾਠਾਂਵਾਲਾ, ਮੀਨਾ ਕੁਮਾਰੀ ਮੱਟਮ, ਸ਼ਰੁਤੀ ਦੇਵੀ, ਪਰਮਜੀਤ ਕੌਰ ਨਿਆਮਤਾ, ਸਰਪੰਚ ਦਰਸ਼ਨਾ ਕੁਮਾਰੀ ਉਮਰਪੁਰ ਕਲਾਂ, ਸਰਪੰਚ ਅਨੁਰਾਧਾ ਉਮਰਪੁਰ ਖੁਰਦ, ਸਰਪੰਚ ਕੰਵਲਜੀਤ ਕੌਰ ਸੀਹੋਵਾਲ, ਅਨੁੰਬਾਲਾ ਬਾਲਾਪਿੰਡੀ, ਸਰਪੰਚ ਕਾਜਲ ਕੋਹਲੀਆਂ ਅਤੇ ਸੁਨੀਤਾ ਕਲੀਚਪੁਰ ਦੇ ਇਲਾਵਾ ਵੱਡੀ ਗਿਣਤੀ ਵਿੱਚ ਮਹਿਲਾਵਾਂ ਮੌਜੂਦ ਸਨ।

# ਪਿੰਡ ਪੱਛੀਆਂ ਦੀ ਸਾਧ ਸੰਗਤ ਨੇ ਮੇਲਾ ਸ਼੍ਰੀ ਚੋਲਾ ਸਾਹਿਬ ਮੌਕੇ ਲਗਾਇਆ ਲੰਗਰ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਰਹੱਦੀ ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਬਾਬਾ ਬੁੱਢਾ ਸਾਹਿਬ ਦੀ ਨਗਰੀ ਪਿੰਡ ਪੱਛੀਆਂ ਦੀ ਸਮੂਹ ਸਾਧ ਸੰਗਤ ਵੱਲੋਂ ਜਥੇਦਾਰ ਮਹਿੰਦਰ ਸਿੰਘ ਪੱਛੀਆਂ ਦੀ ਅਗਵਾਈ ਹੇਠ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅੰਗ ਬਸਤਰ ਸਲਾਨਾ ਜੋੜ ਮੇਲਾ ਸ਼੍ਰੀ ਚੋਲਾ ਸਾਹਿਬ ਮੌਕੇ ਦੇਸ਼ਾਂ ਵਿਦੇਸ਼ਾਂ ਤੋਂ ਪੁੱਜੀਆਂ ਸੰਗਤਾਂ ਲਈ ਡੇਰਾ ਬਾਬਾ ਨਾਨਕ ਦੇ ਸ਼ਹੀਦ ਸਿਪਾਹੀ ਅਮਨਦੀਪ ਸਿੰਘ (ਸੈਨਾ ਮੈਡਲ) ਕਮਿਊਨਿਟੀ ਹਾਲ ਸੈਨਿਕ ਸਦਨ ਵਿਖੇ ਲੰਗਰ ਲਗਾਇਆ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਲੰਗਰ ਕਮੇਟੀ ਦੇ ਮੁੱਖ ਸੇਵਾਦਾਰ ਮਹਿੰਦਰ ਸਿੰਘ ਅਤੇ ਜਗਜੀਤ ਸਿੰਘ ਪੱਛੀਆਂ ਨੇ ਦੱਸਿਆ ਕਿ ਸਾਡੇ ਪਿੰਡ ਦੀਆਂ ਸੰਗਤਾਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਬਕਾ ਸੈਨਿਕ ਸਦਨ ਡੇਰਾ ਬਾਬਾ ਨਾਨਕ ਵਿਖੇ 2 ਮਾਰਚ ਦਿਨ ਸੋਮਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਜਿਨ੍ਹਾਂ ਦੇ ਭੋਗ 4 ਮਾਰਚ ਦਿਨ ਬੁੱਧਵਾਰ ਨੂੰ ਪਾਏ ਗਏ। ਉਪਰੰਤ ਪਿੰਡ ਪੱਛੀਆਂ ਦੀਆਂ ਸੰਗਤਾਂ ਵੱਲੋਂ ਉਸ ਦਿਨ ਤੋਂ ਹੀ ਲੰਗਰਾਂ ਦੀ ਸੇਵਾ ਸ਼ੁਰੂ ਕਰ ਦਿੱਤੀ ਗਈ ਹੈ ਜੋ 8 ਮਾਰਚ ਦਿਨ ਐਤਵਾਰ ਤੱਕ ਜਾਰੀ ਰਹਿਣਗੇ।ਉਨ੍ਹਾਂ ਦੱਸਿਆ ਕਿ ਹਰ ਰੋਜ਼ ਵੱਖ-ਵੱਖ ਪ੍ਰਕਾਰ ਦੇ ਲੰਗਰ ਲਗਾਏ ਜਾ ਰਹੇ ਹਨ, ਜਿਸ ਵਿੱਚ ਸੰਗਤਾਂ ਲਈ ਹਰ ਰੋਜ਼ ਜਲੇਬੀਆਂ ਤੇ ਦੁੱਧ ਦੀ ਖੀਰ ਵੀ ਤਿਆਰ ਕੀਤੀ ਜਾਂਦੀ ਹੈ, ਜਿਸ ਨੂੰ ਸੰਗਤਾਂ ਵੱਲੋਂ ਵਾਹਿਗੁਰੂ ਦਾ ਨਾਮ ਜਪਣ ਉਪਰੰਤ ਬਹੁਤ ਹੀ ਸਤਿਕਾਰ ਨਾਲ ਛਕਿਆ ਜਾਂਦਾ ਹੈ। ਇਹ ਲੰਗਰ ਸਾਡੇ ਪਿੰਡ ਪੱਛੀਆਂ ਵਾਸੀਆਂ ਵੱਲੋਂ ਨਾਲ ਲੱਗਦੇ ਵੱਖ-ਵੱਖ ਪਿੰਡਾਂ ਦੇ ਲੋਕਾਂ ਦੇ ਸਹਿਯੋਗ ਨਾਲ ਚਲਾਇਆ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਇਹ ਲੰਗਰ ਕਰੀਬ 20 ਸਾਲਾਂ ਤੋਂ ਨਿਰੰਤਰ ਚੱਲ ਰਿਹਾ ਹੈ।ਇਸ ਮੌਕੇ ਮਹਿੰਦਰ ਸਿੰਘ, ਜਗਜੀਤ ਸਿੰਘ, ਕ੍ਰਿਸ਼ਨ ਗੋਪਾਲ, ਬਲਜੀਤ ਸਿੰਘ, ਗੁਰਪ੍ਰੀਤ ਸਿੰਘ, ਗੱਜਣ ਸਿੰਘ ਰਵਾਲ, ਸੁਰਿੰਦਰ ਸਿੰਘ ਬੱਦੋਵਾਲ, ਕਾਲਾ ਸਿੰਘ, ਗੁਰਪ੍ਰੀਤ ਸਿੰਘ, ਅਜੀਤ ਸਿੰਘ ਡੇਅਰੀ ਵਾਲ, ਨਿਰਪਾਲ ਸਿੰਘ, ਅਵਤਾਰ ਸਿੰਘ, ਸੁਖਮਨ ਪ੍ਰੀਤ ਸਿੰਘ, ਅਭੀਪ੍ਰੀਤ ਸਿੰਘ, ਭੁਪਿੰਦਰ ਸਿੰਘ, ਰਾਜਬੀਰ ਸਿੰਘ, ਅਜੀਤ ਸਿੰਘ, ਤਸਵੀਰ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

